Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-98888188887, 98888288887
weddingsea@gmail.com
seadesigncompany
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 125 Chief Editor : Chowdhary Prabhjit Singh, Editor : Chhatarpal Singh 98146-32807, Sunday 1 November 2026 Price : 2 Rs. Page : 6

ਪੰਜਾਬ ਨੂੰ ਆਰਥਿਕ ਪੱਖੋਂ ਮਜਬੂਤ ਕਰਨ ਲਈ ਯੋਜਨਾ ਤਿਆਰ: ਬਾਦਲ



ਪਟਿਆਲਾ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਵੱਲੋਂ ਸੂਬੇ ਅੰਦਰ 2027 ਦੀਆਂ ਚੋਣਾਂ ਦਾ ਬਿਗਲ ਵਜਾ ਦਿੱਤਾ ਹੈ ਜਿੱਥੇ ਉਹ ਹੁਣ ਤੋਂ ਹੀ ਪੰਜਾਬ ਦੀ ਹਰ ਵਰਗ ਨੂੰ ਪਾਰਟੀ ਨਾਲ ਜੋੜਨ ਵਿੱਚ ਲੱਗੇ ਹੋਏ ਹਨ ਤਾਂ ਜੋ ਆਉਣ ਵਾਲੇ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਉਪਰੰਤ ਪਿਛਲੇ 10 ਸਾਲਾਂ ਵਿੱਚ ਪੰਜਾਬ ਦਾ ਖਜ਼ਾਨੇ ਆਰਥਿਕ ਪੱਖੋਂ ਕਮਜ਼ੋਰ ਹੋ ਕੇ ਰਹਿ ਗਿਆ ਤਾਂ ਹੀ ਪੰਜਾਬ ਸਿਰ ਕਰਜੇ ਦੀ ਪੰਡ ਦਿਨੋ ਦਿਨ ਹੋਰ ਵੱਧਦੀ ਜਾ ਰਹੀ ਹੈ ਜਿਸ ਵੱਲ ਕਿਸੇ ਵੀ ਪਾਰਟੀ ਦਾ ਕੋਈ ਧਿਆਨ ਨਹੀਂ ਪਰ ਸ਼੍ਰੋਮਣੀ ਅਕਾਲੀ ਦਲ ਵੱਲੋਂ ਖਜਾਨੇ ਨੂੰ ਆਰਥਿਕ ਪੱਖੋਂ ਮਜਬੂਤ ਕਰਨ ਦੀ ਯੋਜਨਾ ਉਲੀਕੀ ਜਾ ਚੁੱਕੀ ਹੈ ਜਿਉਂ ਹੀ ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸਤਾ ਵਿੱਚ ਆਵੇਗੀ ਉਦੋਂ ਹੀ ਵਧਦੀ ਕਰਜੇ ਦੀ ਪੰਡ ਨੂੰ ਰੋਕੇਗਾ ਜਾਵੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਉਸ ਸਮੇਂ ਲੋਕਾਂ ਨਾਲ ਸਿੱਧੇ ਤੌਰ ਤੇ ਮਿਲਣ ਸਮੇਂ ਕੀਤਾ ਜਦੋਂ ਸਮਾਣਾ ਹਲਕਾ ਇੰਚਾਰਜ ਤੇ ਜਿਲ੍ਹਾ ਦਿਹਾਤੀ ਦੇ ਪ੍ਰਧਾਨ ਜਗਮੀਤ ਸਿੰਘ ਹਰਿਆਊ ਵੱਲੋਂ ਸਰੋਪੋ ਤੇ ਤਸਵੀਰ ਦੇ ਕੇ ਪਾਰਟੀ ਸੁਪਰੀਮੋ ਨੂੰ ਸਨਮਾਨਿਤ ਕੀਤਾ ਜਾ ਰਿਹਾ ਸੀ ਇਸ ਮੌਕੇ ਬਹਾਦਰ ਨੇ ਜਗਮੀਤ ਸਿੰਘ ਹਰਿਆਊ ਨੂੰ ਥਾਪੜਾ ਦਿੰਦੇ ਹੋਏ ਵਿਧਾਨ ਸਭਾ ਚੋਣਾਂ ਦੀ ਤਿਆਰੀ ਜੰਗੀ ਪੱਧਰ ਤੇ ਕਰਨ ਲਈ ਵੀ ਕਿਹਾ।

ਪੰਜਾਬ 'ਚ ਖਾਣਾ 45 ਮਿੰਟਾਂ 'ਚ, ਪਰ ਨਸ਼ਾ 20 ਮਿੰਟਾਂ 'ਚ ਘਰ ਪਹੁੰਚਦੈ: ਸਚਿਨ ਪਾਇਲਟ

ਨਵੀਂ ਦਿੱਲੀ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਦੇ ਕੌਮੀ ਜਨਰਲ ਸਕੱਤਰ ਅਤੇ ਪੰਜਾਬ ਇੰਚਾਰਜ ਸਚਿਨ ਪਾਇਲਟ ਨੇ ਸਪੱਸ਼ਟ ਕੀਤਾ ਹੈ ਕਿ ਕਾਂਗਰਸ ਕਿਸੇ ਇੱਕ ਚਿਹਰੇ ਜਾਂ ਕੁਝ ਆਗੂਆਂ 'ਤੇ ਨਿਰਭਰ ਪਾਰਟੀ ਨਹੀਂ ਹੈ। ਇੱਕ ਵਿਸ਼ੇਸ਼ ਇੰਟਰਵਿਊ ਵਿੱਚ ਪਾਇਲਟ ਨੇ ਪਾਰਟੀ ਵਿੱਚ ਅੰਦਰੂਨੀ ਧੜੇਬੰਦੀ ਦੇ ਦੋਸ਼ਾਂ ਨੂੰ ਖਾਰਜ ਕਰਦਿਆਂ ਇਸ ਨੂੰ 'ਚੰਗਾ ਮੁਕਾਬਲਾ' (healthy competition) ਕਰਾਰ ਦਿੱਤਾ।

ਪਾਰਟੀ ਦੇ ਸੂਬਾ ਪ੍ਰਧਾਨ ਪਰਗਟ ਸਿੰਘ ਦੀ ਮਿਸਾਲ ਦਿੰਦਿਆਂ ਉਨ੍ਹਾਂ ਕਿਹਾ ਕਿ ਕਾਂਗਰਸ ਟੀਮ ਭਾਵਨਾ ਨਾਲ ਚੋਣ ਮੈਦਾਨ ਵਿੱਚ ਉਤਰੇਗੀ। ਉਨ੍ਹਾਂ ਕਿਹਾ, ਕੈਪਟਨ ਉਦੋਂ ਹੀ ਮਜ਼ਬੂਤ ਹੁੰਦਾ ਹੈ ਜਦੋਂ ਉਸ ਦੀ ਟੀਮ ਉਸ ਦੇ ਨਾਲ ਹੋਵੇ। ਮੁੱਖ ਮੰਤਰੀ ਦੇ ਚਿਹਰੇ ਬਾਰੇ ਪਾਇਲਟ ਨੇ ਕਿਹਾ ਕਿ ਵਿਰੋਧੀ ਧਿਰ ਵਿੱਚ ਹੁੰਦਿਆਂ ਲੀਡਰਸ਼ਿਪ ਸਮੂਹਿਕ (collective) ਹੁੰਦੀ ਹੈ, ਜਿਸ ਵਿੱਚ ਵਿਰੋਧੀ ਧਿਰ ਦੇ ਨੇਤਾ, ਸੂਬਾ ਪ੍ਰਧਾਨ ਅਤੇ ਸੀਨੀਅਰ ਆਗੂ ਸ਼ਾਮਲ ਹੁੰਦੇ ਹਨ।

ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ 'ਤੇ ਬੋਲਦਿਆਂ



ਪਾਇਲਟ ਨੇ ਕਿਹਾ ਕਿ ਭਾਜਪਾ 'ਚ ਸ਼ਾਮਲ ਹੋਣਾ ਉਨ੍ਹਾਂ ਦਾ ਨਿੱਜੀ ਫੈਸਲਾ ਸੀ, ਪਰ ਉਹ ਉੱਥੇ ਖੁਸ਼ ਨਹੀਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਭਾਜਪਾ ਦੇ ਜ਼ਿਆਦਾਤਰ ਪ੍ਰਮੁੱਖ ਚਿਹਰੇ ਸਾਬਕਾ ਕਾਂਗਰਸੀ ਹੀ ਹਨ ਅਤੇ ਭਾਜਪਾ ਵਿੱਚ ਬਾਹਰੋਂ ਆਏ ਆਗੂਆਂ ਨੂੰ ਅਸਲ ਸਤਿਕਾਰ ਨਹੀਂ ਮਿਲਦਾ।

ਸਚਿਨ ਪਾਇਲਟ ਨੇ ਸੂਬੇ ਦੀ ਮੌਜੂਦਾ ਆਮ ਆਦਮੀ ਪਾਰਟੀ ਸਰਕਾਰ 'ਤੇ ਤਿੱਖੇ ਹਮਲੇ ਕੀਤੇ। ਉਨ੍ਹਾਂ ਦੋਸ਼ ਲਾਇਆ ਕਿ 'ਆਪ' ਨੇ 2022 ਵਿੱਚ ਮਿਲੇ 92 ਸੀਟਾਂ ਦੇ ਇਤਿਹਾਸਕ ਫਤਵੇ ਨੂੰ ਗਵਾ ਦਿੱਤਾ ਹੈ। ਪੰਜਾਬ ਵਿੱਚ ਨਸ਼ੇ ਦੀ ਸਮੱਸਿਆ ਦੀ ਭਿਆਨਕ ਤਸਵੀਰ ਪੇਸ਼ ਕਰਦਿਆਂ, ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਉਨ੍ਹਾਂ ਨੇ ਪੂਰੇ ਸੂਬੇ ਦਾ ਵਿਆਪਕ ਦੌਰਾ ਕੀਤਾ ਹੈ।

ਉਨ੍ਹਾਂ ਦਾਅਵਾ ਕੀਤਾ, ਜੇਕਰ ਤੁਸੀਂ ਘਰ ਜਾਂ ਪਿੰਡ ਵਿੱਚ ਬੈਠੇ ਹੋਵੋ, ਤਾਂ 'ਬਲਿੰਕਿਟ' ਜਾਂ 'ਜ਼ੋਮੈਟੋ' ਰਾਹੀਂ ਖਾਣਾ ਮੰਗਵਾਉਣ ਵਿੱਚ 45 ਮਿੰਟ ਲੱਗ ਜਾਂਦੇ ਹਨ, ਜਦਕਿ 'ਚਿੱਟਾ' ਅਤੇ ਹੋਰ ਨਸ਼ੇ 20 ਮਿੰਟਾਂ ਵਿੱਚ ਹੀ ਤੁਹਾਡੇ ਦਰਵਾਜ਼ੇ 'ਤੇ ਪਹੁੰਚ ਜਾਂਦੇ ਹਨ। ਭਾਵ ਨਸ਼ਿਆਂ ਦੀ 'ਹੋਮ ਡਿਲਿਵਰੀ' ਹੁੰਦੀ ਹੈ।

ਸੂਬੇ ਦੀ ਆਰਥਿਕ ਸਥਿਤੀ 'ਤੇ ਚਿੰਤਾ ਪ੍ਰਗਟਾਉਂਦਿਆਂ ਪਾਇਲਟ ਨੇ ਕਿਹਾ ਕਿ ਪੰਜਾਬ ਸਿਰ ਕਰਜ਼ਾ 2.5 ਲੱਖ ਕਰੋੜ ਤੋਂ ਵਧ ਕੇ 4.5 ਲੱਖ ਕਰੋੜ ਰੁਪਏ ਹੋ ਗਿਆ ਹੈ। ਉਦਯੋਗ ਅਤੇ ਨਿਵੇਸ਼ ਬਾਹਰ ਜਾ ਰਹੇ ਹਨ, ਫਿਰੌਤੀਆਂ ਲਈ ਧਮਕੀਆਂ ਮਿਲ ਰਹੀਆਂ ਹਨ ਅਤੇ ਨਸ਼ਿਆਂ ਨੇ ਸਮਾਜਿਕ ਤਾਣੇ-ਬਾਣੇ ਨੂੰ ਕਮਜ਼ੋਰ ਕਰ ਦਿੱਤਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਆਗਾਮੀ ਚੋਣਾਂ ਤਿਵੱਚ ਮੁੱਖ ਮੁਕਾਬਲਾ ਕਾਂਗਰਸ ਅਤੇ 'ਆਪ' ਵਿਚਕਾਰ ਹੀ ਹੋਵੇਗਾ। ਮਾਝਾ, ਦੋਆਬਾ ਅਤੇ ਮਾਲਵਾ ਵਿੱਚ ਕਾਂਗਰਸ ਦਾ ਵੋਟ ਬੈਂਕ ਪੂਰੀ ਤਰ੍ਹਾਂ ਮਜ਼ਬੂਤ ਹੈ ਅਤੇ ਜਨਤਾ ਹੁਣ ਬਦਲਾਅ ਚਾਹੁੰਦੀ ਹੈ।

'ਆਪ' ਵੱਲੋਂ 40 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ; ਭਗਵੰਤ ਮਾਨ ਧੂਰੀ ਤੋਂ ਅਤੇ ਸਪੀਕਰ ਕੁਲਤਾਰ ਸੰਧਵਾਂ ਕੋਟਕਪੂਰਾ ਤੋਂ ਉਮੀਦਵਾਰ

ਨਵੀਂ ਸੂਚੀ 'ਚ ਮੌਜੂਦਾ 40 ਪਾਰਟੀ ਵਿਧਾਇਕਾਂ ਨੂੰ ਮੁੜ ਉਮੀਦਵਾਰ ਬਣਾਇਆ

ਚੰਡੀਗੜ੍ਹ 31 ਅਕਤੂਬਰ
-ਛਤਰਪਾਲ ਸਿੰਘ-

ਆਮ ਆਦਮੀ ਪਾਰਟੀ ਨੇ ਅਗਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ 40 ਉਮੀਦਵਾਰਾਂ ਦੀ ਪਹਿਲੀ ਸੂਚੀ ਐਲਾਨ ਦਿੱਤੀ ਹੈ। ਜਾਰੀ ਸੂਚੀ ਅਨੁਸਾਰ ਮੁੱਖ ਮੰਤਰੀ ਭਗਵੰਤ ਮਾਨ ਅਸੈਂਬਲੀ ਹਲਕਾ ਧੂਰੀ ਤੋਂ ਚੋਣ ਲੜਨਗੇ ਜਦੋਂ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਕੋਟਕਪੂਰਾ ਤੋਂ ਚੋਣ ਮੈਦਾਨ 'ਚ ਉੱਤਰਨਗੇ। ਮੁੱਖ ਮੰਤਰੀ ਭਗਵੰਤ ਮਾਨ ਨੂੰ ਮੁੜ ਧੂਰੀ ਤੋਂ ਉਮੀਦਵਾਰ ਬਣਾਏ ਜਾਣ ਨਾਲ ਉਨ੍ਹਾਂ ਸਿਆਸੀ ਚਰਚਾਵਾਂ ਨੂੰ ਬਰੇਕ ਲੱਗ ਗਈ ਹੈ ਜਿਨ੍ਹਾਂ 'ਚ ਮੁੱਖ ਮੰਤਰੀ ਵੱਲੋਂ ਹਲਕਾ ਬਦਲੇ ਜਾਣ ਦੀ ਗੱਲ ਕਹੀ ਜਾ ਰਹੀ ਸੀ।



ਨਵੀਂ ਸੂਚੀ 'ਚ ਮੌਜੂਦਾ 40 ਪਾਰਟੀ ਵਿਧਾਇਕਾਂ ਨੂੰ ਮੁੜ ਉਮੀਦਵਾਰ ਬਣਾਇਆ ਹੈ ਜਿਨ੍ਹਾਂ 'ਚ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੂੰ ਮੁੜ ਲੁਧਿਆਣਾ ਪੱਛਮੀ ਤੋਂ ਉਮੀਦਵਾਰ ਐਲਾਨਿਆ ਹੈ। ਚਾਰ ਮੌਜੂਦਾ ਮਹਿਲਾ ਵਿਧਾਇਕਾਂ ਨੂੰ ਵੀ ਮੁੜ ਚੋਣ ਮੈਦਾਨ 'ਚ ਉਤਾਰਿਆ ਜਾਣਾ ਹੈ ਜਿਸ 'ਚ ਮੋਗਾ ਤੋਂ ਡਾ. ਅਮਨਦੀਪ ਕੌਰ ਅਰੋੜਾ, ਨਕੋਦਰ ਤੋਂ ਇੰਦਰਜੀਤ ਕੌਰ ਮਾਨ, ਬਲਾਚੌਰ ਤੋਂ ਸੰਤੋਸ਼ ਕਟਾਰੀਆ ਅਤੇ ਤਲਵੰਡੀ ਸਾਬੋ ਤੋਂ ਬਲਜਿੰਦਰ ਕੌਰ ਦਾ ਨਾਮ ਸ਼ਾਮਲ ਹੈ।

ਨਵੀਂ ਸੂਚੀ ਮਾਝੇ ਦੀਆਂ ਪੰਜ ਸੀਟਾਂ, ਦੁਆਬੇ ਦੀਆਂ 8 ਅੱਠ ਸੀਟਾਂ ਅਤੇ ਮਾਲਵੇ ਦੀਆਂ 27 ਸੀਟਾਂ ਤੋਂ ਉਮੀਦਵਾਰ ਐਲਾਨੇ ਗਏ ਹਨ।

ਪੰਜਾਬ ਵਿਧਾਨ ਸਭਾ ਚੋਣਾਂ ਲਈ ਉਮੀਦਵਾਰਾਂ ਦੀ ਪਹਿਲੀ ਸੂਚੀ ਐਲਾਨ ਕੇ ਆਮ ਆਦਮੀ ਪਾਰਟੀ ਨੇ ਪਹਿਲ ਕਰ ਦਿੱਤੀ ਹੈ। ਪਹਿਲੀ ਸੂਚੀ 'ਚ ਮੁੱਖ ਮੰਤਰੀ ਭਗਵੰਤ ਮਾਨ ਦਾ ਨਾਮ ਪ੍ਰਮੁੱਖ ਹੈ ਜਿਨ੍ਹਾਂ ਨੇ ਹਲਕਾ ਧੂਰੀ ਤੋਂ 2022 'ਚ ਕਾਂਗਰਸ ਪਾਰਟੀ ਦੇ ਉਮੀਦਵਾਰ ਦਲਬੀਰ ਸਿੰਘ ਗੋਲਡੀ ਨੂੰ 58,206 ਵੋਟਾਂ ਦੇ ਫ਼ਰਕ ਨਾਲ ਹਰਾ ਕੇ ਚੋਣ ਜਿੱਤੀ ਸੀ।

ਅੱਜ ਪਹਿਲੀ ਸੂਚੀ ਦੇ ਐਲਾਨ ਤੋਂ ਪਹਿਲਾਂ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਪ੍ਰਧਾਨਗੀ ਹੇਠ ਪਾਰਟੀ ਦੀ ਸਿਆਸੀ ਮਾਮਲਿਆਂ ਬਾਰੇ ਕਮੇਟੀ ਦੀ ਮੀਟਿੰਗ ਹੋਈ ਜਿਸ 'ਚ ਪਾਰਟੀ ਉਮੀਦਵਾਰਾਂ ਦੀ ਪਹਿਲੀ ਸੂਚੀ 'ਤੇ ਮੋਹਰ ਲਗਾਈ ਗਈ। ਮੀਟਿੰਗ 'ਚ ਮੁੱਖ ਮੰਤਰੀ ਭਗਵੰਤ ਮਾਨ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆਂ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਹਾਜ਼ਰ ਸਨ। ਲੰਘੇ ਕੱਲ੍ਹ ਪਾਰਟੀ ਨੇ 117 ਹਲਕਿਆਂ ਲਈ ਉਮੀਦਵਾਰਾਂ ਦੇ ਨਾਵਾਂ 'ਤੇ ਮੰਥਨ ਕੀਤਾ ਸੀ। ਪਹਿਲੀ ਸੂਚੀ 'ਚ ਸੰਜੀਵ ਅਰੋੜਾ ਨੂੰ ਛੱਡ ਕੇ ਕੈਬਨਿਟ ਵਜ਼ੀਰਾਂ ਦੇ ਨਾਮ ਹਾਲੇ ਬਾਹਰ ਰੱਖੇ ਗਏ ਹਨ। ਸੰਜੀਵ ਅਰੋੜਾ ਇਸ ਵੇਲੇ ਜੇਲ੍ਹ 'ਚ ਹਨ।

ਦੱਸਣਯੋਗ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਜੋ ਨਵੇਂ ਕਰੀਬ 19 ਹਲਕਾ ਇੰਚਾਰਜ ਲਗਾਏ ਗਏ ਹਨ, ਉਨ੍ਹਾਂ ਦਾ ਐਲਾਨ ਦੂਜੀ ਸੂਚੀ 'ਚ ਹੋਣ ਦੀ ਸੰਭਾਵਨਾ ਹੈ। ਇਸ ਵੇਲੇ 'ਆਪ' ਦੇ 117 ਮੈਂਬਰੀ ਪੰਜਾਬ ਵਿਧਾਨ ਸਭਾ ਵਿੱਚ 94 ਵਿਧਾਇਕ ਹਨ।

ਪੈਕਫੈਸਟ 2026 ਦੀ ਸ਼ੁਰੂਆਤ: ਪੰਜਾਬ ਇੰਜੀਨੀਅਰਿੰਗ ਕਾਲਜ ਵਿੱਚ ਨਵੀਨਤਾ, ਸੱਭਿਆਚਾਰ ਅਤੇ ਸ਼ਾਨੋ-ਸ਼ੌਕਤ ਦਾ ਸੰਗਮ

ਚੰਡੀਗੜ੍ਹ, 31 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਇੰਜੀਨੀਅਰਿੰਗ ਕਾਲਜ, ਚੰਡੀਗੜ੍ਹ (ਡੀਮਡ ਟੂ ਬੀ ਯੂਨੀਵਰਸਿਟੀ) ਨੇ ਆਪਣੇ ਸਾਲਾਨਾ ਤਕਨੀਕੀ-ਸੱਭਿਆਚਾਰਕ ਤਿਉਹਾਰ, ਪੈਕਫੈਸਟ 2026: ਏ ਮਿਸਟਿਕ ਮਿਕਾਡੋ (PECFEST B@BF: A Mystic Mikado) ਦੀ ਸ਼ੁਰੂਆਤ ਤਕਨੀਕੀ ਨਵੀਨਤਾ, ਸੱਭਿਆਚਾਰਕ ਪ੍ਰਗਟਾਵੇ ਅਤੇ ਵਿਦਿਆਰਥੀਆਂ ਦੀ ਭਰਪੂਰ ਸ਼ਮੂਲੀਅਤ ਦੇ ਇੱਕ ਰੋਮਾਂਚਕ ਸੰਗਮ ਨਾਲ ਕੀਤੀ। ਤਿੰਨ ਦਿਨਾਂ ਤੱਕ ਚੱਲਣ ਵਾਲੇ ਇਸ ਸ਼ਾਨਦਾਰ ਸਮਾਗਮ ਨੇ ਰਚਨਾਤਮਕਤਾ, ਪ੍ਰਤਿਭਾ ਅਤੇ ਆਪਸੀ ਸਹਿਯੋਗ ਦੇ ਉਤਸਵ ਲਈ ਵਿਦਿਆਰਥੀਆਂ, ਸੰਸਥਾਵਾਂ ਅਤੇ ਪ੍ਰਮੁੱਖ ਸ਼ਖਸੀਅਤਾਂ ਨੂੰ ਇੱਕ ਮੰਚ 'ਤੇ ਇਕੱਠਾ ਕੀਤਾ ਹੈ।

ਇਸ ਤਿਉਹਾਰ ਦਾ ਇੱਕ ਮੁੱਖ ਆਕਰਸ਼ਣ 'ਡਿਫੈਂਸ ਐਕਸਪੋ' (ਰੱਖਿਆ ਪ੍ਰਦਰਸ਼ਨੀ) ਰਿਹਾ, ਜਿਸ ਵਿੱਚ ਨੈਸ਼ਨਲ ਡਿਸਾਸਟਰ ਰਿਸਪਾਂਸ ਫੋਰਸ (NDRF), ਸੈਂਟਰਲ ਰਿਜ਼ਰਵ ਪੁਲਿਸ ਫੋਰਸ (CRPF), ਇੰਡੋ-ਤਿੱਬਤੀਅਨ ਬਾਰਡਰ ਪੁਲਿਸ (ITBP), ITBP 50ਵੀਂ ਬਟਾਲੀਅਨ ਅਤੇ ਸੈਂਟਰਲ ਕਮਾਂਡ, SCL ਮੋਹਾਲੀ, ਨੈਸ਼ਨਲ ਸਾਇੰਸ ਸੈਂਟਰ (ਦਿੱਲੀ), DGRE (DRDO), ਐਨ.ਸੀ.ਸੀ. ਨੇਵਲ ਵਿੰਗ, ਐਨ.ਸੀ.ਸੀ. ਏਅਰ ਫੋਰਸ ਵਿੰਗ, CSIR-IMT538 ਅਤੇ ਇੰਡੀਆ ਆਪਟੇਲ ਸਮੇਤ ਕਈ ਪ੍ਰਮੁੱਖ ਰਾਸ਼ਟਰੀ ਸੰਗਠਨਾਂ ਅਤੇ ਰੱਖਿਆ ਅਦਾਰਿਆਂ ਨੇ ਹਿੱਸਾ ਲਿਆ। ਇਸ ਪ੍ਰਦਰਸ਼ਨੀ ਨੇ ਵਿਦਿਆਰਥੀਆਂ ਨੂੰ ਇਨ੍ਹਾਂ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕਰਨ ਅਤੇ ਭਾਰਤ ਦੀਆਂ ਰੱਖਿਆ ਸਮਰੱਥਾਵਾਂ, ਵਿਗਿਆਨਕ ਤਰੱਕੀ ਅਤੇ ਸੰਸਥਾਗਤ ਯੋਗਦਾਨ ਬਾਰੇ ਨੇੜਿਓਂ ਜਾਣਨ ਦਾ ਇੱਕ ਵਧੀਆ ਮੌਕਾ ਦਿੱਤਾ। ਇਸ ਦੌਰਾਨ ਹਾਜ਼ਰ ਰਹੇ ਪ੍ਰਮੁੱਖ ਨੁਮਾਇੰਦਿਆਂ ਵਿੱਚ ਸ਼੍ਰੀ ਹੇਮ ਪੁਸ਼ਪ ਸ਼ਰਮਾ (ਸੈਕੰਡ-ਇਨ-ਕਮਾਂਡ, CRPF), ਸ਼੍ਰੀ ਅਮਨ ਦੀਪ (ਡਿਪਟੀ ਕਮਾਂਡੈਂਟ, CRPF), ਸ਼੍ਰੀ ਅਜੀਤ ਅਗਸਤੀਨ ਬੈਨੀ (ਅਸਿਸਟੈਂਟ ਕਮਾਂਡੈਂਟ, ITBP), ਸ਼੍ਰੀ ਅਭਿਮਨਿਊ ਸਿੰਘ (ਅਸਿਸਟੈਂਟ ਕਮਾਂਡੈਂਟ, CRPF), ਸ਼੍ਰੀ ਕ੍ਰਿਸ਼ਨ ਕੁਮਾਰ (ਇੰਸਪੈਕਟਰ-ਤਕਨੀਕੀ, CRPF), ਸ਼੍ਰੀ ਰੋਹਿਤ ਕੁਮਾਰ (ਇੰਸਪੈਕਟਰ, ITBP) ਅਤੇ ਸ਼੍ਰੀ ਆਸ਼ਿਤ ਕੁਮਾਰ (ਇੰਸਪੈਕਟਰ, NDRF) ਸ਼ਾਮਲ ਸਨ।

ਪੈਕ ਆਡੀਟੋਰੀਅਮ ਵਿੱਚ ਦੁਪਹਿਰ 3:00 ਵਜੇ ਹੋਏ ਰਸਮੀ ਉਦਘਾਟਨ ਸਮਾਰੋਹ ਵਿੱਚ ਅਨੰਤ ਰਾਜ ਲਿਮਿਟਡ ਦੇ ਚੀਫ਼ ਸੇਲਜ਼ ਆਫ਼ੀਸਰ ਸ਼੍ਰੀ ਵਰੁਣ ਖੁੱਲਰ ਨੇ ਮੁੱਖ ਹਿਮਾਨ ਵਜੋਂ ਸ਼ਿਰਕਤ ਕੀਤੀ, ਜਦੋਂ ਕਿ ਪੰਜਾਬ ਇੰਜੀਨੀਅਰਿੰਗ ਕਾਲਜ ਦੇ ਉਪ-ਕੁਲਪਤੀ (ਵਾਈਸ ਚਾਂਸਲਰ) ਪ੍ਰੋ. ਭੋਲਾ ਰਾਮ ਗੁਰਜਰ ਵੀ ਉਨ੍ਹਾਂ ਨਾਲ ਮੌਜੂਦ ਸਨ। ਇਸ ਮੌਕੇ ਪ੍ਰੋ. ਰਾਜੇਸ਼ ਕੁਮਾਰ ਭਾਟੀਆ, ਪ੍ਰੋ. ਪੁਨੀਤ ਚਾਵਲਾ (ਡੀਨ ਸਟੂਡੈਂਟ ਅਫੇਅਰਜ਼) ਅਤੇ ਪ੍ਰੋ. ਸ਼ੋਭਨਾ (ਰਜਿਸਟਰਾਰ) ਦੇ ਨਾਲ-ਨਾਲ ਹੋਰ ਉੱਘੀਆਂ ਸ਼ਖਸੀਅਤਾਂ ਅਤੇ ਉਦਯੋਗ ਜਗਤ ਦੇ ਨੁਮਾਇੰਦੇ ਵੀ ਹਾਜ਼ਰ ਸਨ। ਉਦਘਾਟਨ ਸਮਾਰੋਹ ਦੀ ਸ਼ੁਰੂਆਤ ਰਵਾਇਤੀ ਸ਼ਮ੍ਹਾਂ ਰੌਸ਼ਨ ਕਰਕੇ, ਸੱਭਿਆਚਾਰਕ ਪੇਸ਼ਕਾਰੀਆਂ, ਤਿਉਹਾਰ ਦੀ ਆਫਟਰਮੂਵੀ (ਝਲਕੀਆਂ) ਅਤੇ ਵਿਸ਼ੇਸ਼ ਮਹਿਮਾਨਾਂ ਦੇ ਸਨਮਾਨ ਨਾਲ ਹੋਈ, ਜਿਸ ਤੋਂ ਬਾਅਦ ਸਾਈਕਲੋਥਾਨ ਦੇ ਜੇਤੂਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਪੈਕ (PEC) ਦੇ ਵਾਈਸ ਚਾਂਸਲਰ ਨੇ ਸੰਸਥਾਗਤ ਉਤਸ਼ਾਹ, ਵਿਦਿਆਰਥੀਆਂ ਦੀ ਪਹਿਲਕਦਮੀ ਅਤੇ ਸਰਵਪੱਖੀ ਵਿਕਾਸ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਮੁੱਖ ਮਹਿਮਾਨ ਨੇ ਨਵੀਨਤਾ, ਲੀਡਰਸ਼ਿਪ ਅਤੇ ਭਵਿੱਖ ਦੇ ਪੇਸ਼ੇਵਰਾਂ ਨੂੰ ਘੜਨ ਵਿੱਚ ਵਿਹਾਰਕ ਸਿੱਖਿਆ ਦੀ ਭੂਮਿਕਾ ਬਾਰੇ ਗੱਲ ਕੀਤੀ। ਡੀਨ ਸਟੂਡੈਂਟ ਅਫੇਅਰਜ਼ ਪ੍ਰੋ. ਪੁਨੀਤ ਚਾਵਲਾ ਨੇ ਵੀ ਸਭਾ ਨੂੰ ਸੰਬੋਧਨ ਕਰਦਿਆਂ ਵਿਦਿਆਰਥੀਆਂ ਦੀ ਭਾਗੀਦਾਰੀ ਅਤੇ ਕੈਂਪਸ ਲਾਈਫ ਵਿੱਚ ਪਾਠਕ੍ਰਮ ਤੋਂ ਬਾਹਰੀ ਗਤੀਵਿਧੀਆਂ ਦੀ ਮਹੱਤਤਾ ਨੂੰ ਰੇਖਾਂਕਿਤ ਕੀਤਾ।

ਤਿਉਹਾਰ ਦੇ ਪਹਿਲੇ ਦਿਨ ਤਕਨੀਕੀ, ਸਾਹਿਤਕ, ਰਚਨਾਤਮਕ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਦੀ ਇੱਕ ਵੱਡੀ ਲੜੀ ਦੇਖਣ ਨੂੰ ਮਿਲੀ। ਤਕਨੀਕੀ ਮੁਕਾਬਲਿਆਂ ਵਿੱਚ ASCE ਬਿਲਡ-ਆਫ, ਬਲਾਇੰਡ ਕੋਡ, ਕੈਡਵੈਂਚਰ (CADventure), ਰੋਬੋਵਾਰਸ, ਐਸਕੇਪ ਗ੍ਰੈਵਿਟੀ, ਐਰੋ ਮਾਡਲਿੰਗ ਅਤੇ ਰੀਫੋਰਜ ਸ਼ਾਮਲ ਸਨ; ਜਦੋਂ ਕਿ ਯੂਥ ਪਾਰਲੀਮੈਂਟ, ਫੇਕ ਨਿਊਜ਼, ਚੱਕਰਵਿਊ, ਮਾਈਂਡ ਆਨ ਟ੍ਰਾਇਲ ਅਤੇ ਨੁੱਕੜ ਨਾਟਕ ਵਰਗੇ ਸਾਹਿਤਕ ਅਤੇ ਬੌਧਿਕ ਸਮਾਗਮਾਂ ਨੇ ਆਲੋਚਨਾਤਮਕ ਸੋਚ ਅਤੇ ਪ੍ਰਗਟਾਵੇ ਨੂੰ ਉਤਸ਼ਾਹਿਤ ਕੀਤਾ। ਸੱਭਿਆਚਾਰਕ ਪ੍ਰੋਗਰਾਮਾਂ ਵਿੱਚ ਸੋਲੋ ਇੰਸਟਰੂਮੈਂਟਲ, ਸੋਲੋ ਸਿੰਗਿੰਗ, ਓਪਨ ਮਾਈਕ, ਮੋਨੋਲੋਗ, ਮੈਜਿਕ ਸ਼ੋਅ, ਮੇਸ਼ਮਰਾਈਜ਼, ਦ ਥੀਕ (Theque) ਅਤੇ ਗਰੂਵਜ਼ (Groovz) ਦਾ ਜਾਦੂ ਬਿਖਰਿਆ।

200 ਕਰੋੜ ਦੀ ਕਥਿਤ ਠੱਗੀ ਮਾਮਲੇ 'ਚ ਨੋਰਾ ਫਤੇਹੀ ਨੂੰ ਅਦਾਲਤ ਦਾ ਸੰਮਨ, 2 ਨਵੰਬਰ ਨੂੰ ਗਵਾਹ ਵਜੋਂ ਹੋਣਗੇ ਪੇਸ਼

ਨਵੀਂ ਦਿੱਲੀ, 31 ਅਕਤੂਬਰ
-ਚੌਧਰੀ ਪ੍ਰਭਜੀਤ ਸਿੰਘ-

: ਬਾਲੀਵੁੱਡ ਅਦਾਕਾਰਾ ਨੋਰਾ ਫਤੇਹੀ ਨੂੰ ਲਗਭਗ 200 ਕਰੋੜ ਰੁਪਏ ਦੀ ਕਥਿਤ ਠੱਗੀ ਅਤੇ ਮਨੀ ਲਾਂਡਰਿੰਗ ਨਾਲ ਜੁੜੇ ਮਾਮਲੇ ਵਿੱਚ ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਨੇ ਸੰਮਨ ਜਾਰੀ ਕੀਤਾ ਹੈ। ਅਦਾਲਤ ਨੇ ਉਨ੍ਹਾਂ ਨੂੰ 2 ਨਵੰਬਰ 2026 ਨੂੰ ਪੇਸ਼ ਹੋ ਕੇ ਆਪਣਾ ਬਿਆਨ ਦਰਜ ਕਰਵਾਉਣ ਲਈ ਕਿਹਾ ਹੈ। ਇਸ ਮਾਮਲੇ ਵਿੱਚ ਨੋਰਾ ਨੂੰ ਮੁਲਜ਼ਮ ਵਜੋਂ ਨਹੀਂ, ਸਗੋਂ ਸਰਕਾਰੀ ਗਵਾਹ ਵਜੋਂ ਬੁਲਾਇਆ ਗਿਆ ਹੈ। ਨੋਰਾ ਫਤੇਹੀ ਦਾ ਨਾਮ ਦਿੱਲੀ ਪੁਲਸ ਦੀ ਆਰਥਿਕ ਅਪਰਾਧ ਸ਼ਾਖਾ (EOW) ਵੱਲੋਂ ਦਾਇਰ ਕੀਤੀ ਗਈ ਤੀਜੀ ਪੂਰਕ ਚਾਰਜਸ਼ੀਟ ਵਿੱਚ ਗਵਾਹ ਵਜੋਂ ਸ਼ਾਮਲ ਹੈ। ਅਦਾਲਤ ਵਿੱਚ ਉਨ੍ਹਾਂ ਨੂੰ ਇਸ ਮਾਮਲੇ ਨਾਲ ਸਬੰਧਤ ਜਾਣਕਾਰੀ ਅਤੇ ਘਟਨਾਵਾਂ ਬਾਰੇ ਆਪਣਾ ਪੱਖ ਰੱਖਣਾ ਹੋਵੇਗਾ। ਇਸ ਤੋਂ ਪਹਿਲਾਂ ਜਨਵਰੀ 2023 ਵਿੱਚ ਦਾਇਰ ਪੂਰਕ ਚਾਰਜਸ਼ੀਟ ਵਿੱਚ ਵੀ ਨੋਰਾ ਫਤੇਹੀ ਅਤੇ ਅਦਾਕਾਰਾ ਜੈਕਲਿਨ



ਫਰਨਾਂਡੀਜ਼ ਦੇ ਨਾਮ ਗਵਾਹਾਂ ਵਜੋਂ ਦਰਜ ਕੀਤੇ ਗਏ ਸਨ।

ਅਦਿਤੀ ਸਿੰਘ ਦੀ ਸ਼ਿਕਾਇਤ ਤੋਂ ਬਾਅਦ ਸਾਹਮਣੇ ਆਇਆ ਸੀ ਮਾਮਲਾ

ਇਹ ਕਥਿਤ ਧੋਖਾਧੜੀ ਦਾ ਮਾਮਲਾ ਫੋਰਟਿਸ ਹੈਲਥਕੇਅਰ ਦੇ ਸਾਬਕਾ ਪ੍ਰਮੋਟਰ ਸ਼ਵਿੰਦਰ ਸਿੰਘ ਦੀ ਪਤਨੀ ਅਦਿਤੀ ਸਿੰਘ ਦੀ ਸ਼ਿਕਾਇਤ ਤੋਂ ਬਾਅਦ ਜਾਂਚ ਦੇ ਘੇਰੇ ਵਿੱਚ ਆਇਆ ਸੀ। ਸ਼ਿਕਾਇਤ ਅਨੁਸਾਰ, ਸੁਕੇਸ਼ ਚੰਦਰਸ਼ੇਖਰ ਨੇ ਜੇਲ੍ਹ ਵਿੱਚ ਰਹਿੰਦਿਆਂ ਆਪਣੇ ਆਪ ਨੂੰ ਸਰਕਾਰੀ ਅਧਿਕਾਰੀ ਦੱਸ ਕੇ ਅਦਿਤੀ ਸਿੰਘ ਨਾਲ ਸੰਪਰਕ ਕੀਤਾ ਸੀ। ਦੋਸ਼ ਹੈ ਕਿ ਸੁਕੇਸ਼ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਸੀ ਕਿ ਉਹ ਉਨ੍ਹਾਂ ਦੇ ਪਤੀ ਨੂੰ ਜੇਲ੍ਹ ਤੋਂ ਰਿਹਾਅ ਕਰਵਾਉਣ ਵਿੱਚ ਮਦਦ ਕਰ ਸਕਦਾ ਹੈ। ਇਸ ਬਹਾਨੇ ਕਥਿਤ ਤੌਰ 'ਤੇ ਲਗਭਗ 200 ਕਰੋੜ ਰੁਪਏ ਦੀ ਰਕਮ ਹਾਸਲ ਕੀਤੀ ਗਈ। ਜਾਂਚ ਦੌਰਾਨ ਇਸ ਮਾਮਲੇ ਵਿੱਚ ਹੋਰ ਵਿਅਕਤੀਆਂ ਦੀ ਭੂਮਿਕਾ ਵੀ ਸਾਹਮਣੇ ਆਈ।

ਮਹਿੰਗੇ ਤੋਹਫ਼ਿਆਂ ਅਤੇ BMW ਕਾਰ ਦੀ ਪੇਸ਼ਕਸ਼ ਦਾ ਮਾਮਲਾ

ਜਾਂਚ ਏਜੰਸੀਆਂ ਅਨੁਸਾਰ, ਸੁਕੇਸ਼ ਚੰਦਰਸ਼ੇਖਰ ਨੇ ਅਦਾਕਾਰਾਵਾਂ ਨਾਲ ਸੰਪਰਕ ਬਣਾਉਣ ਲਈ ਪਿੰਕੀ ਈਰਾਨੀ ਦੀ ਮਦਦ ਲਈ ਸੀ। ਦੋਸ਼ ਹੈ ਕਿ ਪਿੰਕੀ ਨੇ ਸੁਕੇਸ਼ ਦੀ ਪਛਾਣ ਅਤੇ ਪ੍ਰਭਾਵ ਬਾਰੇ ਜਾਣਕਾਰੀ ਦੇ ਕੇ ਉਸ ਦੀਆਂ ਮੁਲਾਕਾਤਾਂ ਕਰਵਾਈਆਂ ਸਨ। ਸਤੰਬਰ 2022 ਵਿੱਚ ਦਿੱਲੀ ਪੁਲਸ ਦੀ EOW ਨੇ ਨੋਰਾ ਫਤੇਹੀ ਤੋਂ ਕਈ ਘੰਟਿਆਂ ਤੱਕ ਪੁੱਛਗਿੱਛ ਕੀਤੀ ਸੀ। ਪੁੱਛਗਿੱਛ ਦੌਰਾਨ ਨੋਰਾ ਨੇ ਦੱਸਿਆ ਸੀ ਕਿ ਉਹ ਸੁਕੇਸ਼ ਦੀ ਪਤਨੀ ਲੀਨਾ ਮਾਰੀਆ ਪਾਲ ਵੱਲੋਂ ਕਰਵਾਏ ਗਏ ਇੱਕ ਚੈਰਿਟੀ ਸਮਾਗਮ ਵਿੱਚ ਸ਼ਾਮਲ ਹੋਈ ਸੀ, ਜਿੱਥੇ ਉਨ੍ਹਾਂ ਨੂੰ ਕਥਿਤ ਤੌਰ 'ਤੇ ਗੁਚੀ ਦਾ ਬੈਗ ਅਤੇ ਆਈਫੋਨ ਤੋਹਫ਼ੇ ਵਜੋਂ ਮਿਲੇ ਸਨ। ਇਸ ਤੋਂ ਬਾਅਦ ਉਨ੍ਹਾਂ ਦੀ ਗੱਲਬਾਤ ਸੁਕੇਸ਼ ਨਾਲ ਕਰਵਾਈ ਗਈ। ਸੁਕੇਸ਼ ਨੇ ਆਪਣੇ ਆਪ ਨੂੰ ਨੋਰਾ ਦਾ ਪ੍ਰਸ਼ੰਸਕ ਦੱਸਦਿਆਂ ਉਨ੍ਹਾਂ ਨੂੰ BMW ਕਾਰ ਦੇਣ ਦੀ ਪੇਸ਼ਕਸ਼ ਕੀਤੀ ਸੀ। ਕਾਰ ਸਬੰਧੀ ਸ਼ੇਖਰ ਨਾਮ ਦੇ ਵਿਅਕਤੀ ਨੇ ਨੋਰਾ ਨਾਲ ਸੰਪਰਕ ਕੀਤਾ, ਪਰ ਉਨ੍ਹਾਂ ਨੇ ਆਪਣੇ ਰਿਸ਼ਤੇਦਾਰ ਬੌਬੀ ਖਾਨ ਦਾ ਸੰਪਰਕ ਦੇ ਦਿੱਤਾ। ਜਾਂਚ ਦੌਰਾਨ BMW ਕਾਰ ਬੌਬੀ ਖਾਨ ਦੇ ਨਾਮ 'ਤੇ ਰਜਿਸਟਰਡ ਪਾਈ ਗਈ। ਪੁਲਸ ਪੁੱਛਗਿੱਛ ਵਿੱਚ ਬੌਬੀ ਖਾਨ ਨੇ ਕਥਿਤ ਤੌਰ 'ਤੇ ਦੱਸਿਆ ਸੀ ਕਿ ਉਸ ਨੂੰ ਸੁਕੇਸ਼ ਵੱਲੋਂ ਲਗਭਗ 65 ਲੱਖ ਰੁਪਏ ਦੀ ਕੀਮਤ ਵਾਲੀ BMW ਕਾਰ ਮਿਲੀ ਸੀ।

ਨੋਰਾ ਨੇ ਆਪਣੇ ਆਪ ਨੂੰ ਦੱਸਿਆ ਸੀ ਧੋਖਾਧੜੀ ਦੀ ਸਾਜ਼ਿਸ਼ ਦਾ ਸ਼ਿਕਾਰ

ਨੋਰਾ ਫਤੇਹੀ ਨੇ ਜਾਂਚ ਏਜੰਸੀਆਂ ਸਾਹਮਣੇ ਆਪਣਾ ਪੱਖ ਰੱਖਦਿਆਂ ਕਿਹਾ ਸੀ ਕਿ ਉਨ੍ਹਾਂ ਨੂੰ ਸੁਕੇਸ਼ ਦੀ ਅਸਲ ਪਛਾਣ ਅਤੇ ਉਸ ਦੀਆਂ ਕਥਿਤ ਅਪਰਾਧਿਕ ਗਤੀਵਿਧੀਆਂ ਬਾਰੇ ਕੋਈ ਜਾਣਕਾਰੀ ਨਹੀਂ ਸੀ। ਉਨ੍ਹਾਂ ਨੇ ਆਪਣੇ ਆਪ ਨੂੰ ਇੱਕ ਵੱਡੀ ਸਾਜ਼ਿਸ਼ ਦਾ ਸ਼ਿਕਾਰ ਦੱਸਿਆ ਸੀ। ਇਸ ਮਾਮਲੇ ਦੀ ਜਾਂਚ ਇਨਫੋਰਸਮੈਂਟ ਡਾਇਰੈਕਟੋਰੇਟ (54) ਵੱਲੋਂ ਵੀ ਮਨੀ ਲਾਂਡਰਿੰਗ ਦੇ ਪੱਖ ਤੋਂ ਕੀਤੀ ਗਈ ਸੀ। ਜੈਕਲਿਨ ਫਰਨਾਂਡੀਜ਼ ਨੂੰ ਸੁਕੇਸ਼ ਤੋਂ ਕਥਿਤ ਤੌਰ 'ਤੇ ਮਿਲੇ ਮਹਿੰਗੇ ਤੋਹਫ਼ਿਆਂ ਨਾਲ ਜੁੜੇ ਮਾਮਲੇ ਵਿੱਚ ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ ਹੈ, ਜਦਕਿ ਨੋਰਾ ਫਤੇਹੀ ਨੂੰ EOW ਦੀ ਚਾਰਜਸ਼ੀਟ ਵਿੱਚ ਸਰਕਾਰੀ ਗਵਾਹ ਬਣਾਇਆ ਗਿਆ ਹੈ। ਹੁਣ 2 ਨਵੰਬਰ ਨੂੰ ਅਦਾਲਤ ਵਿੱਚ ਨੋਰਾ ਫਤੇਹੀ ਦੀ ਪੇਸ਼ੀ ਦੌਰਾਨ ਉਨ੍ਹਾਂ ਦੇ ਬਿਆਨ ਇਸ ਮਾਮਲੇ ਦੀ ਅਗਲੀ ਕਾਨੂੰਨੀ ਕਾਰਵਾਈ ਲਈ ਅਹਿਮ ਹੋ ਸਕਦੇ ਹਨ।



ਰੋਜ਼ਾਨਾ
ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com
ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜਾਨਾ ਗੁਰਮਤਿ ਸਮਾਗਮ ਲਾਈਵ ਦੇਖੋ
ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ
YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam
ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

ਸੰਪਾਦਕੀ

ਆਸਥਾ ਦੀ ਦੁਕਾਨਦਾਰੀ

ਜਦੋਂ ਧਰਮ ਮਾਰਗ-ਦਰਸ਼ਨ ਦੀ ਥਾਂ ਨਿੱਜੀ ਸਾਮਰਾਜ ਸਥਾਪਤ ਕਰਨ ਦਾ ਸਾਧਨ ਬਣ ਜਾਵੇ, ਤਾਂ ਸਮਾਜ ਦੀ ਆਤਮਿਕ ਚੇਤਨਾ ਲਈ ਖ਼ਤਰੇ ਦੀ ਘੰਟੀ ਵੱਜਣ ਲੱਗਦੀ ਹੈ। ਧਰਮ ਮਨੁੱਖ ਨੂੰ ਸੱਚ, ਸੰਜਮ, ਸੇਵਾ, ਨਿਮਰਤਾ, ਨੈਤਿਕਤਾ ਅਤੇ ਮਨੁੱਖਤਾ ਦਾ ਮਾਰਗ ਦਿਖਾਉਣ ਲਈ ਹੈ। ਇਸ ਦਾ ਮੂਲ ਉਦੇਸ਼ ਮਨੁੱਖ ਨੂੰ ਅਗਿਆਨਤਾ ਤੋਂ ਗਿਆਨ ਵੱਲ, ਹਉਮੈ ਤੋਂ ਨਿਮਰਤਾ ਵੱਲ ਅਤੇ ਸਵਾਰਥ ਤੋਂ ਪਰਉਪਕਾਰ ਵੱਲ ਲੈ ਕੇ ਜਾਣਾ ਹੈ। ਪਰ ਅੱਜ ਦੇ ਧਾਰਮਿਕ ਦ੍ਰਿਸ਼ ਵਿੱਚ ਇੱਕ ਗੰਭੀਰ ਸਵਾਲ ਉੱਭਰ ਰਿਹਾ ਹੈ: ਕੀ ਧਰਮ ਮਨੁੱਖ ਨੂੰ ਮੁਕਤ ਕਰਨ ਦਾ ਸਾਧਨ ਰਹਿ ਗਿਆ ਹੈ ਜਾਂ ਕੁਝ ਲੋਕਾਂ ਦੇ ਨਿੱਜੀ ਪ੍ਰਭਾਵ, ਸੱਤਾ ਅਤੇ ਸਾਮਰਾਜ ਨੂੰ ਮਜ਼ਬੂਤ ਕਰਨ ਦਾ ਜ਼ਰੀਆ ਬਣਦਾ ਜਾ ਰਿਹਾ ਹੈ ? ਇਹ ਸਵਾਲ ਕਿਸੇ ਇੱਕ ਧਰਮ, ਸੰਪਰਦਾ ਜਾਂ ਵਿਅਕਤੀ ਤੱਕ ਸੀਮਤ ਨਹੀਂ। ਇਹ ਉਸ ਸਮੁੱਚੀ ਪ੍ਰਵਿਰਤੀ ਬਾਰੇ ਹੈ, ਜਿਸ ਵਿੱਚ ਧਾਰਮਿਕ ਆਸਥਾ ਨੂੰ ਨਿੱਜੀ ਹਿੱਤਾਂ ਲਈ ਵਰਤਿਆ ਜਾਂਦਾ ਹੈ। ਸਮਾਜ ਵਿੱਚ ਅਜਿਹੇ ਲੋਕ ਵੀ ਮਿਲਦੇ ਹਨ, ਜੋ ਧਰਮ ਦੀ ਸੇਵਾ ਕਰਨ ਦੇ ਦਾਅਵੇ ਨਾਲ ਆਪਣਾ ਸਫ਼ਰ ਸ਼ੁਰੂ ਕਰਦੇ ਹਨ। ਸ਼ੁਰੂਆਤ ਵਿੱਚ ਪ੍ਰਵਚਨ, ਸੇਵਾ, ਸਿਮਰਨ ਅਤੇ ਲੋਕ-ਭਲਾਈ ਨੂੰ ਆਪਣਾ ਉਦੇਸ਼ ਦੱਸਿਆ ਜਾਂਦਾ ਹੈ। ਹੌਲੀ-ਹੌਲੀ ਉਨ੍ਹਾਂ ਦੇ ਆਲੇ-ਦੁਆਲੇ ਸ਼ਰਧਾਲੂਆਂ ਦਾ ਵੱਡਾ ਘੇਰਾ ਬਣ ਜਾਂਦਾ ਹੈ। ਇਸ ਤੋਂ ਬਾਅਦ, ਜੇ ਸੇਵਾ ਦੀ ਥਾਂ ਨਿੱਜੀ ਪ੍ਰਭਾਵ, ਸੰਸਥਾਗਤ ਸੱਤਾ, ਧਨ-ਸੰਪਤੀ ਅਤੇ ਪਰਿਵਾਰਕ ਉਤਰਾਧਿਕਾਰ ਪ੍ਰਮੁੱਖ ਹੋ ਜਾਣ, ਤਾਂ ਧਰਮ-ਪ੍ਰਚਾਰ ਅਤੇ ਨਿੱਜੀ ਸਾਮਰਾਜ ਵਿਚਲਾ ਫ਼ਰਕ ਮਿਟਣ ਲੱਗਦਾ ਹੈ। ਸਭ ਤੋਂ ਚਿੰਤਾਜਨਕ ਸਥਿਤੀ ਉਦੋਂ ਪੈਦਾ ਹੁੰਦੀ ਹੈ, ਜਦੋਂ ਕਿਸੇ ਵਿਅਕਤੀ ਦੀ ਸ਼ਖ਼ਸੀਅਤ ਨੂੰ ਧਰਮ ਦੇ ਮੂਲ ਸਿਧਾਂਤਾਂ ਤੋਂ ਵੀ ਉੱਪਰ ਰੱਖ ਦਿੱਤਾ ਜਾਂਦਾ ਹੈ। ਸਵਾਲ ਪੁੱਛਣਾ ਬੇਅਦਬੀ, ਤਰਕ ਕਰਨਾ ਅਵਿਸ਼ਵਾਸ ਅਤੇ ਅਸਹਿਮਤੀ ਪ੍ਰਗਟਾਉਣਾ ਗ਼ਲਤੀ ਸਮਝਿਆ ਜਾਣ ਲੱਗਦਾ ਹੈ। ਇਸ ਤਰ੍ਹਾਂ ਸ਼ਰਧਾ ਹੌਲੀ-ਹੌਲੀ ਅੰਨ੍ਹੀ ਆਗਿਆਕਾਰੀ ਵਿੱਚ ਬਦਲ ਸਕਦੀ ਹੈ। ਜਿੱਥੇ ਸਵਾਲ ਕਰਨ ਦੀ ਆਜ਼ਾਦੀ ਖ਼ਤਮ ਹੋ ਜਾਵੇ, ਉੱਥੇ ਆਸਥਾ ਦੀ ਥਾਂ ਵਿਅਕਤੀ-ਪੂਜਾ ਜਨਮ ਲੈਣ ਲੱਗਦੀ ਹੈ। ਵੱਖ-ਵੱਖ ਸੰਪਰਦਾਵਾਂ ਦਾ ਹੋਣਾ ਆਪਣੇ ਆਪ ਵਿੱਚ ਕੋਈ ਬੁਰਾਈ ਨਹੀਂ। ਇਤਿਹਾਸ ਵਿੱਚ ਧਾਰਮਿਕ ਵਿਚਾਰਾਂ ਦੀ ਵਿਭਿੰਨਤਾ ਨੇ ਅਨੇਕਾਂ ਆਤਮਿਕ ਅਤੇ ਸਮਾਜਿਕ ਲਹਿਰਾਂ ਨੂੰ ਜਨਮ ਦਿੱਤਾ ਹੈ। ਪਰ ਜਦੋਂ ਕੋਈ ਸੰਪਰਦਾ ਆਪਣੇ ਆਗੂ ਦੀ ਨਿੱਜੀ ਵਿਆਖਿਆ ਨੂੰ ਹੀ ਅੰਤਿਮ ਸੱਚ ਘੋਸ਼ਿਤ ਕਰ ਦੇਵੇ, ਦੂਜਿਆਂ ਦੀ ਨਿੰਦਾ ਕਰੇ ਅਤੇ ਆਪਣੀ ਵੱਖਰੀ ਪਛਾਣ ਕਾਇਮ ਕਰਨ ਲਈ ਧਰਮ ਦੀ ਮੂਲ ਸਿੱਖਿਆ ਨੂੰ ਪਿੱਛੇ ਧੱਕ ਦੇਵੇ, ਤਾਂ ਚਿੰਤਾ ਲਾਜ਼ਮੀ ਹੋ ਜਾਂਦੀ ਹੈ। ਆਪਣੇ ਪ੍ਰਭਾਵ ਨੂੰ ਵਧਾਉਣ ਲਈ ਨਵੀਆਂ ਮਰਿਆਦਾਵਾਂ ਘੜਨਾ, ਮਨਮਰਜ਼ੀ ਦੀਆਂ ਰੀਤਾਂ ਨੂੰ ਧਾਰਮਿਕ ਪ੍ਰਮਾਣਿਕਤਾ ਦੇਣਾ ਅਤੇ ਸ਼ਰਧਾਲੂਆਂ ਨੂੰ ਦੂਜੇ ਧਾਰਮਿਕ ਸਮੂਹਾਂ ਤੋਂ ਵੱਖ ਕਰਨ ਵਾਲੀ ਸੋਚ ਪੈਦਾ ਕਰਨਾ ਸਮਾਜਿਕ ਸਾਂਝ ਨੂੰ ਕਮਜ਼ੋਰ ਕਰਦਾ ਹੈ। ਧਰਮ ਦਾ ਅਸਲ ਮੁਲਾਂਕਣ ਇਮਾਰਤਾਂ ਦੀ ਉਚਾਈ, ਇਕੱਠਾਂ ਦੀ ਭੀੜ ਜਾਂ ਚੇਲਿਆਂ ਦੀ ਗਿਣਤੀ ਨਾਲ ਨਹੀਂ, ਸਗੋਂ ਇਸ ਗੱਲ ਨਾਲ ਹੋਣਾ ਚਾਹੀਦਾ ਹੈ ਕਿ ਉਹ ਮਨੁੱਖ ਦੇ ਚਰਿੱਤਰ, ਵਿਹਾਰ ਅਤੇ ਸਮਾਜਿਕ ਜ਼ਿੰਮੇਵਾਰੀ ਵਿੱਚ ਕਿੰਨਾ ਸੁਧਾਰ ਲਿਆਉਂਦਾ ਹੈ। ਅੱਜ ਦੀ ਤੇਜ਼ ਰਫ਼ਤਾਰ ਜ਼ਿੰਦਗੀ ਵਿੱਚ ਬਹੁਤ ਸਾਰੇ ਲੋਕਾਂ ਕੋਲ ਧਾਰਮਿਕ ਗ੍ਰੰਥਾਂ ਨੂੰ ਪੜ੍ਹਨ, ਉਨ੍ਹਾਂ ਦੇ ਅਰਥ ਸਮਝਣ ਅਤੇ ਵਿਚਾਰ ਕਰਨ ਲਈ ਸਮਾਂ ਜਾਂ ਲੋੜੀਂਦੀ ਸਹੂਲਤ ਨਹੀਂ ਹੁੰਦੀ। ਕਈ ਵਾਰ ਭਾਸ਼ਾ ਦੀ ਔਖਿਆਈ, ਅਧੂਰੀ ਜਾਣਕਾਰੀ ਅਤੇ ਅਧਿਐਨ ਦੀ ਘਾਟ ਵੀ ਰੁਕਾਵਟ ਬਣਦੀ ਹੈ। ਇਸ ਸਥਿਤੀ ਵਿੱਚ ਲੋਕ ਆਪਣੀ ਧਾਰਮਿਕ ਸਮਝ ਲਈ ਕਿਸੇ ਪ੍ਰਚਾਰਕ ਜਾਂ ਦੇਹਧਾਰੀ ਗੁਰੂ 'ਤੇ ਪੂਰੀ ਤਰ੍ਹਾਂ ਨਿਰਭਰ ਹੋ ਜਾਂਦੇ ਹਨ। ਇਸ ਨਿਰਭਰਤਾ ਦਾ ਲਾਭ ਉਠਾਉਣ ਵਾਲੇ ਲੋਕ ਆਪਣੇ ਵਿਚਾਰਾਂ ਨੂੰ ਧਰਮ ਦਾ ਅੰਤਿਮ ਹੁਕਮ ਦੱਸ ਸਕਦੇ ਹਨ। ਜੇ ਸ਼ਰਧਾਲੂ ਕੋਲ ਮੂਲ ਸਿੱਖਿਆ ਦੀ ਜਾਣਕਾਰੀ, ਤਰਕਸ਼ੀਲ ਸੋਚ ਅਤੇ ਸਵਾਲ ਕਰਨ ਦਾ ਹੌਸਲਾ ਨਾ ਹੋਵੇ, ਤਾਂ ਉਸ ਲਈ ਸੱਚ ਅਤੇ ਨਿੱਜੀ ਵਿਆਖਿਆ ਵਿਚਲਾ ਫ਼ਰਕ ਪਛਾਣਨਾ ਔਖਾ ਹੋ ਜਾਂਦਾ ਹੈ। ਇਸ ਲਈ ਧਾਰਮਿਕ ਸਿੱਖਿਆ ਦਾ ਮਕਸਦ ਸਿਰਫ਼ ਸੁਣਨਾ ਨਹੀਂ, ਸਗੋਂ ਸਮਝਣਾ, ਵਿਚਾਰਨਾ ਅਤੇ ਜੀਵਨ ਵਿੱਚ ਅਮਲ ਕਰਨਾ ਹੋਣਾ ਚਾਹੀਦਾ ਹੈ। ਜਦੋਂ ਕੋਈ ਧਾਰਮਿਕ ਸੰਸਥਾ ਕਿਸੇ ਵਿਅਕਤੀ ਦੀ ਨਿੱਜੀ ਮਿਹਨਤ ਨਾਲ ਸਥਾਪਤ ਹੁੰਦੀ ਹੈ, ਤਾਂ ਉਸ ਦੇ ਪ੍ਰਬੰਧ ਅਤੇ ਉਤਰਾਧਿਕਾਰ ਬਾਰੇ ਕਾਨੂੰਨੀ ਸਵਾਲ ਵੱਖਰੇ ਹੋ ਸਕਦੇ ਹਨ। ਪਰ ਜੇ ਧਾਰਮਿਕ ਅਗਵਾਈ ਨੂੰ ਸਿਰਫ਼ ਜਨਮ, ਪਰਿਵਾਰ ਜਾਂ ਵੰਸ਼ ਦੇ ਆਧਾਰ 'ਤੇ ਜਾਇਜ਼ ਮੰਨਿਆ ਜਾਵੇ, ਤਾਂ ਇਹ ਪੁੱਛਣਾ ਲਾਜ਼ਮੀ ਹੈ ਕਿ ਕੀ ਆਤਮਿਕ ਯੋਗਤਾ ਵੀ ਵਿਰਾਸਤ ਵਿੱਚ ਮਿਲਦੀ ਹੈ ? ਧਾਰਮਿਕ ਸੇਵਾ ਲਈ ਗਿਆਨ, ਚਰਿੱਤਰ, ਨਿਮਰਤਾ, ਤਿਆਗ ਅਤੇ ਜਵਾਬਦੇਹੀ ਦੀ ਲੋੜ ਹੁੰਦੀ ਹੈ। ਕਿਸੇ ਦਾ ਪਰਿਵਾਰਕ ਪਿਛੋਕੜ ਉਸ ਨੂੰ ਆਪਣੇ ਆਪ ਧਾਰਮਿਕ ਤੌਰ 'ਤੇ ਉੱਚਾ ਨਹੀਂ ਬਣਾ ਦਿੰਦਾ। ਇਸੇ ਤਰ੍ਹਾਂ ਕਿਸੇ ਸੰਸਥਾ ਦੀ ਪ੍ਰਸਿੱਧੀ ਵੀ ਉਸ ਦੇ ਹਰ ਦਾਅਵੇ ਨੂੰ ਸੱਚ ਸਾਬਤ ਨਹੀਂ ਕਰਦੀ। ਇਸ ਸਮੱਸਿਆ ਦਾ ਹੱਲ ਧਰਮ ਤੋਂ ਦੂਰੀ ਬਣਾਉਣਾ ਨਹੀਂ, ਸਗੋਂ ਧਰਮ ਨੂੰ ਉਸ ਦੇ ਮੂਲ ਸਿਧਾਂਤਾਂ ਨਾਲ ਜੋੜਨਾ ਹੈ। ਧਾਰਮਿਕ ਸੰਸਥਾਵਾਂ ਵਿੱਚ ਪਾਰਦਰਸ਼ਤਾ, ਵਿੱਤੀ ਜਵਾਬਦੇਹੀ, ਨੈਤਿਕ ਅਨੁਸ਼ਾਸਨ ਅਤੇ ਸਵਾਲਾਂ ਦਾ ਸਨਮਾਨ ਹੋਣਾ ਚਾਹੀਦਾ ਹੈ। ਸ਼ਰਧਾਲੂਆਂ ਨੂੰ ਵੀ ਚਾਹੀਦਾ ਹੈ ਕਿ ਉਹ ਕਿਸੇ ਵਿਅਕਤੀ ਦੇ ਚਮਤਕਾਰੀ ਦਾਅਵਿਆਂ, ਅਸਾਧਾਰਨ ਸ਼ਕਤੀਆਂ ਜਾਂ ਆਪਣੇ ਆਪ ਨੂੰ ਇਕੱਲਾ ਸੱਚਾ ਮਾਰਗਦਰਸ਼ਕ ਦੱਸਣ ਵਾਲੀ ਸੋਚ ਨੂੰ ਬਿਨਾਂ ਪਰਖੇ ਸਵੀਕਾਰ ਨਾ ਕਰਨ। ਧਾਰਮਿਕ ਗ੍ਰੰਥਾਂ ਦਾ ਅਧਿਐਨ, ਪ੍ਰਮਾਣਿਕ ਵਿਦਵਾਨਾਂ ਤੋਂ ਜਾਣਕਾਰੀ, ਵੱਖ-ਵੱਖ ਵਿਚਾਰਾਂ ਨੂੰ ਸੁਣਨ ਦੀ ਸਮਰੱਥਾ ਅਤੇ ਮਨੁੱਖੀ ਵਿਹਾਰ ਦੀ ਨਿਰਪੱਖ ਪਰਖ ਇਸ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਹਨ। ਧਰਮ ਦੀ ਮਹਾਨਤਾ ਉਸ ਦੇ ਨਾਂ 'ਤੇ ਬਣੀਆਂ ਸੰਸਥਾਵਾਂ ਦੀ ਗਿਣਤੀ ਵਿੱਚ ਨਹੀਂ, ਸਗੋਂ ਮਨੁੱਖ ਅੰਦਰ ਪੈਦਾ ਹੋਈ ਸੱਚਾਈ, ਦਇਆ, ਨਿਆਂ ਅਤੇ ਨਿਮਰਤਾ ਵਿੱਚ ਵੱਸਦੀ ਹੈ। ਜੇ ਕਿਸੇ ਧਾਰਮਿਕ ਮੰਚ ਤੋਂ ਨਫ਼ਰਤ, ਵੰਡ, ਅੰਨ੍ਹੀ ਆਗਿਆਕਾਰੀ ਅਤੇ ਵਿਅਕਤੀ-ਪੂਜਾ ਨੂੰ ਬੜ੍ਹਾਵਾ ਮਿਲਦਾ ਹੈ, ਤਾਂ ਉਸ ਦੇ ਦਾਅਵਿਆਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਸਮਾਜ ਨੂੰ ਹਰ ਧਾਰਮਿਕ ਆਗੂ ਨੂੰ ਸ਼ੱਕ ਦੀ ਨਿਗਾਹ ਨਾਲ ਦੇਖਣ ਦੀ ਨਹੀਂ, ਸਗੋਂ ਹਰ ਆਗੂ ਨੂੰ ਉਸ ਦੇ ਦਾਅਵਿਆਂ, ਆਚਰਨ ਅਤੇ ਸਿਧਾਂਤਾਂ ਦੀ ਕਸੌਟੀ 'ਤੇ ਪਰਖਣ ਦੀ ਲੋੜ ਹੈ। ਕਿਉਂਕਿ ਸੱਚਾ ਧਰਮ ਮਨੁੱਖ ਨੂੰ ਕਿਸੇ ਵਿਅਕਤੀ ਦਾ ਗ਼ੁਲਾਮ ਨਹੀਂ ਬਣਾਉਂਦਾ; ਉਹ ਉਸ ਨੂੰ ਸੱਚ ਦਾ ਖੋਜੀ, ਵਿਵੇਕ ਦਾ ਧਾਰਨੀ ਅਤੇ ਮਨੁੱਖਤਾ ਦਾ ਸੇਵਕ ਬਣਾਉਂਦਾ ਹੈ। ਜਿਸ ਦਿਨ ਸ਼ਰਧਾਲੂ ਵਿਅਕਤੀ ਦੀ ਚਮਕ-ਦਮਕ ਤੋਂ ਉੱਪਰ ਉੱਠ ਕੇ ਸਿਧਾਂਤਾਂ ਦੀ ਰੌਸ਼ਨੀ ਵਿੱਚ ਦੇਖਣਾ ਸਿੱਖ ਲੈਣਗੇ, ਉਸ ਦਿਨ ਧਰਮ ਦੀ ਆੜ ਵਿੱਚ ਚੱਲਣ ਵਾਲੀ ਹਰ ਦੁਕਾਨਦਾਰੀ ਲਈ ਆਪਣਾ ਪ੍ਰਭਾਵ ਕਾਇਮ ਰੱਖਣਾ ਔਖਾ ਹੋ ਜਾਵੇਗਾ।

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:

9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਵੈੱਬਸਾਈਟ ਦੀ ਹਿਫ਼ਾਜ਼ਤ 'ਤੇ ਸਵਾਲ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਪੀਐੱਚਪੀ ਭਾਸ਼ਾ ਦੀਆਂ ਦੋ ਗੰਭੀਰ ਕਮਜ਼ੋਰੀਆਂ, ਦੁਨੀਆ ਭਰ ਦੀਆਂ ਵੈੱਬਸਾਈਟਾਂ ਦਾ ਬੰਦ ਹੋਣਾ ਅਤੇ ਬਣਾਉਟੀ ਬੁੱਧੀ ਦੀ ਦੋਹਰੀ ਭੂਮਿਕਾ—ਤਕਨੀਕੀ ਤਰੱਕੀ ਦੇ ਯੁੱਗ ਵਿੱਚ ਸਾਈਬਰ ਸੁਰੱਖਿਆ ਦੀ ਅਸਲ ਤਸਵੀਰ

ਅੱਜ ਦਾ ਸੰਸਾਰ ਜਿੰਨਾ ਦਿਸਦਾ ਹੈ, ਉਸ ਤੋਂ ਕਿਤੇ ਵੱਧ ਅੰਤਰਜਾਲ ਉੱਤੇ ਨਿਰਭਰ ਹੋ ਚੁੱਕਾ ਹੈ। ਸਰਕਾਰੀ ਦਫ਼ਤਰਾਂ ਤੋਂ ਲੈ ਕੇ ਬੈਂਕਾਂ ਤੱਕ, ਅਖ਼ਬਾਰਾਂ ਤੋਂ ਲੈ ਕੇ ਵਪਾਰਕ ਅਦਾਰਿਆਂ ਤੱਕ ਅਤੇ ਨਿੱਜੀ ਪੱਤਰ-ਵਿਹਾਰ ਤੋਂ ਲੈ ਕੇ ਲੋਕਾਂ ਦੀ ਨਿੱਜੀ ਜਾਣਕਾਰੀ ਤੱਕ—ਸਾਡੀ ਜ਼ਿੰਦਗੀ ਦਾ ਵੱਡਾ ਹਿੱਸਾ ਹੁਣ ਪਰਦੇ ਪਿੱਛੇ ਚੱਲ ਰਹੀਆਂ ਕੰਪਿਊਟਰੀ ਪ੍ਰਣਾਲੀਆਂ ਦੇ ਸਹਾਰੇ ਹੈ। ਪਰ ਜਦੋਂ ਇਨ੍ਹਾਂ ਪ੍ਰਣਾਲੀਆਂ ਵਿੱਚ ਕੋਈ ਛੋਟੀ ਜਿਹੀ ਤਕਨੀਕੀ ਖ਼ਾਮੀ ਸਾਹਮਣੇ ਆਉਂਦੀ ਹੈ, ਤਾਂ ਉਸ ਦੇ ਨਤੀਜੇ ਕਿਸੇ ਇੱਕ ਦਫ਼ਤਰ ਜਾਂ ਦੇਸ਼ ਤੱਕ ਸੀਮਤ ਨਹੀਂ ਰਹਿੰਦੇ। ਉਹ ਵਿਸ਼ਵ ਪੱਧਰ ਉੱਤੇ ਸੇਵਾਵਾਂ ਠੱਪ ਕਰ ਸਕਦੀ ਹੈ, ਨਿੱਜੀ ਜਾਣਕਾਰੀ ਨੂੰ ਖ਼ਤਰੇ ਵਿੱਚ ਪਾ ਸਕਦੀ ਹੈ ਅਤੇ ਲੋਕਾਂ ਦੇ ਭਰੋਸੇ ਨੂੰ ਹਿਲਾ ਸਕਦੀ ਹੈ।

ਪੀਐੱਚਪੀ ਭਾਸ਼ਾ ਨਾਲ ਜੁੜੀਆਂ ਦੋ ਗੰਭੀਰ ਸੁਰੱਖਿਆ ਕਮਜ਼ੋਰੀਆਂ ਬਾਰੇ ਸਾਹਮਣੇ ਆਈ ਖ਼ਬਰ ਇਸੇ ਹਕੀਕਤ ਵੱਲ ਧਿਆਨ ਖਿੱਚਦੀ ਹੈ। ਖ਼ਬਰ ਅਨੁਸਾਰ, ਜਪਾਨ ਦੇ ਵਿੱਤ ਮੰਤਰਾਲੇ ਨਾਲ ਸੰਬੰਧਿਤ ਸੇਵਾਵਾਂ, ਨੀਦਰਲੈਂਡਜ਼ ਦੇ ਰੋਟਰਡੈਮ ਬੰਦਰਗਾਹ ਅਤੇ ਵਿਕੀਮੀਡੀਆ ਫਾਊਂਡੇਸ਼ਨ ਨਾਲ ਜੁੜੀਆਂ ਸੇਵਾਵਾਂ ਸਮੇਤ ਕਈ ਵੈੱਬਸਾਈਟਾਂ ਅਸਥਾਈ ਤੌਰ ਉੱਤੇ ਬੰਦ ਹੋਈਆਂ। ਇਹ ਕਦਮ ਸੰਭਾਵੀ ਹਮਲਿਆਂ ਤੋਂ ਬਚਾਅ ਲਈ ਚੁੱਕੇ ਗਏ ਸਨ। ਇੱਥੇ ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਕਿਸੇ ਪ੍ਰਣਾਲੀ ਨੂੰ ਬੰਦ ਕਰਨਾ ਹਮੇਸ਼ਾ ਉਸ ਦੇ ਨਸ਼ਟ ਹੋਣ ਦੀ ਨਿਸ਼ਾਨੀ ਨਹੀਂ ਹੁੰਦਾ; ਕਈ ਵਾਰ ਇਹ ਵੱਡੇ ਨੁਕਸਾਨ ਤੋਂ ਬਚਣ ਲਈ ਲਿਆ ਗਿਆ ਸਾਵਧਾਨੀ ਭਰਿਆ ਫ਼ੈਸਲਾ ਹੁੰਦਾ ਹੈ।

ਪੀਐੱਚਪੀ ਇੱਕ ਮੁਕਤ-ਸਰੋਤ ਕੰਪਿਊਟਰੀ ਭਾਸ਼ਾ ਹੈ, ਜਿਸ ਦੀ ਵਰਤੋਂ ਵੈੱਬਸਾਈਟਾਂ ਦੇ ਪਿੱਛੇ ਚੱਲਣ ਵਾਲੇ ਕੰਮਾਂ ਲਈ ਕੀਤੀ ਜਾਂਦੀ ਹੈ। ਜਦੋਂ ਕੋਈ ਵਿਅਕਤੀ ਵੈੱਬਸਾਈਟ ਉੱਤੇ ਦਾਖ਼ਲ ਹੁੰਦਾ ਹੈ, ਆਪਣੀ ਜਾਣਕਾਰੀ ਭਰਦਾ ਹੈ, ਖਾਤੇ ਵਿੱਚ ਪ੍ਰਵੇਸ਼ ਕਰਦਾ ਹੈ ਜਾਂ ਕੋਈ ਦਸਤਾਵੇਜ਼ ਭੇਜਦਾ ਹੈ, ਤਾਂ ਪਰਦੇ ਪਿੱਛੇ ਕਈ ਕੰਪਿਊਟਰੀ ਕਾਰਜ ਹੁੰਦੇ ਹਨ। ਪੀਐੱਚਪੀ ਵਰਗੀਆਂ ਭਾਸ਼ਾਵਾਂ ਇਨ੍ਹਾਂ ਕਾਰਜਾਂ ਨੂੰ ਚਲਾਉਣ ਵਿੱਚ ਸਹਾਇਤਾ ਕਰਦੀਆਂ ਹਨ।

ਇਸ ਭਾਸ਼ਾ ਦੀ ਵਰਤੋਂ ਦਾ ਪੈਮਾਨਾ ਵੀ ਇਸ ਮਾਮਲੇ ਨੂੰ ਗੰਭੀਰ ਬਣਾਉਂਦਾ ਹੈ। ਵਰਡਪ੍ਰੈੱਸ ਵਰਗੀਆਂ ਪ੍ਰਸਿੱਧ ਵੈੱਬਸਾਈਟ ਪ੍ਰਬੰਧਨ ਪ੍ਰਣਾਲੀਆਂ ਪੀਐੱਚਪੀ ਉੱਤੇ ਆਧਾਰਿਤ ਹਨ। ਇਸ ਲਈ ਇਸ ਭਾਸ਼ਾ ਵਿੱਚ ਮਿਲੀ ਕੋਈ ਗੰਭੀਰ ਖ਼ਾਮੀ ਸਿਰਫ਼ ਇੱਕ ਵੈੱਬਸਾਈਟ ਦਾ ਮਸਲਾ ਨਹੀਂ ਰਹਿੰਦੀ। ਜੇ ਕਈ ਵੈੱਬਸਾਈਟਾਂ ਇੱਕੋ ਜਿਹੇ ਕਮਜ਼ੋਰ ਢਾਂਚੇ ਜਾਂ ਪੁਰਾਣੇ ਸਾਫ਼ਟਵੇਅਰ ਦੀ ਵਰਤੋਂ ਕਰਦੀਆਂ ਹੋਣ, ਤਾਂ ਇੱਕੋ ਖ਼ਾਮੀ ਬਹੁਤ ਸਾਰੇ ਅਦਾਰਿਆਂ ਲਈ ਖ਼ਤਰਾ ਬਣ ਸਕਦੀ ਹੈ।

ਇੱਥੇ ਇੱਕ ਗੱਲ ਸਪਸ਼ਟ ਰਹਿਣੀ ਚਾਹੀਦੀ ਹੈ: ਕਿਸੇ ਭਾਸ਼ਾ ਵਿੱਚ ਕਮਜ਼ੋਰੀ ਮਿਲਣ ਦਾ ਅਰਥ ਇਹ ਨਹੀਂ ਕਿ ਉਸ ਭਾਸ਼ਾ ਨਾਲ ਬਣੀ ਹਰ ਵੈੱਬਸਾਈਟ ਆਪਣੇ ਆਪ ਅਸੁਰੱਖਿਅਤ ਹੋ ਜਾਂਦੀ ਹੈ। ਅਸਲ ਖ਼ਤਰਾ ਇਸ ਗੱਲ ਉੱਤੇ ਨਿਰਭਰ ਕਰਦਾ ਹੈ ਕਿ ਕਿਹੜਾ ਸੰਸਕਰਣ ਵਰਤਿਆ ਜਾ ਰਿਹਾ ਹੈ, ਪ੍ਰਣਾਲੀ ਕਿਵੇਂ ਬਣਾਈ ਗਈ ਹੈ, ਸੁਰੱਖਿਆ ਸੁਧਾਰ ਲਾਗੂ ਕੀਤੇ ਗਏ ਹਨ ਜਾਂ ਨਹੀਂ ਅਤੇ ਬਾਹਰੀ ਪਹੁੰਚ ਉੱਤੇ ਕਿੰਨੀ ਨਿਗਰਾਨੀ ਹੈ।

ਇਸ ਮਾਮਲੇ ਨੂੰ ਖੋਜਕਰਤਾਵਾਂ ਨੇ 'ਪੀਐੱਚਪੀਟੂਸ਼ੈੱਲ' ਨਾਮ ਦਿੱਤਾ ਹੈ। ਇਸ ਨਾਲ ਜੁੜੀਆਂ ਦੋ ਕਮਜ਼ੋਰੀਆਂ ਵਿੱਚੋਂ ਪਹਿਲੀ ਉਸ ਵੇਲੇ ਪੈਦਾ ਹੋ ਸਕਦੀ ਹੈ, ਜਦੋਂ ਕੰਪਿਊਟਰੀ ਪ੍ਰਣਾਲੀ ਨੂੰ ਕੰਮ ਕਰਨ ਲਈ ਲੋੜੀਂਦੀ ਯਾਦਦਾਸ਼ਤ ਘੱਟ ਪੈ ਜਾਂਦੀ ਹੈ। ਅਜਿਹੀ ਹਾਲਤ ਵਿੱਚ ਕੰਮ ਨੂੰ ਸੁਰੱਖਿਅਤ ਢੰਗ ਨਾਲ ਰੋਕਣ ਅਤੇ ਅਧੂਰੇ ਅੰਕੜਿਆਂ ਨੂੰ ਸੰਭਾਲਣ ਦੀ ਪ੍ਰਕਿਰਿਆ ਵਿੱਚ ਗ਼ਲਤੀ ਹੋ ਸਕਦੀ ਹੈ।

ਦੂਜੀ ਕਮਜ਼ੋਰੀ ਉਸ ਜਾਣਕਾਰੀ ਨਾਲ ਸਬੰਧਤ ਹੈ, ਜੋ ਪਿਛਲੇ ਕੰਮ ਤੋਂ ਬਾਅਦ ਯਾਦਦਾਸ਼ਤ ਵਿੱਚ ਬਾਕੀ ਰਹਿ ਸਕਦੀ ਹੈ। ਜੇ ਪ੍ਰਣਾਲੀ ਪੁਰਾਣੇ ਕੰਮ ਦੀ ਜਾਣਕਾਰੀ ਨੂੰ ਢੰਗ ਨਾਲ ਵੱਖ ਨਾ ਕਰੇ, ਤਾਂ ਅਗਲੀ ਬੇਨਤੀ ਦੀ ਕਾਰਵਾਈ ਦੌਰਾਨ ਗ਼ਲਤ ਜਾਣਕਾਰੀ ਵਰਤੇ ਜਾਣ ਜਾਂ ਸੰਵੇਦਨਸ਼ੀਲ ਅੰਕੜੇ ਸਾਹਮਣੇ ਆਉਣ ਦਾ ਖ਼ਤਰਾ ਪੈਦਾ ਹੋ ਸਕਦਾ ਹੈ।

ਇਨ੍ਹਾਂ ਕਮਜ਼ੋਰੀਆਂ ਦਾ ਗੰਭੀਰ ਪੱਖ ਇਹ ਹੈ ਕਿ ਹਮਲਾਵਰ ਨੂੰ ਹਰ ਹਾਲਤ ਵਿੱਚ ਖਾਤੇ ਦਾ ਨਾਂ ਜਾਂ ਗੁਪਤ ਸ਼ਬਦ ਜਾਣਨ ਦੀ ਲੋੜ ਨਹੀਂ ਹੋ ਸਕਦੀ। ਖ਼ਾਸ ਤਰੀਕੇ ਨਾਲ ਤਿਆਰ ਕੀਤੀ ਬੇਨਤੀ ਰਾਹੀਂ ਉਹ ਕਮਜ਼ੋਰ ਸਰਵਰ ਉੱਤੇ ਅਣਅਧਿਕਾਰਤ ਕਾਰਵਾਈ ਕਰਵਾਉਣ ਦੀ ਕੋਸ਼ਿਸ਼ ਕਰ ਸਕਦਾ ਹੈ। ਇਸ ਨਾਲ ਨਿੱਜੀ ਜਾਣਕਾਰੀ ਚੋਰੀ ਹੋਣ, ਅੰਕੜਿਆਂ ਵਿੱਚ ਤਬਦੀਲੀ ਆਉਣ ਜਾਂ ਵੈੱਬਸਾਈਟ ਦਾ ਕੰਟਰੋਲ ਗੁਆਚਣ ਦਾ ਖ਼ਤਰਾ ਬਣਦਾ ਹੈ।

ਆਮ ਤੌਰ ਉੱਤੇ ਲੋਕ ਸਮਝਦੇ ਹਨ ਕਿ ਵੈੱਬਸਾਈਟ ਬੰਦ ਹੋਣ ਦਾ ਅਰਥ ਤਕਨੀਕੀ ਨਾਕਾਮੀ ਜਾਂ ਸੇਵਾ ਦੇਣ ਵਾਲੇ ਅਦਾਰੇ ਦੀ ਲਾਪਰਵਾਹੀ ਹੈ। ਪਰ ਸਾਈਬਰ ਸੁਰੱਖਿਆ ਦੇ ਖੇਤਰ ਵਿੱਚ ਕਈ ਵਾਰ ਇਸ ਦਾ ਬਿਲਕੁਲ ਉਲਟ ਅਰਥ ਹੁੰਦਾ ਹੈ। ਜਦੋਂ ਕਿਸੇ ਖ਼ਤਰਨਾਕ ਕਮਜ਼ੋਰੀ ਦਾ ਪਤਾ ਲੱਗੇ ਅਤੇ ਉਸ ਦਾ ਹੱਲ ਹਾਲੇ ਸਾਰੀਆਂ ਪ੍ਰਣਾਲੀਆਂ ਵਿੱਚ ਲਾਗੂ ਨਾ ਹੋਇਆ ਹੋਵੇ, ਤਾਂ ਸੇਵਾ ਨੂੰ ਅਸਥਾਈ ਤੌਰ ਉੱਤੇ ਰੋਕਣਾ ਨੁਕਸਾਨ ਘਟਾਉਣ ਦਾ ਜ਼ਿੰਮੇਵਾਰ ਤਰੀਕਾ ਹੋ ਸਕਦਾ ਹੈ।

ਇਸ ਮਾਮਲੇ ਵਿੱਚ ਸੁਰੱਖਿਆ ਸੁਧਾਰਾਂ ਦੇ ਜਾਰੀ ਹੋਣ ਤੋਂ ਪਹਿਲਾਂ ਹੀ ਕਮਜ਼ੋਰੀਆਂ ਬਾਰੇ ਜਾਣਕਾਰੀ ਬਾਹਰ ਆ ਗਈ। ਇਸ ਨਾਲ ਹਮਲਾਵਰਾਂ ਨੂੰ ਕਮਜ਼ੋਰ ਪ੍ਰਣਾਲੀਆਂ ਦੀ ਭਾਲ ਕਰਨ ਦਾ ਮੌਕਾ ਮਿਲਿਆ। ਕਈ ਅਦਾਰਿਆਂ ਨੇ ਆਪਣੀਆਂ ਸੇਵਾਵਾਂ ਬੰਦ ਕਰਕੇ ਸੁਧਾਰ ਲਾਗੂ ਕਰਨ ਅਤੇ ਪ੍ਰਣਾਲੀਆਂ ਦੀ ਜਾਂਚ ਕਰਨ ਨੂੰ ਤਰਜੀਹ ਦਿੱਤੀ।

ਇਸ ਘਟਨਾ ਤੋਂ ਇੱਕ ਹੋਰ ਸਬਕ ਮਿਲਦਾ ਹੈ: ਸਾਈਬਰ ਹਮਲਿਆਂ ਵਿੱਚ ਖ਼ਤਰਾ ਸਿਰਫ਼ ਖ਼ਾਮੀ ਦਾ ਨਹੀਂ, ਸਗੋਂ ਖ਼ਾਮੀ ਸਾਹਮਣੇ ਆਉਣ ਅਤੇ ਉਸ ਦਾ ਹੱਲ ਲਾਗੂ ਹੋਣ ਦਰਮਿਆਨ ਦੇ ਸਮੇਂ ਦਾ ਵੀ ਹੁੰਦਾ ਹੈ। ਜਿੰਨਾ ਲੰਮਾ ਇਹ ਸਮਾਂ ਹੋਵੇਗਾ, ਹਮਲਾਵਰਾਂ ਨੂੰ ਉੱਨਾ ਹੀ ਵੱਧ ਮੌਕਾ ਮਿਲ ਸਕਦਾ ਹੈ।

ਇਸ ਘਟਨਾ ਦਾ ਇੱਕ ਬਹੁਤ ਦਿਲਚਸਪ ਪੱਖ ਬਣਾਉਟੀ ਬੁੱਧੀ ਦੀ ਭੂਮਿਕਾ ਹੈ। ਖੋਜਕਰਤਾਵਾਂ ਨੇ ਇਸ ਦੀ ਸਹਾਇਤਾ ਨਾਲ ਸਾਫ਼ਟਵੇਅਰ ਦੀਆਂ ਅਜਿਹੀਆਂ ਕਮਜ਼ੋਰੀਆਂ ਦੀ ਪਛਾਣ ਅਤੇ ਜਾਂਚ ਕੀਤੀ, ਜਿਨ੍ਹਾਂ ਦਾ ਪਤਾ ਲਗਾਉਣਾ ਰਵਾਇਤੀ ਤਰੀਕਿਆਂ ਨਾਲ ਮੁਸ਼ਕਲ ਹੋ ਸਕਦਾ ਸੀ। ਵੱਖ-ਵੱਖ ਖੋਜ ਟੀਮਾਂ ਨੇ ਇਨ੍ਹਾਂ ਖ਼ਾਮੀਆਂ ਦੀ ਪੜਤਾਲ ਅਤੇ ਹੱਲ ਤਿਆਰ ਕਰਨ ਦੇ ਯਤਨਾਂ ਵਿੱਚ ਯੋਗਦਾਨ ਪਾਇਆ।

ਪਰ ਇੱਥੇ ਇੱਕ ਵੱਡਾ ਸਵਾਲ ਖੜ੍ਹਾ ਹੁੰਦਾ ਹੈ। ਜੇ ਬਣਾਉਟੀ ਬੁੱਧੀ ਸੁਰੱਖਿਆ ਮਾਹਿਰਾਂ ਨੂੰ ਕਮਜ਼ੋਰੀਆਂ ਲੱਭਣ ਵਿੱਚ ਮਦਦ ਕਰ ਸਕਦੀ ਹੈ, ਤਾਂ ਇਹੀ ਤਕਨੀਕ ਹਮਲਾਵਰਾਂ ਨੂੰ ਵੀ ਕਮਜ਼ੋਰੀਆਂ ਸਮਝਣ, ਹਮਲਿਆਂ ਦੀ ਤਿਆਰੀ ਕਰਨ ਅਤੇ ਆਪਣੀਆਂ ਕੋਸ਼ਿਸ਼ਾਂ ਤੇਜ਼ ਕਰਨ ਵਿੱਚ ਸਹਾਇਤਾ ਦੇ ਸਕਦੀ ਹੈ।

ਇਸ ਲਈ ਤਕਨੀਕੀ ਤਰੱਕੀ ਨੂੰ ਆਪਣੇ ਆਪ ਸੁਰੱਖਿਆ ਦੀ ਗਾਰੰਟੀ ਨਹੀਂ ਮੰਨਿਆ ਜਾ ਸਕਦਾ। ਨਵੀਆਂ ਸਮਰੱਥਾਵਾਂ ਨਾਲ ਨਵੀਆਂ ਜ਼ਿੰਮੇਵਾਰੀਆਂ ਵੀ ਜੁੜਦੀਆਂ ਹਨ। ਜੇ ਰੱਖਿਆ ਕਰਨ ਵਾਲੇ ਤਕਨੀਕੀ ਸਾਧਨਾਂ ਦੀ ਵਰਤੋਂ ਕਰਨ ਵਿੱਚ ਪਿੱਛੇ ਰਹਿ ਗਏ, ਤਾਂ ਹਮਲਾਵਰਾਂ ਨੂੰ ਫ਼ਾਇਦਾ ਹੋ ਸਕਦਾ ਹੈ। ਦੂਜੇ ਪਾਸੇ, ਜੇ ਖੋਜਕਰਤਾ, ਸਾਫ਼ਟਵੇਅਰ ਬਣਾਉਣ ਵਾਲੇ ਅਤੇ ਸੁਰੱਖਿਆ ਅਦਾਰੇ ਆਪਸੀ ਤਾਲਮੇਲ ਨਾਲ ਕੰਮ ਕਰਨ, ਤਾਂ ਸੰਭਾਵੀ ਨੁਕਸਾਨ ਘਟਾਇਆ ਜਾ ਸਕਦਾ ਹੈ।

ਇਸ ਘਟਨਾ ਵਿੱਚ ਜ਼ਿੰਮੇਵਾਰੀ ਸਿਰਫ਼ ਸਾਫ਼ਟਵੇਅਰ ਬਣਾਉਣ ਵਾਲਿਆਂ ਦੀ ਨਹੀਂ ਬਣਦੀ। ਵੈੱਬਸਾਈਟਾਂ ਦੇ ਮਾਲਕਾਂ, ਸਰਵਰ ਚਲਾਉਣ ਵਾਲੀਆਂ ਕੰਪਨੀਆਂ, ਸਰਕਾਰੀ ਵਿਭਾਗਾਂ ਅਤੇ ਸੁਰੱਖਿਆ ਪ੍ਰਬੰਧਕਾਂ ਦੀ ਵੀ ਬਰਾਬਰ ਮਹੱਤਤਾ ਹੈ।

ਸਾਫ਼ਟਵੇਅਰ ਬਣਾਉਣ ਵਾਲਿਆਂ ਨੂੰ ਸਮੇਂ ਸਿਰ ਸੁਰੱਖਿਆ ਸੁਧਾਰ ਜਾਰੀ ਕਰਨੇ ਚਾਹੀਦੇ ਹਨ। ਸੇਵਾ ਪ੍ਰਦਾਤਾਵਾਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਨ੍ਹਾਂ ਦੇ ਸਰਵਰਾਂ ਉੱਤੇ ਢੁੱਕਵੇਂ ਸੁਧਾਰ ਲਾਗੂ ਹੋਣ। ਵੱਡੇ ਅਦਾਰਿਆਂ ਨੂੰ ਆਪਣੀਆਂ ਪ੍ਰਣਾਲੀਆਂ ਦੀ ਨਿਯਮਤ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਐਮਰਜੈਂਸੀ ਹਾਲਾਤ ਲਈ ਪਹਿਲਾਂ ਤੋਂ ਯੋਜਨਾ ਬਣਾਉਣੀ ਚਾਹੀਦੀ ਹੈ।

ਇੱਕ ਹੋਰ ਅਹਿਮ ਨੁਕਤਾ ਇਹ ਹੈ ਕਿ ਸਿਰਫ਼ ਵੈੱਬਸਾਈਟ ਦਾ ਨਵਾਂ ਰੂਪ ਬਣਾਉਣਾ ਜਾਂ ਉਸ ਦੇ ਅੰਦਰਲੇ ਹੋਰ ਹਿੱਸਿਆਂ ਨੂੰ ਅੱਪਡੇਟ ਕਰਨਾ ਕਾਫ਼ੀ ਨਹੀਂ। ਜੇ ਮੁੱਢਲੀ ਪੀਐੱਚਪੀ ਪ੍ਰਣਾਲੀ ਹੀ ਕਮਜ਼ੋਰ ਹੋਵੇ, ਤਾਂ ਉਸ ਦਾ ਵੱਖਰੇ ਤੌਰ ਉੱਤੇ ਸੁਰੱਖਿਆ ਸੁਧਾਰ ਕਰਨਾ ਲਾਜ਼ਮੀ ਹੈ।

ਭਾਰਤ ਵਿੱਚ ਸਰਕਾਰੀ ਸੇਵਾਵਾਂ, ਬੈਂਕਿੰਗ, ਵਿੱਤੀ ਲੈਣ-ਦੇਣ, ਸਿੱਖਿਆ, ਸਿਹਤ ਅਤੇ ਖ਼ਬਰਾਂ ਦਾ ਵੱਡਾ ਹਿੱਸਾ ਅੰਤਰਜਾਲ ਨਾਲ ਜੁੜ ਰਿਹਾ ਹੈ।

ਅਜਿਹੇ ਮਾਹੌਲ ਵਿੱਚ ਸਾਈਬਰ ਸੁਰੱਖਿਆ ਨੂੰ ਸਿਰਫ਼ ਤਕਨੀਕੀ ਵਿਭਾਗ ਦਾ ਵਿਸ਼ਾ ਸਮਝਣਾ ਗੰਭੀਰ ਭੁੱਲ ਹੋਵੇਗੀ। ਇਹ ਲੋਕਾਂ ਦੇ ਨਿੱਜੀ ਅਧਿਕਾਰਾਂ, ਆਰਥਿਕ ਸੁਰੱਖਿਆ ਅਤੇ ਸਰਕਾਰੀ ਪ੍ਰਬੰਧ ਦੀ ਭਰੋਸੇਯੋਗਤਾ ਨਾਲ ਜੁੜਿਆ ਮਾਮਲਾ ਹੈ।

ਭਾਰਤੀ ਸਰਕਾਰੀ ਅਤੇ ਨਿੱਜੀ ਅਦਾਰਿਆਂ ਨੂੰ ਇਹ ਜਾਂਚਣਾ ਚਾਹੀਦਾ ਹੈ ਕਿ ਉਨ੍ਹਾਂ ਦੀਆਂ ਵੈੱਬਸਾਈਟਾਂ ਕਿਹੜੇ ਸੰਸਕਰਣਾਂ ਉੱਤੇ ਚੱਲ ਰਹੀਆਂ ਹਨ, ਉਨ੍ਹਾਂ ਦੇ ਸੁਰੱਖਿਆ ਸੁਧਾਰ ਲਾਗੂ ਹਨ ਜਾਂ ਨਹੀਂ ਅਤੇ ਉਨ੍ਹਾਂ ਦੇ ਸੇਵਾ ਪ੍ਰਦਾਤਾ ਸੰਕਟ ਵੇਲੇ ਕਿੰਨੀ ਤੇਜ਼ੀ ਨਾਲ ਕਾਰਵਾਈ ਕਰ ਸਕਦੇ ਹਨ। ਪੁਰਾਣੇ ਸਾਫ਼ਟਵੇਅਰ ਦੀ ਵਰਤੋਂ, ਬਿਨਾਂ ਨਿਗਰਾਨੀ ਵਾਲੇ ਸਰਵਰ ਅਤੇ ਅਸਪਸ਼ਟ ਜ਼ਿੰਮੇਵਾਰੀਆਂ ਵੱਡੇ ਖ਼ਤਰੇ ਬਣ ਸਕਦੇ ਹਨ।

ਆਮ ਵਰਤੋਂਕਾਰਾਂ ਨੂੰ ਵੀ ਵੱਖ-ਵੱਖ ਖਾਤਿਆਂ ਲਈ ਵੱਖਰੇ ਗੁਪਤ ਸ਼ਬਦ ਰੱਖਣੇ ਚਾਹੀਦੇ ਹਨ, ਜਿੱਥੇ ਸੰਭਵ ਹੋਵੇ ਉੱਥੇ ਦੋਹਰੀ ਪਛਾਣ-ਪੁਸ਼ਟੀ ਚਾਲੂ ਕਰਨੀ ਚਾਹੀਦੀ ਹੈ ਅਤੇ ਸ਼ੱਕੀ ਸੁਨੇਹਿਆਂ ਜਾਂ ਅਣਜਾਣ ਕੜੀਆਂ ਤੋਂ ਬਚਣਾ ਚਾਹੀਦਾ ਹੈ। ਹਾਲਾਂਕਿ, ਜੇ ਖ਼ਾਮੀ ਸਰਵਰ ਵਿੱਚ ਹੋਵੇ, ਤਾਂ ਵਰਤੋਂਕਾਰ ਦੇ ਇਹ ਕਦਮ ਉਸ ਦਾ ਬਦਲ ਨਹੀਂ ਬਣ ਸਕਦੇ; ਮੁੱਖ ਜ਼ਿੰਮੇਵਾਰੀ ਸੇਵਾ ਚਲਾਉਣ ਵਾਲਿਆਂ ਦੀ ਹੀ ਰਹਿੰਦੀ ਹੈ।

ਪੀਐੱਚਪੀਟੂਸ਼ੈੱਲ ਦਾ ਮਾਮਲਾ ਸਿਰਫ਼ ਇੱਕ ਤਕਨੀਕੀ ਖ਼ਾਮੀ ਦੀ ਕਹਾਣੀ ਨਹੀਂ। ਇਹ ਉਸ ਡਿਜੀਟਲ ਢਾਂਚੇ ਦੀ ਕਮਜ਼ੋਰੀ ਨੂੰ ਉਜਾਗਰ ਕਰਦਾ ਹੈ, ਜਿਸ ਉੱਤੇ ਆਧੁਨਿਕ ਸੰਸਾਰ ਦਾ ਵੱਡਾ ਹਿੱਸਾ ਨਿਰਭਰ ਹੈ। ਜਦੋਂ ਇੱਕ ਸਾਂਝੀ ਤਕਨੀਕ ਵਿੱਚ ਨੁਕਸ ਪੈਂਦਾ ਹੈ, ਤਾਂ ਉਸ ਦਾ ਪ੍ਰਭਾਵ ਕਈ ਦੇਸ਼ਾਂ, ਸੰਸਥਾਵਾਂ ਅਤੇ ਕਰੋੜਾਂ ਲੋਕਾਂ ਤੱਕ ਪਹੁੰਚ ਸਕਦਾ ਹੈ।

ਇਸ ਘਟਨਾ ਦਾ ਹੱਲ ਸਿਰਫ਼ ਨਵੇਂ ਸੁਰੱਖਿਆ ਸੁਧਾਰ ਜਾਰੀ ਕਰਨਾ ਨਹੀਂ, ਸਗੋਂ ਸੁਰੱਖਿਆ ਨੂੰ ਤਕਨੀਕੀ ਵਿਕਾਸ ਦਾ ਮੁੱਢਲਾ ਹਿੱਸਾ ਬਣਾਉਣਾ ਹੈ। ਖ਼ਾਮੀਆਂ ਦੀ ਸਮੇਂ ਸਿਰ ਪਛਾਣ, ਜ਼ਿੰਮੇਵਾਰ ਖੁਲਾਸਾ, ਤੁਰੰਤ ਸੁਧਾਰ, ਨਿਯਮਤ ਜਾਂਚ ਅਤੇ ਸੰਕਟ ਸਮੇਂ ਸਾਂਝੀ ਕਾਰਵਾਈ—ਇਹ ਸਾਰੇ ਕਦਮ ਇਕੱਠੇ ਹੀ ਪ੍ਰਭਾਵਸ਼ਾਲੀ ਹੋ ਸਕਦੇ ਹਨ। ਡਿਜੀਟਲ ਯੁੱਗ ਵਿੱਚ ਅਸਲ ਤਾਕਤ ਸਿਰਫ਼ ਤੇਜ਼ ਤਕਨੀਕ ਬਣਾਉਣ ਵਿੱਚ ਨਹੀਂ, ਸਗੋਂ ਉਸ ਨੂੰ ਸੁਰੱਖਿਅਤ, ਭਰੋਸੇਯੋਗ ਅਤੇ ਜਵਾਬਦੇਹ ਬਣਾਉਣ ਵਿੱਚ ਹੈ। ਜੇ ਵਿਕਾਸ ਦੀ ਦੌੜ ਵਿੱਚ ਸੁਰੱਖਿਆ ਨੂੰ ਪਿੱਛੇ ਛੱਡ ਦਿੱਤਾ ਗਿਆ, ਤਾਂ ਇੱਕ ਛੋਟੀ ਜਿਹੀ ਤਕਨੀਕੀ ਖ਼ਾਮੀ ਵੀ ਵਿਸ਼ਵ ਪੱਧਰੀ ਸੰਕਟ ਦਾ ਰੂਪ ਧਾਰ ਸਕਦੀ ਹੈ।

ਤਾਇਕਵਾਂਡੋ ਅੰਡਰ-14 ਲੜਕੀਆਂ ਦੇ ਮੁਕਾਬਲੇ ਪਲੇਅ ਵੇਜ਼ ਸੀਨੀਅਰ ਸੈਕੰਡਰੀ ਸਕੂਲ 'ਚ ਕਰਵਾਏ ਗਏ



ਪਟਿਆਲਾ, 31 ਅਕਤੂਬਰ
-ਜੀ. ਐਸ. ਤੁੰਗ--

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ,ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਪਲੇਅ ਵੇਜ਼ ਸੀਨੀਅਰ ਸੈਕੰਡਰੀ ਸਕੂਲ ਪਟਿਆਲੇ ਵਿਖੇ ਅੰਡਰ-14 ਲੜਕੀਆਂ ਦੇ ਤਾਇਕਵਾਂਡੋ ਦੇ ਮੁਕਾਬਲੇ ਕਰਵਾਏ ਗਏ।ਅੰਡਰ-14 ਲੜਕਿਆਂ ਦੇ ਤਾਇਕਵਾਂਡੋ ਮੁਕਾਬਲਿਆਂ ਵਿੱਚ - 18 ਕਿਲੋ ਭਾਰ ਵਿੱਚ ਗਗਨਪ੍ਰੀਤ ਕੌਰ ਨੇ ਗੋਲਡ,ਲਵੀਨਾ ਸ਼ਰਮਾ ਨੇ ਸਿਲਵਰ,- 20 ਕਿਲੋ ਭਾਰ ਵਿੱਚ ਅਲੀਕਾ ਨੇ ਗੋਲਡ,ਹਰਸ਼ਿਤਾ ਨੇ ਸਿਲਵਰ, ਗੁਰਵੀਰ ਕੌਰ ਨੇ ਬਰਾਉਨਜ਼,-38 ਕਿਲੋ ਭਾਰ ਵਿੱਚ ਜਸਕੀਰਤ ਨੇ ਗੋਲਡ,ਸਹਿਜਲੀਨ ਕੌਰ ਨੇ ਸਿਲਵਰ,ਪ੍ਰਤੀਕਸ਼ਾ ਨੇ ਬਰਾਉਨਜ਼ ਮੈਡਲ ਜਿੱਤੇ।ਮੁੱਖ ਮਹਿਮਾਨ ਦੇ ਤੌਰ ਤੇ ਡੀਐਸਸੀ ਡਾ.ਦਲਜੀਤ ਸਿੰਘ ਤੇ ਡਾ ਰਾਜਦੀਪ ਸਿੰਘ (ਚੇਅਰਮੈਨ) ਪਲੇਅ ਵੇਜ਼ ਸੀਨੀਅਰ ਸੈਕੰਡਰੀ ਸਕੂਲ ਉਚੇਚੇ ਤੌਰ ਤੇ ਪਹੁੰਚ ਕੇ ਜੇਤੂ ਖਿਡਾਰਨਾਂ ਨੂੰ ਮੈਡਲ ਪਾ ਕੇ ਸਨਮਾਨਿਤ ਕੀਤਾ।ਇਸ ਮੌਕੇ ਤੇ ਅਬਜਰਵਰ ਨਿਖਿਲ ਹੰਸ,ਰਵੀ ਸਿੰਘ-ਟੈਕਨੀਕਲ ਕਮੇਟੀ ਮੈਂਬਰ,ਸ਼ਸ਼ੀ ਮਾਨ,ਡਾ ਆਸਾ ਸਿੰਘ,ਸਤਵਿੰਦਰ ਸਿੰਘ ਤਾਇਕਵਾਂਡੋ ਕੋਚ,ਸੁਰਿੰਦਰਪਾਲ ਸਿੰਘ ਐਸਪੀ,ਹਰਜੀਤ ਸਿੰਘ, ਗੁਰਪਿਆਰ ਸਿੰਘ,ਮੋਹਿਤ ਕੁਮਾਰ,ਰੇਨੂ ਕੌਸ਼ਲ, ਅਜਮੇਰ ਸਿੰਘ, ਬੁੱਧਰਾਮ,ਗੁਰਪ੍ਰੀਤ ਸਿੰਘ,ਚਿਰਾਗ਼ ਕੁਮਾਰ, ਕੁਲਦੀਪ ਕੌਰ,ਮਮਤਾ ਰਾਣੀ, ਅਮਨਦੀਪ ਕੌਰ ਕੋਚ,ਪ੍ਰੈੱਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

ਪੀਆਰਟੀਸੀ ਦੀ 248ਵੀਂ ਬੋਰਡ ਆਫ਼ ਡਾਇਰੈਕਟਰਜ਼ ਦੀ ਮੀਟਿੰਗ ਵਿੱਚ ਮੁਲਾਜ਼ਮ ਪੱਖੀ ਫ਼ੈਸਲਿਆਂ ਸਮੇਤ ਵਿਕਾਸ ਕਾਰਜਾਂ ਨੂੰ ਦਿੱਤੀ ਗਈ ਨਵੀਂ ਰਫ਼ਤਾਰ



ਪਟਿਆਲਾ, 31 ਅਕਤੂਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੀ 248ਵੀਂ ਬੋਰਡ ਆਫ਼ ਡਾਇਰੈਕਟਰਜ਼ ਦੀ ਮੀਟਿੰਗ ਅੱਜ ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਜਿੱਥੇ ਮੁਲਾਜ਼ਮ ਜਥੇਬੰਦੀਆਂ ਦੀਆਂ ਮੰਗਾਂ ਅਤੇ ਸੁਝਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਭਾਗ ਦੇ ਮੁਲਾਜ਼ਮ ਪੱਖੀ ਫ਼ੈਸਲੇ ਲਏ ਗਏ, ਉੱਥੇ ਹੀ ਪੀਆਰਟੀਸੀ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਦੀ ਆਰਥਿਕ ਸਥਿਤੀ ਵਿੱਚ ਸੁਧਾਰ ਲਿਆਉਣ ਸਬੰਧੀ ਵੱਖ-ਵੱਖ ਵਿਕਾਸ ਕਾਰਜਾਂ ਦੀ ਵਿਸਥਾਰਪੂਰਵਕ ਸਮੀਖਿਆ ਵੀ ਕੀਤੀ ਗਈ।

ਮੀਟਿੰਗ ਵਿੱਚ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ, ਵਧੀਕ ਮੈਨੇਜਿੰਗ ਡਾਇਰੈਕਟਰ ਨਵਦੀਪ ਕੁਮਾਰ, ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ, ਡਾਇਰੈਕਟਰ ਗੁਰਪ੍ਰੀਤ ਸਿੰਘ ਵਿਰਕ, ਚੀਫ਼ ਅਕਾਊਂਟਸ ਅਫ਼ਸਰ ਰਾਜੇਸ਼ ਸ਼ਰਮਾ, ਜਨਰਲ ਮੈਨੇਜਰ (ਪ੍ਰਸ਼ਾਸਨ) ਅਮਨਵੀਰ ਸਿੰਘ ਟਿਵਾਣਾ, ਕਾਰਜਕਾਰੀ ਇੰਜੀਨੀਅਰ ਜਤਿੰਦਰਪਾਲ ਸਿੰਘ ਗਰੇਵਾਲ, ਜਨਰਲ ਮੈਨੇਜਰ (ਖਰੀਦ) ਮੋਹਿੰਦਰਪਾਲ ਸਿੰਘ ਅਤੇ ਜਨਰਲ ਮੈਨੇਜਰ (ਕੰਪਿਊਟਰਜ਼) ਰਮਨ ਸ਼ਰਮਾ ਸਮੇਤ ਵਿੱਤ ਵਿਭਾਗ ਅਤੇ ਸਟੇਟ ਟਰਾਂਸਪੋਰਟ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ। ਪੀਆਰਟੀਸੀ ਚੇਅਰਮੈਨ ਹਰਪਾਲ ਜੁਨੇਜਾ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਪੀਆਰਟੀਸੀ ਦੇ ਭਵਿੱਖੀ ਵਿਕਾਸ ਅਤੇ ਆਮਦਨ ਦੇ ਨਵੇਂ ਸਰੋਤ ਪੈਦਾ ਕਰਨ ਦੇ ਉਦੇਸ਼ ਨਾਲ ਚਲਾਏ ਜਾ ਰਹੇ ਅਹਿਮ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ। ਇਨ੍ਹਾਂ ਵਿੱਚ ਮੁੱਖ ਦਫ਼ਤਰ ਅਤੇ ਡਿਪੂਆਂ ਵਿੱਚ ਸੋਲਰ ਸਿਸਟਮ ਲਗਾਉਣ, ਰਿਟੇਲ ਪੈਟਰੋਲ ਪੰਪ ਸ਼ੁਰੂ ਕਰਨ, ਪੁਰਾਣੇ ਬੱਸ ਸਟੈਂਡ ਨੂੰ ਮੁੜ ਚਾਲੂ ਕਰਨ ਅਤੇ ਪੀਆਰਟੀਸੀ ਦੀ ਆਪਣੀ ਮਾਲਕੀ ਵਾਲੀਆਂ 309 ਨਵੀਆਂ ਸਧਾਰਨ ਬੱਸਾਂ ਨੂੰ ਕਾਰਪੋਰੇਸ਼ਨ ਦੇ ਬੇੜੇ ਵਿੱਚ ਸ਼ਾਮਲ ਕਰਨ ਸਬੰਧੀ ਚੱਲ ਰਹੇ ਕਾਰਜਾਂ ਦਾ ਜਾਇਜ਼ਾ ਲਿਆ ਗਿਆ।

ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਨ੍ਹਾਂ ਸਾਰੇ ਵਿਕਾਸ ਕਾਰਜਾਂ ਨੂੰ ਤੈਅ ਸਮੇਂ ਅੰਦਰ ਮੁਕੰਮਲ ਕਰਨ ਲਈ ਹੋਰ ਤੇਜ਼ੀ ਅਤੇ ਤਾਲਮੇਲ ਨਾਲ ਕੰਮ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੀਆਰਟੀਸੀ ਦੀ ਕਾਰਗੁਜ਼ਾਰੀ ਵਿੱਚ ਸੁਧਾਰ, ਯਾਤਰੀਆਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮੁਹੱਈਆ ਕਰਵਾਉਣਾ, ਕਾਰਪੋਰੇਸ਼ਨ ਦੇ ਸਰੋਤਾਂ ਦੀ ਸੁਚੱਜੀ ਵਰਤੋਂ ਅਤੇ ਇਸ ਨੂੰ ਆਰਥਿਕ ਤੌਰ 'ਤੇ ਹੋਰ ਮਜ਼ਬੂਤ ਬਣਾਉਣਾ ਮੁੱਖ ਤਰਜੀਹਾਂ ਹਨ।

ਉਨ੍ਹਾਂ ਇਹ ਵੀ ਕਿਹਾ ਕਿ ਪੀਆਰਟੀਸੀ ਦੀ ਤਰੱਕੀ ਵਿੱਚ ਮੁਲਾਜ਼ਮਾਂ ਦੀ ਅਹਿਮ ਭੂਮਿਕਾ ਹੈ ਅਤੇ ਮੁਲਾਜ਼ਮਾਂ ਦੇ ਜਾਇਜ਼ ਹਿੱਤਾਂ ਦੀ ਰਾਖੀ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਕਾਰਪੋਰੇਸ਼ਨ ਦੀ ਪਹਿਲ ਰਹੇਗੀ। ਮੁਲਾਜ਼ਮਾਂ ਦੀ ਭਲਾਈ ਅਤੇ ਵਿਭਾਗ ਦੇ ਵਿਕਾਸ ਨੂੰ ਨਾਲ-ਨਾਲ ਲੈ ਕੇ ਚੱਲਣ ਨਾਲ ਹੀ ਪੀਆਰਟੀਸੀ ਨੂੰ ਹੋਰ ਮਜ਼ਬੂਤ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਵਾਲੀ ਟਰਾਂਸਪੋਰਟ ਬਣਾਇਆ ਜਾ ਸਕਦਾ ਹੈ।

ਖੁਰਾਕ ਸੁਰੱਖਿਆ ਵਿਭਾਗ, ਪਟਿਆਲਾ ਨੇ ਸਖ਼ਤੀ ਵਧਾਈ

ਪਟਿਆਲਾ, 31 ਅਕਤੂਬਰ
-ਜੀ. ਐਸ. ਤੁੰਗ-

ਤਿਉਹਾਰਾਂ ਦੇ ਸੀਜ਼ਨ ਦੌਰਾਨ ਖੁਰਾਕ ਸੁਰੱਖਿਆ ਵਿਭਾਗ, ਪਟਿਆਲਾ ਨੇ ਜ਼ਿਲ੍ਹੇ ਭਰ ਵਿੱਚ ਖੁਰਾਕੀ ਪਦਾਰਥਾਂ ਵਿੱਚ ਮਿਲਾਵਟ ਅਤੇ ਨਿਰਧਾਰਤ ਖੁਰਾਕ ਸੁਰੱਖਿਆ ਮਾਪਦੰਡਾਂ ਦੀ ਉਲੰਘਣਾ ਵਿਰੁੱਧ ਆਪਣੀ ਕਾਰਵਾਈ ਤੇਜ਼ ਕਰ ਦਿੱਤੀ ਹੈ। ਸਤੰਬਰ ਅਤੇ ਅਕਤੂਬਰ 2026 ਦੌਰਾਨ, ਵਿਭਾਗ ਨੇ ਕੁੱਲ 136 ਖੁਰਾਕੀ ਨਮੂਨੇ ਇਕੱਠੇ ਕੀਤੇ ਅਤੇ ਜਨਤਕ ਸਿਹਤ ਦੀ ਰਾਖੀ ਲਈ, ਖਾਸ ਤੌਰ 'ਤੇ ਤਿਉਹਾਰਾਂ ਦੇ ਸੀਜ਼ਨ ਤੋਂ ਪਹਿਲਾਂ ਦੁੱਧ, ਪਨੀਰ, ਘਿਓ ਅਤੇ ਹੋਰ ਖੁਰਾਕੀ ਪਦਾਰਥਾਂ ਦੀ ਵੱਡੀ ਮਾਤਰਾ ਜ਼ਬਤ ਕੀਤੀ।

ਇਨ੍ਹਾਂ ਕਾਰਵਾਈਆਂ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿਹਤ ਅਧਿਕਾਰੀ ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਰਾਜਪੁਰਾ ਤੋਂ 547 ਕਿਲੋ ਪਨੀਰ ਜ਼ਬਤ ਕੀਤਾ ਗਿਆ, ਅਤੇ ਚਤਹਿਰਾ ਤੋਂ 120 ਕਿਲੋ ਪਨੀਰ ਜ਼ਬਤ ਕੀਤਾ ਗਿਆ।

ਇੱਕ ਵੱਡੀ ਕਾਰਵਾਈ ਦੌਰਾਨ, ਪਟਿਆਲਾ ਦੇ 'ਰਾਜੇਸ਼ ਟਰੇਡਰਜ਼' ਤੋਂ ਪੰਜ ਕੁਇੰਟਲ (500 ਕਿਲੋ) ਘਿਓ ਜ਼ਬਤ ਕੀਤਾ ਗਿਆ, ਜਿਸ 'ਤੇ ਖੁਰਾਕ ਸੁਰੱਖਿਆ ਨਿਯਮਾਂ ਦੀ ਉਲੰਘਣਾ ਦਾ ਸ਼ੱਕ ਸੀ।

ਇਸ ਤੋਂ ਇਲਾਵਾ, ਇਸ ਮੁਹਿੰਮ ਦੌਰਾਨ ਸਿਹਤ ਸਪਲੀਮੈਂਟਾਂ ਨਾਲ ਸਬੰਧਤ 21 ਵੱਖ-ਵੱਖ ਉਤਪਾਦ ਵੀ ਜ਼ਬਤ ਕੀਤੇ ਗਏ। ਵਿਭਾਗ ਨੇ ਖੁਰਾਕ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਨ ਕਾਰਨ ਦੋ ਖੁਰਾਕ ਕਾਰੋਬਾਰੀਆਂ 'ਮਿੱਤਲ ਪਤੀਸਾ' ਅਤੇ 'ਵੈਦ ਵਿਦਿਆਸਾਗਰ ਪ੍ਰਾਈਵੇਟ ਲਿਮਟਿਡ' ਦੇ ਲਾਇਸੈਂਸ ਵੀ ਮੁਅੱਤਲ ਕਰ ਦਿੱਤੇ ਹਨ।

ਇਸ ਦੇ ਨਾਲ ਹੀ, ਖੁਰਾਕ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਨਾ ਕਰਨ ਅਤੇ ਕਮੀਆਂ ਪਾਏ ਜਾਣ 'ਤੇ ਕਾਰੋਬਾਰੀਆਂ ਨੂੰ 21 ਸੁਧਾਰ ਨੋਟਿਸ ਜਾਰੀ ਕੀਤੇ ਗਏ, ਜਦਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ 6 ਚਲਾਨ ਕੱਟੇ ਗਏ।

ਉਨ੍ਹਾਂ ਕਿਹਾ ਕਿ ਸਖ਼ਤ ਕਾਰਵਾਈਆਂ ਦੇ ਨਾਲ-ਨਾਲ, ਖੁਰਾਕ ਸੁਰੱਖਿਆ ਵਿਭਾਗ ਨੇ ਖੁਰਾਕ ਸੁਰੱਖਿਆ ਅਤੇ ਸਾਫ਼-ਸਫ਼ਾਈ ਨੂੰ ਉਤਸ਼ਾਹਿਤ ਕਰਦਿਆਂ ਤਿਉਹਾਰਾਂ ਦੇ ਸੀਜ਼ਨ ਤੋਂ ਪਹਿਲਾਂ ਮਿਠਾਈਆਂ ਦੀਆਂ ਦੁਕਾਨਾਂ ਦੇ ਮਾਲਕਾਂ, ਡੇਅਰੀ ਉਤਪਾਦ ਵੇਚਣ ਵਾਲਿਆਂ ਅਤੇ ਡੇਅਰੀ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਲਈ ਜਾਗਰੂਕਤਾ ਮੀਟਿੰਗਾਂ ਦਾ ਆਯੋਜਨ ਕੀਤਾ।

ਇਨ੍ਹਾਂ ਮੀਟਿੰਗਾਂ ਦੌਰਾਨ, ਫੂਡ ਬਿਜ਼ਨਸ ਆਪਰੇਟਰਾਂ ਨੂੰ ਪਨੀਰ, ਖੋਆ ਅਤੇ ਹੋਰ ਡੇਅਰੀ ਉਤਪਾਦਾਂ ਦੀ ਖਰੀਦ ਕਰਦੇ ਸਮੇਂ, ਖਾਸ ਕਰਕੇ ਦੂਜੇ ਰਾਜਾਂ ਦੇ ਸਪਲਾਇਰਾਂ ਤੋਂ, ਸਖ਼ਤ ਚੌਕਸੀ ਵਰਤਣ ਦੇ ਨਿਰਦੇਸ਼ ਦਿੱਤੇ ਗਏ ਸਨ। ਜ਼ਿਲ੍ਹਾ ਸਿਹਤ ਅਧਿਕਾਰੀ ਨੇ ਦੱਸਿਆ ਕਿ ਉਨ੍ਹਾਂ ਨੂੰ ਇਹ ਵੀ ਹਦਾਇਤ ਕੀਤੀ ਗਈ ਸੀ ਕਿ ਉਹ ਸਿਰਫ਼ ਭਰੋਸੇਯੋਗ ਸਰੋਤਾਂ ਤੋਂ ਹੀ ਭੋਜਨ ਉਤਪਾਦ ਖਰੀਦਣ ਅਤੇ ਟਰੇਸੇਬਿਲਟੀ ਅਤੇ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ ਸਹੀ ਬਿੱਲ, ਇਨਵੌਇਸ ਅਤੇ ਸਪਲਾਇਰ ਰਿਕਾਰਡ ਰੱਖਣ।

ਡਾ. ਗੁਰਪ੍ਰੀਤ ਕੌਰ ਨੇ ਅੱਗੇ ਕਿਹਾ ਕਿ ਉਲੰਘਣਾ ਕਰਨ ਵਾਲਿਆਂ ਵਿਰੁੱਧ ਵਧੀਕ ਡਿਪਟੀ ਕਮਿਸ਼ਨਰ (ਏ.ਡੀ.ਸੀ.) ਅਤੇ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ (ਸੀ.ਜੇ.ਐਮ.) ਦੀਆਂ ਅਦਾਲਤਾਂ ਵਿੱਚ, ਜਿਵੇਂ ਵੀ ਲਾਗੂ ਹੋਵੇ, ਕਾਨੂੰਨ ਦੇ ਸੰਬੰਧਿਤ ਉਪਬੰਧਾਂ ਦੇ ਅਨੁਸਾਰ ਕਾਨੂੰਨੀ ਕਾਰਵਾਈ ਵੀ ਸ਼ੁਰੂ ਕੀਤੀ ਜਾ ਰਹੀ ਹੈ।

ਜ਼ਿਲ੍ਹਾ ਸਿਹਤ ਅਫ਼ਸਰ ਨੇ ਜ਼ੋਰ ਦੇ ਕੇ ਕਿਹਾ ਕਿ ਫੂਡ ਸੇਫਟੀ ਟੀਮ, ਪਟਿਆਲਾ, ਤਿਉਹਾਰਾਂ ਦੇ ਸੀਜ਼ਨ ਦੌਰਾਨ ਨਿਰਧਾਰਤ ਭੋਜਨ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਜਨਤਕ ਸਿਹਤ ਦੀ ਰੱਖਿਆ ਕਰਨ ਲਈ ਜ਼ਿਲ੍ਹੇ ਭਰ ਵਿੱਚ ਸਖ਼ਤ ਨਿਰੀਖਣ, ਨਿਗਰਾਨੀ ਅਤੇ ਸੈਂਪਲਿੰਗ ਮੁਹਿੰਮਾਂ ਜਾਰੀ ਰੱਖੇਗੀ। ਉਨ੍ਹਾਂ ਕਿਹਾ ਕਿ ਸਾਰੇ ਫੂਡ ਬਿਜ਼ਨਸ ਆਪਰੇਟਰਾਂ ਨੂੰ ਕਾਨੂੰਨੀ ਜ਼ਰੂਰਤਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਅਪੀਲ ਕੀਤੀ ਗਈ ਹੈ ਤਾਂ ਕਿ ਖਪਤਕਾਰਾਂ ਨੂੰ ਸਿਰਫ਼ ਸੁਰੱਖਿਅਤ, ਸਵੱਛ ਅਤੇ ਗੁਣਵੱਤਾ ਵਾਲੇ ਭੋਜਨ ਉਤਪਾਦ ਹੀ ਸਪਲਾਈ ਕੀਤੇ ਜਾਣ।

ਆਈ ਜੇ ਡੋਡਾ ਫਾਊਂਡੇਸ਼ਨ ਵੱਲੋਂ ਸਰਕਾਰੀ ਸਮਾਰਟ ਸਕੂਲ, ਸਿਵਲ ਲਾਈਨਜ਼ ਵਿਖੇ 'ਸੀਡ-ਬਾਲ' ਵਰਕਸ਼ਾਪ

ਪਟਿਆਲਾ, 31 ਅਕਤੂਬਰ
-ਛਤਰਪਾਲ ਸਿੰਘ--

ਆਈ. ਜੇ. ਡੋਡਾ ਫਾਊਂਡੇਸ਼ਨ) ਨੇ, ਵਾਤਾਵਰਣ ਪ੍ਰੇਮੀ ਪ੍ਰਧਾਨ ਜੋਨੀਤਾ ਡੋਡਾ ਦੀ ਅਗਵਾਈ ਹੇਠ, ਅੱਜ ਇਥੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸਿਵਲ ਲਾਈਨਜ਼ ਵਿਖੇ 'ਵਾਤਾਵਰਣ ਸਿੱਖਿਆ ਪ੍ਰੋਗਰਾਮ 2026-27' ਤਹਿਤ ਬੀਜ-ਬਾਲਾਂ ਰਾਹੀਂ ਹਰਿਆਲੀ ਵਧਾਉਣਾ ਵਿਸ਼ੇ 'ਤੇ ਇੱਕ ਵਰਕਸ਼ਾਪ ਕਰਵਾਈ। ਫਾਊਂਡੇਸ਼ਨ ਨੇ ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਦੇ ਸਹਿਯੋਗ ਨਾਲ 'ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ' ਦੀ ਰਾਜ ਪੱਧਰੀ ਨੋਡਲ ਏਜੰਸੀ ਵਜੋਂ ਕੰਮ ਕਰਦਿਆਂ ਇਹ ਪ੍ਰੋਗਰਾਮ ਆਯੋਜਿਤ ਕੀਤਾ।



ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ, ਜੋਨੀਤਾ ਡੋਡਾ ਨੇ ਫਾਊਂਡੇਸ਼ਨ ਦੇ ਮੁਨਾਫ਼ੇ ਤੋਂ ਉੱਪਰ ਗ੍ਰਹਿ-ਧਰਤੀ ਦੇ ਫ਼ਲਸਫ਼ੇ ਤਹਿਤ ਜੈਵ-ਵਿਭਿੰਨਤਾ ਦੀ ਸੰਭਾਲ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੇ ਮਹੱਤਵ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਵਾਤਾਵਰਣ ਵਿੱਚ ਅਰਥਪੂਰਨ ਤਬਦੀਲੀ ਜਾਗਰੂਕਤਾ ਅਤੇ ਸਿੱਖਿਆ ਤੋਂ ਸ਼ੁਰੂ ਹੁੰਦੀ ਹੈ ਅਤੇ ਸਮੂਹਿਕ ਯਤਨਾਂ ਰਾਹੀਂ ਅੱਗੇ ਵਧਦੀ ਹੈ। 'ਸੀਡ-ਬਾਲ' ਮਾਹਿਰਾਂ ਨਿਰਮਲ ਡੋਗਰਾ, ਸੁਨੀਲ ਕੁਮਾਰ ਅਤੇ ਸੰਦੀਪ ਕੁਮਾਰ, ਨੇ ਬੀਜ-ਬਾਲ ਤਿਆਰ ਕਰਨ ਦੀ ਵਿਧੀ ਕਰਕੇ ਦਿਖਾਈ ਅਤੇ ਦੱਸਿਆ ਕਿ ਇਹ ਬਨਸਪਤੀ ਦੇ ਵਿਕਾਸ ਅਤੇ ਵਾਤਾਵਰਣਿਕ ਬਹਾਲੀ ਵਿੱਚ ਕਿਵੇਂ ਮਦਦਗਾਰ ਹੋ ਸਕਦੇ ਹਨ। ਇਸ ਮੌਕੇ ਸਿੱਖਣ ਦੇ ਤਜਰਬੇ ਨੂੰ ਦਿਲਚਸਪ ਅਤੇ ਸੰਵਾਦਮਈ ਬਣਾਉਣ ਲਈ ਇੱਕ ਦੋਸਤਾਨਾ ਮੁਕਾਬਲਾ ਵੀ ਕਰਵਾਇਆ ਗਿਆ।

ਜੋਨੀਤਾ ਡੋਡਾ ਨੇ ਕਿਹਾ ਕਿ ਆਪਣੀ 'ਸੀਡਜ਼ ਆਫ਼ ਚੇਂਜ' ਪਹਿਲਕਦਮੀ ਦੇ ਹਿੱਸੇ ਵਜੋਂ, ਫਾਊਂਡੇਸ਼ਨ ਹਜ਼ਾਰਾਂ ਬੀਜ-ਗੋਲੇ ਤਿਆਰ ਕਰਨ ਦੀ ਯੋਜਨਾ ਬਣਾ ਰਹੀ ਹੈ। ਇਨ੍ਹਾਂ ਨੂੰ ਤਿੰਨ ਜ਼ਿਲ੍ਹਿਆਂ ਵਿੱਚ ਵਾਤਾਵਰਣ ਪੱਖੋਂ ਢੁਕਵੀਆਂ ਥਾਵਾਂ 'ਤੇ ਖਿੰਡਾਇਆ ਜਾਵੇਗਾ, ਜਿਸ ਵਿੱਚ ਸ਼ਿਵਾਲਿਕ ਪਹਾੜੀਆਂ ਦੇ ਚੁਣੇ ਹੋਏ ਖੇਤਰ ਵੀ ਸ਼ਾਮਲ ਹਨ। ਇਸ ਦਾ ਉਦੇਸ਼ ਹਰਿਆਲੀ ਨੂੰ ਮੁੜ ਸੁਰਜੀਤ ਕਰਨਾ ਅਤੇ ਸਥਾਨਕ ਵਾਤਾਵਰਣ ਪ੍ਰਣਾਲੀਆਂ ਦੀ ਬਹਾਲੀ ਵਿੱਚ ਯੋਗਦਾਨ ਪਾਉਣਾ ਹੈ।

ਜੋਨੀਤਾ ਡੋਡਾ ਨੇ ਵਰਕਸ਼ਾਪ ਦੇ ਆਯੋਜਨ ਵਿੱਚ ਸਹਿਯੋਗ ਲਈ ਸਕੂਲ ਦੀ ਪ੍ਰਿੰਸੀਪਲ ਸੀਮਾ ਉੱਪਲ ਅਤੇ ਡਿਪਟੀ ਡੀਈਓ ਰਵਿੰਦਰਪਾਲ ਸਿੰਘ ਸਮੇਤ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਇਸ ਦੌਰਾਨ ਫਾਊਂਡੇਸ਼ਨ ਦੇ ਟਰੱਸਟੀ ਜਸਵਿੰਦਰ ਡੋਡਾ, ਹਰਸ਼ਦੀਪ ਡੋਡਾ, ਸਕੂਲ ਦਾ ਸਟਾਫ਼, ਵਿਦਿਆਰਥੀ ਅਤੇ ਹੋਰ ਭਾਗੀਦਾਰ ਵੀ ਮੌਜੂਦ ਸਨ।



ਪੋਲੀਟਿਕਸ



ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਦੀ ਟੀਮ ਵੱਲੋਂ ਪਰਾਲੀ ਪ੍ਰਬੰਧਨ ਦੇ ਉਪਰਾਲਿਆਂ ਦਾ ਜਾਇਜ਼ਾ ਲੈਣ ਲਈ ਪਟਿਆਲਾ ਜ਼ਿਲ੍ਹੇ ਦਾ ਦੌਰਾ

ਪਟਿਆਲਾ, 31 ਅਕਤੂਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-



ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਦੀ ਟੀਮ ਨੇ ਝੋਨੇ ਦੀ ਮੌਜੂਦਾ ਵਾਢੀ ਦੇ ਸੀਜ਼ਨ ਦੌਰਾਨ ਪਰਾਲੀ ਦੇ ਸੁਚੱਜੇ ਪ੍ਰਬੰਧਨ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਬੰਧਤ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਪ੍ਰਬੰਧਾਂ ਅਤੇ ਉਪਰਾਲਿਆਂ ਦਾ ਜਾਇਜ਼ਾ ਲੈਣ ਲਈ ਪਟਿਆਲਾ ਜ਼ਿਲ੍ਹੇ ਦਾ ਦੌਰਾ ਕੀਤਾ।ਇਸ ਟੀਮ ਵਿੱਚ ਹਵਾ ਗੁਣਵੱਤਾ ਕਮਿਸ਼ਨ (ਸੀ.ਏ.ਕਿਊ.ਐਮ) ਦੇ ਤਕਨੀਕੀ ਮੈਂਬਰ ਡਾ. ਐੱਸ. ਡੀ. ਅੱਤਰੀ ਅਤੇ ਵਿਗਿਆਨੀ-ਸੀ, ਵਿਜੇ ਕੁਮਾਰ ਸ਼ਾਮਲ ਸਨ। ਦੌਰੇ ਦੌਰਾਨ ਕਮਿਸ਼ਨ ਦੀ ਟੀਮ ਨੇ ਸਭ ਤੋਂ ਪਹਿਲਾਂ ਤਹਿਸੀਲ ਸਮਾਣਾ ਦੇ ਪਿੰਡ ਬਦਨਪੁਰ ਵਿਖੇ ਸਥਿਤ ਮੈਸਰਜ਼ ਐੱਸ.ਪੀ.ਐੱਸ. ਈਕੋਫ੍ਰੈਂਡਲੀ ਫਿਊਲਜ਼ ਦੇ ਪਰਾਲੀ ਤੋਂ ਜੈਵਿਕ ਬਾਲਣ ਦੀਆਂ ਗੋਲੀਆਂ ਤਿਆਰ ਕਰਨ ਵਾਲੇ ਕਾਰਖਾਨੇ ਦਾ ਦੌਰਾ ਕੀਤਾ। ਟੀਮ ਦਾ ਸਵਾਗਤ ਕਰਦਿਆਂ ਉਪ ਮੰਡਲ ਮੈਜਿਸਟ੍ਰੇਟ ਸਮਾਣਾ ਰਿਚਾ ਗੋਇਲ ਨੇ ਪਰਾਲੀ ਪ੍ਰਬੰਧਨ ਸਬੰਧੀ ਜਾਣਕਾਰੀ ਦਿੱਤੀ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਕਮਿਸ਼ਨ ਦੀ ਟੀਮ ਨੇ ਕਾਰਖਾਨੇ ਦਾ ਨਿਰੀਖਣ ਕੀਤਾ ਅਤੇ ਪਰਾਲੀ ਤੋਂ ਜੈਵਿਕ ਬਾਲਣ ਦੀਆਂ ਗੋਲੀਆਂ ਤਿਆਰ ਕਰਨ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਲ ਕੀਤੀ। ਇਨ੍ਹਾਂ ਗੋਲੀਆਂ ਦੀ ਵਰਤੋਂ ਉਦਯੋਗਾਂ ਅਤੇ ਤਾਪ ਬਿਜਲੀ ਘਰਾਂ ਵਿੱਚ ਬਾਲਣ ਵਜੋਂ ਕੀਤੀ ਜਾਂਦੀ ਹੈ।

ਇਸ ਮੌਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਰਣਤੇਜ ਸ਼ਰਮਾ ਨੇ ਦੱਸਿਆ ਕਿ ਅਜਿਹੇ ਕਾਰਖਾਨੇ ਖੇਤਾਂ ਤੋਂ ਬਾਹਰ ਪਰਾਲੀ ਦੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਹ ਪਰਾਲੀ ਦੀ ਸੁਚੱਜੀ ਵਰਤੋਂ ਲਈ ਬਦਲਵਾਂ ਰਾਹ ਮੁਹੱਈਆ ਕਰਵਾਉਂਦੇ ਹਨ, ਜਿਸ ਨਾਲ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਬਚਣ ਵਿੱਚ ਮਦਦ ਮਿਲਦੀ ਹੈ ਅਤੇ ਇਸ ਨੂੰ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਵਿੱਚ ਯੋਗਦਾਨ ਪੈਂਦਾ ਹੈ।

ਇਸ ਤੋਂ ਬਾਅਦ ਕਮਿਸ਼ਨ ਦੀ ਟੀਮ ਨੇ ਤਹਿਸੀਲ ਪਾਤੜਾਂ ਦੇ ਪਿੰਡ ਦੁਤਾਲ ਅਤੇ ਪਿੰਡ ਗੁਲਾਹੜ ਦਾ ਦੌਰਾ ਕੀਤਾ। ਇਸ ਦੌਰਾਨ ਖੇਤਾਂ ਵਿੱਚ ਹੀ ਪਰਾਲੀ ਦੇ ਪ੍ਰਬੰਧਨ ਅਤੇ ਖੇਤਾਂ ਤੋਂ ਬਾਹਰ ਇਸ ਦੀ ਵਰਤੋਂ ਸਬੰਧੀ ਉਪਰਾਲਿਆਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਦੀ ਸਥਿਤੀ ਦਾ ਜਾਇਜ਼ਾ ਲਿਆ। ਟੀਮ ਨੇ ਦੋਵਾਂ ਪਿੰਡਾਂ ਦੇ ਕਿਸਾਨਾਂ ਨਾਲ ਗੱਲਬਾਤ ਵੀ ਕੀਤੀ। ਉਪ ਮੰਡਲ ਮੈਜਿਸਟ੍ਰੇਟ ਪਾਤੜਾਂ ਕਾਲਾ ਰਾਮ ਕਾਂਸਲ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਕਮਿਸ਼ਨ ਦੀ ਟੀਮ ਨੂੰ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਤਿਆਰੀਆਂ ਅਤੇ ਕਿਸਾਨਾਂ ਨੂੰ ਪਰਾਲੀ ਦੇ ਪ੍ਰਬੰਧਨ ਲਈ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਰੀ ਮੁਹੱਈਆ ਕਰਵਾਉਣ ਸਬੰਧੀ ਕੀਤੇ ਗਏ ਪ੍ਰਬੰਧਾਂ ਬਾਰੇ ਜਾਣੂ ਕਰਵਾਇਆ।

ਕਿਸਾਨਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਸਰਗਰਮ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਖੇਤੀਬਾੜੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ ਸਮੇਂ ਸਿਰ ਉਪਲਬਧ ਕਰਵਾਉਣ ਦੀ ਪ੍ਰਸ਼ੰਸਾ ਕੀਤੀ। ਕਿਸਾਨਾਂ ਅਨੁਸਾਰ, ਇਸ ਨਾਲ ਉਨ੍ਹਾਂ ਨੂੰ ਪਰਾਲੀ ਦੇ ਵਿਗਿਆਨਕ ਢੰਗ ਨਾਲ ਪ੍ਰਬੰਧਨ ਦੇ ਤਰੀਕੇ ਅਪਣਾਉਣ ਵਿੱਚ ਮਦਦ ਮਿਲੀ ਹੈ ਅਤੇ ਪਰਾਲੀ ਸਾੜਨ ਦੀ ਲੋੜ ਘਟੀ ਹੈ।

ਕਮਿਸ਼ਨ ਦੇ ਅਧਿਕਾਰੀਆਂ ਨੇ ਪਟਿਆਲਾ ਜ਼ਿਲ੍ਹੇ ਵਿੱਚ ਪਰਾਲੀ ਦੇ ਖੇਤਾਂ ਵਿੱਚ ਅਤੇ ਖੇਤਾਂ ਤੋਂ ਬਾਹਰ ਸੁਚੱਜੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ, ਖੇਤੀਬਾੜੀ ਵਿਭਾਗ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਕੀਤੀਆਂ ਜਾ ਰਹੀਆਂ ਪਹਿਲਕਦਮੀਆਂ ਅਤੇ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ। ਟੀਮ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਆਪਣੇ ਯਤਨ ਜਾਰੀ ਰੱਖਣ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਲਈ ਨਿਰੰਤਰ ਨਿਗਰਾਨੀ ਯਕੀਨੀ ਬਣਾਉਣ ਦੀ ਅਪੀਲ ਕੀਤੀ।

ਆਗਾਮੀ ਤਿਉਹਾਰਾਂ ਮੌਕੇ ਗਰੀਨ ਪਟਾਕੇ ਹੀ ਚਲਾਏ ਜਾ ਸਕਣਗੇ: ਵਧੀਕ ਜ਼ਿਲ੍ਹਾ ਮੈਜਿਸਟ੍ਰੇਟ

ਪਟਿਆਲਾ, 31 ਅਕਤੂਬਰ
-ਜੀ. ਐਸ. ਤੁੰਗ-

ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਨੁਪ੍ਰਿਤਾ ਜੌਹਲ ਨੇ ਸਾਇੰਸ ਐਂਡ ਟੈਕਨਾਲੋਜੀ ਅਤੇ ਵਾਤਾਵਰਣ ਵਿਭਾਗ ਪੰਜਾਬ ਵੱਲੋਂ ਮਾਣਯੋਗ ਸੁਪਰੀਮ ਕੋਰਟ ਅਤੇ ਗਰੀਨ ਟ੍ਰਿਬਿਊਨਲ ਦੇ ਹੁਕਮਾਂ ਤਹਿਤ ਪਟਿਆਲਾ ਜ਼ਿਲ੍ਹੇ ਅੰਦਰ ਪਟਾਕੇ ਚਲਾਉਣ ਅਤੇ ਆਤਿਸ਼ਬਾਜ਼ੀ ਬਣਾਉਣ, ਸਟੋਰ ਕਰਨ ਤੇ ਖਰੀਦਣ/ਵੇਚਣ ਨੂੰ ਨਿਯਮਤ ਕਰਨ ਸਬੰਧੀ ਇੱਕਤਰਫ਼ਾ ਹੁਕਮ ਜਾਰੀ ਕਰਦਿਆਂ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨ ਹਿਤ ਆਦੇਸ਼ ਜਾਰੀ ਕੀਤੇ ਹਨ।

ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਤਹਿਤ ਜਨਹਿਤ ਨੂੰ ਧਿਆਨ ਵਿੱਚ ਰਖਦਿਆਂ ਜਾਰੀ ਕੀਤੇ ਆਦੇਸ਼ਾਂ ਮੁਤਾਬਕ ਦੀਵਾਲੀ, ਗੁਰਪੁਰਬ, ਕ੍ਰਿਸਮਸ ਤੇ ਨਵੇਂ ਸਾਲ ਦੇ ਮੌਕੇ ਪਟਾਕੇ ਅਤੇ ਆਤਿਸ਼ਬਾਜੀ ਚਲਾਉਣ ਸਬੰਧੀ ਸਮਾਂ ਵੀ ਨਿਰਧਾਰਤ ਕੀਤਾ ਗਿਆ ਹੈ। ਹੁਕਮਾਂ ਮੁਤਾਬਕ ਮਾਣਯੋਗ ਸੁਪਰੀਮ ਕੋਰਟ ਵੱਲੋਂ ਸਿਵਲ ਰਿੱਟ ਪਟੀਸ਼ਨ ਨੰਬਰ 728 ਆਫ਼ 2015 'ਅਰਜਨ ਗੋਪਾਲ ਬਨਾਮ ਯੂਨੀਅਨ ਆਫ਼ ਇੰਡੀਆ ਤੇ ਹੋਰ' ਵਿੱਚ ਮਿਤੀ 23-10-2018, ਸੋਧੇ ਹੋਏ ਹੁਕਮ ਮਿਤੀ 30-10-2018 ਤੇ 31-10-2018 ਅਤੇ ਇਸ ਤੋਂ ਬਿਨ੍ਹਾਂ ਮਿਤੀ 9-10-2020 ਨੂੰ ਜਾਰੀ ਮਾਣਯੋਗ ਗ੍ਰੀਨ ਟ੍ਰਿਬਿਊਨਲ ਦੇ ਜਾਰੀ ਹੁਕਮ ਨੰਬਰ 249 ਆਫ਼ 2020 ਤਹਿਤ ਕੇਵਲ ਗਰੀਨ ਪਟਾਕੇ ਹੀ ਚਲਾਉਣ ਦੀ ਆਗਿਆ ਹੈ।

ਇਸ ਦੇ ਨਾਲ ਹੀ ਪਾਬੰਦੀਸ਼ੁਦਾ ਪਟਾਕਿਆਂ ਨੂੰ ਚਲਾਉਣ ਲਈ ਮਨਾਹੀ ਕੀਤੀ ਗਈ ਹੈ ਅਤੇ ਤਿਉਹਾਰਾਂ ਦੇ ਮੱਦੇਨਜ਼ਰ ਵਿਦੇਸ਼ਾਂ ਤੋਂ ਆਉਂਦੀ ਗ਼ੈਰਕਾਨੂੰਨੀ ਧਮਾਕਾਖੇਜ਼ ਸਮੱਗਰੀ ਬਣਾਉਣ, ਸਟੋਰ ਕਰਨ ਤੇ ਵਿਕਰੀ ਤੇ ਵਰਤੋਂ ਕਰਨ ਨੂੰ ਰੋਕਣ ਲਈ ਉਪਰਾਲੇ ਕੀਤੇ ਗਏ ਹਨ। ਆਉਣ ਵਾਲੇ ਤਿਉਹਾਰਾਂ ਦੀਵਾਲੀ, ਗੁਰਪੁਰਬ, ਕ੍ਰਿਸਮਿਸ ਅਤੇ ਨਵੇਂ ਸਾਲ ਦੇ ਮੌਕੇ ਕੇਵਲ ਗਰੀਨ ਪਟਾਕੇ ਚਲਾਉਣ ਲਈ ਦਿੱਤੀ ਗਈ ਛੋਟ ਤਹਿਤ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਹੀ ਗਰੀਨ ਪਟਾਕੇ ਚਲਾਏ ਜਾ ਸਕਣਗੇ।

ਹੁਕਮਾਂ ਮੁਤਾਬਕ 8 ਨਵੰਬਰ ਨੂੰ ਦੀਵਾਲੀ ਵਾਲੇ ਦਿਨ ਪਟਾਕੇ ਰਾਤ 8 ਵਜੇ ਤੋਂ ਰਾਤ 10 ਵਜੇ ਤੱਕ। 24 ਨਵੰਬਰ ਨੂੰ ਗੁਰਪੁਰਬ ਵਾਲੇ ਦਿਨ ਸਵੇਰੇ 4 ਵਜੇ ਤੋਂ 5 ਵਜੇ ਤੱਕ ਅਤੇ ਰਾਤ ਨੂੰ 9 ਵਜੇ ਤੋਂ 10 ਵਜੇ ਤੱਕ। 24-25 ਦਸੰਬਰ ਕ੍ਰਿਸਮਿਸ ਦੀ ਪੂਰਵ ਸੰਧਿਆ 'ਤੇ ਰਾਤ 11.55 ਤੋਂ ਅਗਲੀ ਸਵੇਰ 12.30 ਵਜੇ ਤੱਕ ਅਤੇ ਇਸੇ ਤਰ੍ਹਾਂ 31 ਦਸੰਬਰ ਨੂੰ ਨਵੇਂ ਸਾਲ ਦੀ ਪੂਰਵ ਸੰਧਿਆ 'ਤੇ ਰਾਤ 11.55 ਤੋਂ ਅਗਲੀ ਸਵੇਰ 12.30 ਵਜੇ ਤੱਕ ਪਟਾਕੇ ਚਲਾਉਣ ਦਾ ਸਮਾਂ ਨਿਰਧਾਰਤ ਕੀਤਾ ਗਿਆ ਹੈ। ਇਸ ਸਮੇਂ ਤੋਂ ਪਹਿਲਾਂ ਅਤੇ ਬਾਅਦ ਵਿੱਚ ਕਿਸੇ ਵੀ ਤਰ੍ਹਾਂ ਦੇ ਪਟਾਕੇ ਚਲਾਉਣ 'ਤੇ ਪਾਬੰਦੀ ਹੋਵੇਗੀ ਅਤੇ ਉਲੰਘਣਾ ਕਰਨ ਵਾਲਿਆਂ ਵਿਰੁਧ ਕਾਰਵਾਈ ਕੀਤੀ ਜਾਵੇਗੀ।

ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਮਾਣਯੋਗ ਸੁਪਰੀਮ ਕੋਰਟ ਅਤੇ ਗਰੀਨ ਟ੍ਰਿਬਿਊਨਲ ਦੇ ਹੁਕਮਾਂ ਮੁਤਾਬਕ ਹੀ ਆਮ ਲੋਕ ਪਟਾਕੇ ਕੇਵਲ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਹੀ ਚਲਾਉਣ। ਉਨ੍ਹਾਂ ਕਿਹਾ ਕਿ ਪਟਾਕਿਆਂ ਦੇ ਜਿੱਥੇ ਵਾਤਾਵਰਣ 'ਤੇ ਮਾੜੇ ਪ੍ਰਭਾਵ ਪੈਂਦੇ ਹਨ, ਉਥੇ ਹੀ ਇਨ੍ਹਾਂ ਦੀ ਆਵਾਜ ਤੇ ਪ੍ਰਦੂਸਨ ਦਾ ਮਨੁੱਖਾਂ ਦੇ ਨਾਲ-ਨਾਲ ਪਸ਼ੂ-ਪੰਛੀਆਂ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ, ਜਿਸ ਲਈ ਜਿੰਨ੍ਹਾ ਸੰਭਵ ਹੋ ਸਕੇ ਆਮ ਲੋਕ ਪਟਾਕੇ ਚਲਾਉਣ ਤੋਂ ਗੁਰੇਜ਼ ਕਰਨ।

ਹਡਾਣਾ ਵੱਲੋਂ ਪਿੰਡ ਬੋਸਰ ਕਲਾਂ ਵਿਖੇ 356 ਪਰਿਵਾਰਾਂ ਨੂੰ ਵੰਡੇ ਗਏ ਪ੍ਰਾਪਰਟੀ ਕਾਰਡ



ਦੇਵੀਗੜ੍ਹ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਅੱਜ ਪਿੰਡ ਬੋਸਰ ਕਲਾਂ ਵਿਖੇ ਲਾਲ ਲਕੀਰ ਅੰਦਰਲੇ 356 ਪਰਿਵਾਰਾਂ ਨੂੰ ਪ੍ਰਾਪਰਟੀ ਕਾਰਡ ਵੰਡੇ। ਪਿੰਡ ਪੁੱਜਣ 'ਤੇ ਗ੍ਰਾਮ ਪੰਚਾਇਤ ਅਤੇ ਇਲਾਕਾ ਵਾਸੀਆਂ ਵੱਲੋਂ ਹਡਾਣਾ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਦੌਰਾਨ ਤਹਿਸੀਲਦਾਰ ਕਰਨਵੀਰ ਸਿੰਘ ਮਾਨ ਸਮੇਤ ਹੋਰ ਪ੍ਰਸ਼ਾਸਨਿਕ ਅਧਿਕਾਰੀ ਵੀ ਉਚੇਚੇ ਤੌਰ 'ਤੇ ਮੌਜੂਦ ਰਹੇ। ਇਕੱਠ ਨੂੰ ਸੰਬੋਧਨ ਕਰਦਿਆਂ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਦਹਾਕਿਆਂ ਤੋਂ ਲੋਕ ਆਪਣੇ ਹੀ ਘਰਾਂ ਦੇ ਕਾਨੂੰਨੀ ਕਾਗਜ਼ਾਤਾਂ ਤੋਂ ਵਾਂਝੇ ਚੱਲੇ ਆ ਰਹੇ ਸਨ। ਮਾਨ ਸਰਕਾਰ ਨੇ ਇਹ ਕਾਰਡ ਸੌਂਪ ਕੇ ਲੋਕਾਂ ਨੂੰ ਸਿਰਫ਼ ਛੱਤ ਦਾ ਹੱਕ ਹੀ ਨਹੀਂ ਦਿੱਤਾ, ਸਗੋਂ ਉਨ੍ਹਾਂ ਦਾ ਸਵੈਮਾਣ ਬਹਾਲ ਕੀਤਾ ਹੈ।

ਹੁਣ ਇਹ ਪਰਿਵਾਰ ਆਪਣੀ ਜਾਇਦਾਦ ਸਿਰ ਬੈਂਕਾਂ ਤੋਂ ਕਰਜ਼ਾ ਲੈਣ ਦੇ ਸਮਰੱਥ ਹੋਣਗੇ ਅਤੇ ਪੁਰਾਣੇ ਜ਼ਮੀਨੀ ਵਿਵਾਦਾਂ ਦਾ ਵੀ ਸਥਾਈ ਹੱਲ ਹੋਵੇਗਾ। ਉਨ੍ਹਾਂ ਕਿਹਾ ਕਿ ਹਲਕਾ ਸਨੌਰ ਦੇ ਸਰਬਪੱਖੀ ਵਿਕਾਸ ਵਿੱਚ ਕਿਸੇ ਤਰ੍ਹਾਂ ਦਾ ਪੱਖਪਾਤ ਨਹੀਂ ਹੋਣ ਦਿੱਤਾ ਜਾਵੇਗਾ।

ਹਡਾਣਾ ਨੇ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਮਕਸਦ ਲੋਕ-ਭਲਾਈ ਸਕੀਮਾਂ ਦਾ ਲਾਭ ਬਿਨਾਂ ਕਿਸੇ ਖੱਜਲ-ਖੁਆਰੀ ਦੇ ਹਰ ਨਾਗਰਿਕ ਦੀ ਦਹਿਲੀਜ਼ ਤੱਕ ਪਹੁੰਚਾਉਣਾ ਹੈ। ਉਨ੍ਹਾਂ ਦੱਸਿਆ ਕਿ ਪਿੰਡਾਂ ਅੰਦਰ ਬੁਨਿਆਦੀ ਸਹੂਲਤਾਂ ਮਜ਼ਬੂਤ ਕਰਨ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਲਕੇ ਦੇ ਹਰ ਪਿੰਡ ਨੂੰ ਸ਼ਹਿਰਾਂ ਵਰਗੀਆਂ ਆਧੁਨਿਕ ਸਹੂਲਤਾਂ ਨਾਲ ਲੈਸ ਕਰਨਾ ਸਾਡੀ ਤਰਜੀਹ ਹੈ।

ਇਸ ਮੌਕੇ ਚੇਅਰਮੈਨ ਚਰਨਜੀਤ ਸਿੰਘ ਨੈਣਾ, ਸਰਪੰਚ ਸੋਨੀ ਰਾਣੀ, ਬਲਾਕ ਪ੍ਰਧਾਨ ਹਰਜੀਤ ਸਿੰਘ, 'ਆਪ' ਆਗੂ ਮੰਗਾ, ਪੰਚਾਇਤ ਮੈਂਬਰ ਰਣਜੀਤ ਕੌਰ, ਮੈਂਬਰ ਨਿਰਮਲ ਸਿੰਘ, ਮੈਂਬਰ ਕੁਲਦੀਪ ਸਿੰਘ, ਮੈਂਬਰ ਸੁਖਦੀਪ ਸਿੰਘ, ਮੈਂਬਰ ਪ੍ਰਗਟ ਸਿੰਘ ਅਤੇ ਮੈਂਬਰ ਜਸਵਿੰਦਰ ਕੌਰ ਹਾਜ਼ਰ ਸਨ। ਲਾਭਪਾਤਰੀਆਂ ਨੇ ਮਾਲਕੀ ਹੱਕ ਮਿਲਣ 'ਤੇ ਖ਼ੁਸ਼ੀ ਜ਼ਾਹਰ ਕਰਦਿਆਂ ਸਰਕਾਰ ਦਾ ਵਿਸ਼ੇਸ਼ ਧੰਨਵਾਦ ਕੀਤਾ।

ਭਗਵੰਤ ਮਾਨ ਸਰਕਾਰ ਨੇ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਇਆ:ਹਰਪਾਲ ਸਿੰਘ ਚੀਮਾ

➢ ਸਕੂਲ ਆਫ਼ ਐਮੀਨੈਂਸ ਭਾਦਸੋਂ ਵਿਖੇ ਕਰਤਾਰ ਕੰਬਾਇਨ ਵੱਲੋਂ 1.25 ਕਰੋੜ ਰੁਪਏ ਦੀ ਲਾਗਤ ਨਾਲ ਬਣਵਾਇਆ ਦੌਲਤ ਸਿੰਘ ਲੋਟੇ ਮੈਮੋਰੀਅਲ ਸਪੋਰਟਸ ਕੰਪਲੈਕਸ ਵਿਦਿਆਰਥੀਆਂ ਨੂੰ ਸਮਰਪਿਤ ➢ ਕਰਤਾਰ ਐਗਰੋ ਇੰਡਸਟਰੀ ਦੀ ਤਰ੍ਹਾਂ ਬਾਕੀ ਉਦਮੀ ਵੀ ਸਮਾਜ ਸੇਵੀ ਕੰਮਾਂ ਲਈ ਅੱਗੇ ਆਉਣ

ਭਾਦਸੋਂ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਸਕੂਲ ਆਫ਼ ਐਮੀਨੈਂਸ ਭਾਦਸੋਂ ਵਿਖੇ ਸ. ਦੌਲਤ ਸਿੰਘ ਲੋਟੇ ਮੈਮੋਰੀਅਲ ਸਪੋਰਟਸ ਕੰਪਲੈਕਸ ਦਾ ਉਦਘਾਟਨ ਕਰਦੇ ਹੋਏ। ਉਨ੍ਹਾਂ ਦੇ ਨਾਲ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਕਰਤਾਰ ਐਗਰੋ ਦੇ ਐਮਡੀ ਤੇ ਚੇਅਰਮੈਨ ਅਮਰਜੀਤ ਸਿੰਘ ਲੋਟੇ ਤੇ ਹੋਰ ਪਤਵੰਤੇ ਵੀ ਨਜ਼ਰ ਆ ਰਹੇ ਹਨ।

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਦੇ ਅੰਦਰ ਸੂਬੇ ਨੂੰ ਸਿੱਖਿਆ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਰਾਜ ਬਣਾਇਆ ਹੈ।

ਵਿੱਤ ਮੰਤਰੀ ਨੇ ਅੱਜ ਸਕੂਲ ਆਫ਼ ਐਮੀਨੈਂਸ ਭਾਦਸੋਂ ਵਿਖੇ ਕਰਤਾਰ ਕੰਬਾਇਨ ਤੇ ਟ੍ਰੈਕਟਰਜ ਇੰਡਸਟਰੀ ਵੱਲੋਂ 1.25 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕਰਵਾਏ ਗਏ ਸ. ਦੌਲਤ ਸਿੰਘ ਲੋਟੇ ਮੈਮੋਰੀਅਲ ਸਪੋਰਟਸ ਕੰਪਲੈਕਸ ਕਰਤਾਰ ਐਗਰੋ ਦੇ ਐਮਡੀ ਤੇ ਚੇਅਰਮੈਨ ਅਮਰਜੀਤ ਸਿੰਘ ਲੋਟੇ ਦੀ ਮੌਜੂਦਗੀ ਵਿੱਚ ਵਿਦਿਆਰਥੀਆਂ ਨੂੰ ਸਮਰਪਿਤ ਕੀਤਾ। ਇਸ ਮੌਕੇ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਕਰਤਾਰ ਐਗਰੋ ਦੇ ਡਾਇਰੈਕਟਰਜ ਹਰਵਿੰਦਰ ਸਿੰਘ ਲੋਟੇ, ਹਰਮੀਤ ਸਿੰਘ ਲੋਟੇ, ਮਨਜੀਤ ਸਿੰਘ ਲੋਟੇ, ਮਨਪ੍ਰੀਤ ਸਿੰਘ ਲੋਟੇ, ਸੁਖਦੇਵ ਸਿੰਘ ਲੋਟੇ, ਇੰਦਰਜੀਤ ਸਿੰਘ ਲੋਟੇ ਤੇ ਪ੍ਰਧਾਨ ਫੀਕੋ ਗੁਰਮੀਤ ਸਿੰਘ ਕੁਲਾਰ ਵੀ ਮੌਜੂਦ ਸਨ।

ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਰਤਾਰ ਐਗਰੋ ਦੀ ਸਮਾਜ ਸੇਵਾ, ਖਾਸ ਕਰਕੇ ਸਿੱਖਿਆ ਦੇ ਖੇਤਰ ਵਿੱਚ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਰਤਾਰ ਐਗਰੋ ਪ੍ਰਸਿੱਧ ਕੰਬਾਇਨ ਨਿਰਮਾਤਾ ਕੰਪਨੀ ਹੈ, ਪਰ ਇਸ ਨੇ ਖੇਤੀ ਖੇਤਰ ਦੇ ਨਾਲ-ਨਾਲ ਸਾਡੇ ਵਿਦਿਆਰਥੀਆਂ ਨੂੰ ਇੱਕ ਚੰਗਾ ਵਿੱਦਿਅਕ ਢਾਂਚਾ ਦੇਣ ਲਈ ਸਰਕਾਰ ਨਾਲ ਹੱਥ ਵਟਾਇਆ ਹੈ। ਚੀਮਾ ਨੇ ਕਿਹਾ ਕਿ ਬਾਕੀ ਉਦਯੋਗਿਕ ਘਰਾਣੇ ਵੀ ਕਰਤਾਰ ਐਗਰੋ ਦੀ ਤਰ੍ਹਾਂ ਸਮਾਜ ਸੇਵਾ ਲਈ ਆਪਣਾ ਹੱਥ ਅੱਗੇ ਵਧਾਉਣ ਤਾਂ ਸੋਨੇ ਉਪਰ ਸੁਹਾਗੇ ਵਰਗੀ ਗੱਲ ਬਣ ਜਾਂਦੀ ਹੈ।

ਵਿੱਤ ਮੰਤਰੀ ਨੇ ਦੱਸਿਆ ਕਿ ਭਗਵੰਤ ਮਾਨ ਸਰਕਾਰ ਨੇ ਸਿੱਖਿਆ ਅਤੇ ਸਿਹਤ ਨੂੰ ਆਪਣੀਆਂ ਮੋਹਰੀ ਤਰਜੀਹਾਂ ਵਿੱਚ ਸ਼ਾਮਲ ਕੀਤਾ ਤਾਂ ਅੱਜ ਸੂਬਾ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸੂਬਾ ਬਣ ਗਿਆ ਅਤੇ ਸਾਰੇ ਪੰਜਾਬ ਵਿੱਚ ਬਣਾਏ ਗਏ ਸਕੂਲ ਆਫ਼ ਐਮੀਨੈਂਸ ਸਿੱਖਿਆ ਪ੍ਰਦਾਨ ਲਈ ਨਵੇਂ ਮੀਲ ਪੱਥਰ ਸਥਾਪਤ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਸਾਲ ਸੂਬੇ ਦੇ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ ਤੇ 361 ਵਿਦਿਆਰਥੀਆਂ ਨੇ ਜੇਈਈ ਮੇਨਜ ਤੇ 64 ਨੇ ਜੇਈਈ ਐਡਵਾਂਸ ਦਾ ਇਮਿਤਹਾਨ ਪਾਸ ਕੀਤਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਭਾਰਤ ਦਾ ਪਹਿਲਾ ਅਜਿਹਾ ਰਾਜ ਬਣ ਗਿਆ ਹੈ ਜਿਸ ਨੇ ਪਹਿਲੀ ਤੋਂ 12ਵੀਂ ਜਮਾਤ ਤੱਕ 'ਆਰਟੀਫੀਸ਼ੀਅਲ ਇੰਟੈਲੀਜੈਂਸ' (ਏਆਈ) ਨੂੰ ਇੱਕ ਮੁੱਖ ਵਿਸ਼ੇ ਵਜੋਂ ਸ਼ਾਮਲ ਕੀਤਾ ਹੈ। ਇਸ ਤੋਂ ਬਿਨ੍ਹਾਂ ਨੀਤੀ ਆਯੋਗ ਦੀ 'ਸਿੱਖਿਆ ਗੁਣਵੱਤਾ ਰਿਪੋਰਟ 2026' ਵਿੱਚ ਪੰਜਾਬ ਨੂੰ ਭਾਰਤ ਦੇ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਰਾਜਾਂ ਵਿੱਚ ਸ਼ਾਮਲ ਕੀਤਾ ਸੀ। ਜਦਕਿ, ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ (ਸਕੂਲੀ ਸਿੱਖਿਆ ਅਤੇ ਸਾਖਰਤਾ ਵਿਭਾਗ) ਦੁਆਰਾ ਜਾਰੀ 'ਪਰਫਾਰਮੈਂਸ ਗ੍ਰੇਡਿੰਗ ਇੰਡੈਕਸ 2.0' (ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਲਈ, 2024-25) ਵਿੱਚ ਵੀ ਪੰਜਾਬ ਦੇਸ਼ ਵਿੱਚ ਮੋਹਰੀ ਪ੍ਰਦਰਸ਼ਨ ਕਰਨ ਵਾਲੇ ਰਾਜਾਂ ਵਿੱਚੋਂ ਇੱਕ ਵਜੋਂ ਉੱਭਰਿਆ ਹੈ। ਹਰਪਾਲ ਸਿੰਘ ਚੀਮਾ ਨੇ ਉਮੀਦ ਪ੍ਰਗਟਾਈ ਕਿ ਜਿਸ ਤਰ੍ਹਾਂ ਪੰਜਾਬ ਸਰਕਾਰ ਨੇ ਰਾਜ ਅੰਦਰ 3000 ਤੋਂ ਵਧੇਰੇ ਖੇਡ ਦੇ ਮੈਦਾਨ ਬਣਾਕੇ ਸੂਬੇ ਦੇ ਨੌਜਵਾਨਾਂ ਨੂੰ ਨਸ਼?ਆਂ ਤੋਂ ਦੂਰ ਰੱਖਣ ਲਈ ਯਤਨ ਕੀਤੇ ਉਸੇ ਤਰ੍ਹਾਂ ਹੀ ਭਾਦਸੋਂ ਵਿਖੇ ਬਣਾਇਆ ਗਿਆ ਸ. ਦੌਲਤ ਸਿੰਘ ਲੋਟੇ ਮੈਮੋਰੀਅਲ ਸਪੋਰਟਸ ਕੰਪਲੈਕਸ ਵੀ ਵਿਦਿਆਰਥੀਆਂ ਨੂੰ ਵੱਖ-ਵੱਖ ਖੇਡਾਂ ਵਿੱਚ ਮੱਲਾਂ ਮਾਰਨ ਲਈ ਇੱਕ ਬਿਹਤਰੀਨ ਸੁਵਿਧਾ ਤੇ ਮਾਹੌਲ ਪ੍ਰਦਾਨ ਕਰੇਗਾ। ਇਸ ਮੌਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਸਮੇਤ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਗੁਰਸੇਵਕ ਸਿੰਘ ਅਤੇ ਸਕੂਲ ਪ੍ਰਿੰਸੀਪਲ ਪ੍ਰੀਤਿੰਦਰ ਘਈ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਮਮਤਾ ਖੁਰਾਣਾ ਵੱਲੋਂ ਅਮਰਜੀਤ ਸਿੰਘ ਲੋਟੇ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸ਼ਖ਼ਸੀਅਤਾਂ ਸਮੇਤ ਵੱਡੀ ਗਿਣਤੀ ਅਧਿਆਪਕ, ਮਾਪੇ ਤੇ ਵਿਦਿਆਰਥੀਆਂ ਸਮੇਤ ਲੋਟੇ ਪਰਿਵਾਰ ਦੇ ਮੈਂਬਰ ਹਾਜ਼ਰ ਸਨ।

ਬਾਹਰਾ ਕਾਲਜ ਆਫ਼ ਲਾਅ ਵਿਖੇ ਅੰਤਰ-ਕਾਲਜ ਨਿਸ਼ਾਨੇਬਾਜ਼ੀ (ਸ਼ੂਟਿੰਗ) ਟੂਰਨਾਮੈਂਟ ਦਾ ਸ਼ਾਨਦਾਰ ਆਯੋਜਨ



ਦੇਵੀਗੜ੍ਹ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਧੁਨ ਗਰੁੱਪ ਆਫ਼ ਇੰਸਟੀਚਿਊਟਸ ਦੁਆਰਾ ਸੰਚਾਲਿਤ 'ਬਾਹਰਾ ਕਾਲਜ ਆਫ਼ ਲਾਅ' ਵਿਖੇ 29 ਅਕਤੂਬਰ 2026 ਤੋਂ 30 ਅਕਤੂਬਰ 2026 ਤੱਕ ਦੋ ਰੋਜ਼ਾ ਅੰਤਰ-ਕਾਲਜ ਨਿਸ਼ਾਨੇਬਾਜ਼ੀ (ਸ਼ੂਟਿੰਗ) ਟੂਰਨਾਮੈਂਟ ਦਾ ਬੇਹੱਦ ਉਤਸ਼ਾਹਜਨਕ ਮਾਹੌਲ ਵਿੱਚ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਵੱਖ-ਵੱਖ ਕਾਲਜਾਂ ਤੋਂ ਆਏ ਲਗਭਗ 225 ਨੌਜਵਾਨ ਖਿਡਾਰੀਆਂ ਨੇ ਭਾਰੀ ਉਤਸ਼ਾਹ, ਖੇਡ ਭਾਵਨਾ ਅਤੇ ਅਨੁਸ਼ਾਸਨ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

ਟੂਰਨਾਮੈਂਟ ਦੇ ਉਦਘਾਟਨੀ ਸਮਾਰੋਹ ਦੌਰਾਨ ਪੰਜਾਬ ਫੈਂਸਿੰਗ ਐਸੋਸੀਏਸ਼ਨ ਦੇ ਉਪ-ਪ੍ਰਧਾਨ ਸ਼੍ਰੀ ਨਰਿੰਦਰ ਕੁਮਾਰ ਸ਼ਰਮਾ ਨੇ ਬਤੌਰ ਵਿਸ਼ੇਸ਼ ਮਹਿਮਾਨ ਸ਼ਿਰਕਤ ਕੀਤੀ। ਇਸ ਤੋਂ ਇਲਾਵਾ, ਪੰਜਾਬੀ ਯੂਨੀਵਰਸਿਟੀ ਦੀ ਜਿਮਨਾਸਟਿਕ ਕੋਚ, ਸੁਸ਼੍ਰੀ ਸਿਸ਼ਟੀ ਚੌਪੜੀ ਨੇ ਨਿਰੀਖਕ ਵਜੋਂ ਅਹਿਮ ਭੂਮਿਕਾ ਨਿਭਾਈ ਤਾਂ ਜੋ ਮੁਕਾਬਲੇ ਨਿਰਪੱਖ ਅਤੇ ਸੁਚਾਰੂ ਢੰਗ ਨਾਲ ਨੇਪਰੇ ਚੜ੍ਹ ਸਕਣ। ਪੰਜਾਬੀ ਯੂਨੀਵਰਸਿਟੀ ਨਾਲ ਸਬੰਧਤ ਵੱਖ-ਵੱਖ ਕਾਲਜਾਂ ਦੇ ਕੋਚਾਂ ਅਤੇ ਅਧਿਕਾਰੀਆਂ ਨੇ ਵੀ ਇਸ ਸਮਾਗਮ ਵਿੱਚ ਹਿੱਸਾ ਲੈ ਕੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।

ਸਮਾਗਮ ਦੀ ਸ਼ੁਰੂਆਤ ਸਹਾਇਕ ਪ੍ਰੋਫ਼ੈਸਰਾਂ—ਸੁਸ਼੍ਰੀ ਆਸਥਾ ਚੌਪੜਾ ਅਤੇ ਸੁਸ਼੍ਰੀ ਪ੍ਰੀਤਿੰਦਰ ਕੌਰ—ਦੁਆਰਾ ਨਿੱਘੇ ਸਵਾਗਤ ਨਾਲ ਕੀਤੀ ਗਈ, ਜਿਨ੍ਹਾਂ ਨੇ ਮੁੱਖ ਮਹਿਮਾਨਾਂ, ਭਾਗ ਲੈਣ ਵਾਲੀਆਂ ਟੀਮਾਂ ਅਤੇ ਫੈਕਲਟੀ ਮੈਂਬਰਾਂ ਦਾ ਜੀ ਆਇਆਂ ਨੂੰ ਆਖਿਆ। ਇਸ ਮੌਕੇ ਸੰਸਥਾ ਦੇ ਸਕੱਤਰ ਡਾ. ਸਚਿਨ ਮਲਿਕ, ਕੈਂਪਸ ਡਾਇਰੈਕਟਰ ਡਾ. ਸੰਜੀਵ ਕੁਮਾਰ ਅਤੇ ਬਾਹਰਾ ਕਾਲਜ ਆਫ਼ ਲਾਅ ਦੀ ਵਾਈਸ ਪ੍ਰਿੰਸੀਪਲ ਸੁਸ਼੍ਰੀ ਬਲਜਿੰਦਰ ਕੌਰ ਨੇ ਸਾਰੇ ਭਾਗੀਦਾਰਾਂ ਅਤੇ ਕੋਚਾਂ ਦਾ ਸਵਾਗਤ ਕਰਦਿਆਂ ਆਪਸੀ ਸਦਭਾਵਨਾ ਅਤੇ ਸਤਿਕਾਰ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਚੇਅਰਪਰਸਨ ਸ਼੍ਰੀਮਤੀ ਲੀਨਾ ਮਲਿਕ ਅਤੇ ਸਕੱਤਰ ਡਾ. ਸਚਿਨ ਮਲਿਕ ਨੇ ਸਮੂਹ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਨੂੰ ਖੇਡਾਂ ਦੇ ਖੇਤਰ ਵਿੱਚ ਉੱਚਤਮ ਮੁਕਾਮ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਪਹੁੰਚੇ ਹੋਏ ਪਤਵੰਤੇ ਮਹਿਮਾਨਾਂ ਨੇ ਖਿਡਾਰੀਆਂ ਨਾਲ ਆਪਣੇ ਕੀਮਤੀ ਤਜਰਬੇ ਸਾਂਝੇ ਕੀਤੇ ਅਤੇ ਭਵਿੱਖ ਵਿੱਚ ਵੀ ਅਜਿਹੇ ਉਪਰਾਲੇ ਜਾਰੀ ਰੱਖਣ ਦਾ ਅਹਿਦ ਲਿਆ।

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ 'ਸਿੱਖਿਆ ਅਤੇ ਜੀਵਨ ਕੌਸ਼ਲ' 'ਤੇ ਇੱਕ ਹਫ਼ਤੇ ਦੀ ਰਾਸ਼ਟਰੀ ਵਰਕਸ਼ਾਪ ਦਾ ਉਦਘਾਟਨ

ਪਟਿਆਲਾ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ (JGND PSOU), ਪਟਿਆਲਾ ਦੇ ਸਕੂਲ ਆਫ਼ ਐਜੂਕੇਸ਼ਨ ਐਂਡ ਵੋਕੇਸ਼ਨ ਵੱਲੋਂ ਸੈਂਟਰ ਫ਼ਾਰ ਕੁਆਲਿਟੀ ਐਸ਼ੋਰੈਂਸ ਦੇ ਸਹਿਯੋਗ ਨਾਲ, ਵਾਈਸ-ਚਾਂਸਲਰ ਪ੍ਰੋ. ਰਤਨ ਸਿੰਘ ਦੀ ਯੋਗ ਅਗਵਾਈ ਹੇਠ ਯੂਨੀਵਰਸਿਟੀ ਕੈਂਪਸ ਵਿਖੇ ÷ਸਿੱਖਿਆ ਅਤੇ ਜੀਵਨ ਕੌਸ਼ਲ÷ (Education and Life Skills) 'ਤੇ ਇੱਕ ਹਫ਼ਤੇ ਦੀ ਵਰਕਸ਼ਾਪ ਦਾ ਉਦਘਾਟਨ ਕੀਤਾ ਗਿਆ। ਕਾਰਵਾਈ ਦੀ ਸ਼ੁਰੂਆਤ ਵਿੱਚ ਪ੍ਰੋ. ਬਲਜੀਤ ਸਿੰਘ ਖਹਿਰਾ ਨੇ ਮੁੱਖ ਵਕਤਾ ਪ੍ਰੋ. ਕੁਮਾਰ ਸੁਸ਼ੀਲ ਦਾ ਨਿੱਘਾ ਸਵਾਗਤ ਕੀਤਾ। ਵਰਕਸ਼ਾਪ ਦੇ ਕਨਵੀਨਰ ਡਾ. ਵਿਨੋਦ ਕੁਮਾਰ ਅਤੇ ਕੋ-ਕਨਵੀਨਰ ਸ਼੍ਰੀ ਜਸਵੀਰ ਸਿੰਘ ਨੇ ਵਰਕਸ਼ਾਪ ਦੇ ਵਿਸ਼ੇ ਅਤੇ ਪੂਰੇ ਹਫ਼ਤੇ ਦੀ ਰੂਪ-ਰੇਖਾ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਵਾਈਸ-ਚਾਂਸਲਰ ਦੀ ਦੂਰਅੰਦੇਸ਼ੀ ਸੋਚ ਅਤੇ ਮਾਰਗਦਰਸ਼ਨ ਸਦਕਾ ਹੀ ਸੰਭਵ ਹੋ ਸਕਿਆ ਹੈ। ਇਸ ਤੋਂ ਬਾਅਦ ਡਾ. ਅਮਰਜੀਤ ਸਿੰਘ ਨੇ ਮੁੱਖ ਵਕਤਾ ਦੀ ਹਾਜ਼ਰੀਨ ਨਾਲ ਰਸਮੀ ਜਾਣ-ਪਛਾਣ ਕਰਵਾਈ। ਡਾ. ਕੰਵਲਵੀਰ ਸਿੰਘ ਢੀਂਡਸਾ ਨੇ ਵਰਕਸ਼ਾਪ ਦੇ ਵੱਖ-ਵੱਖ ਵਿਸ਼ਿਆਂ ਦੇ ਸੁਮੇਲ (Multidiscipli narity) 'ਤੇ ਚਾਨਣਾ ਪਾਇਆ ਅਤੇ ਆਧੁਨਿਕ ਸਿੱਖਿਆ ਵਿੱਚ ਵਿਭਿੰਨ ਦ੍ਰਿਸ਼ਟੀਕੋਣਾਂ ਨੂੰ ਸ਼ਾਮਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਮੁੱਖ ਵਕਤਾ ਪ੍ਰੋ. ਕੁਮਾਰ ਸੁਸ਼ੀਲ ਨੇ ਸਿੱਖਿਆ, ਮਾਨਵਤਾ, ਦਰਸ਼ਨ (ਫਿਲਾਸਫੀ) ਅਤੇ ਸਾਹਿਤ ਦੇ ਆਪਸੀ ਸੰਬੰਧਾਂ 'ਤੇ ਇੱਕ ਪ੍ਰੇਰਨਾਦਾਇਕ ਭਾਸ਼ਣ ਦਿੱਤਾ। ਇਤਿਹਾਸਕ ਤਬਦੀਲੀਆਂ ਦਾ ਹਵਾਲਾ ਦਿੰਦਿਆਂ, ਉਨ੍ਹਾਂ ਨੇ ਸਾਹਿਤ ਅਤੇ ਫਿਲਾਸਫੀ ਰਾਹੀਂ ਵਰਤਮਾਨ ਸਿੱਖਿਆ ਵਿੱਚ ਇੱਕ ਰਚਨਾਤਮਕ ਪਹੁੰਚ ਅਪਣਾਉਣ 'ਤੇ ਜ਼ੋਰ ਦਿੱਤਾ। ਵਰਕਸ਼ਾਪ ਦੇ ਮੁੱਖ ਵਿਸ਼ੇ 'ਤੇ ਬੋਲਦਿਆਂ ਡਾ. ਨਵਲੀਨ ਮੁਲਤਾਨੀ (ਡੀਨ ਰਿਸਰਚ) ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਸਾਹਿਤ, ਸਭਿਆਚਾਰ ਅਤੇ ਫਿਲਾਸਫੀ ਦੀ ਪ੍ਰਸੰਗਿਕਤਾ ਹੋਰ ਵੀ ਵਧ ਗਈ ਹੈ ਅਤੇ ਇਹ ਆਧੁਨਿਕ ਸਿੱਖਿਆ ਨੂੰ ਸਹੀ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਲੈਕਚਰ ਤੋਂ ਬਾਅਦ ਇੱਕ ਵਿਚਾਰ-ਵਟਾਂਦਰਾ ਅਤੇ ਪ੍ਰਸ਼ਨ-ਉੱਤਰ ਸੈਸ਼ਨ ਕਰਵਾਇਆ ਗਿਆ, ਜਿਸ ਵਿੱਚ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਭਾਗ ਲਿਆ।

SEA DESIGN COMPANY
Customized and Designer



- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING



...ote Books
Opp. ... Road, Patiala

ਅਮਨ ਅਰੋੜਾ ਵੱਲੋਂ ਬ੍ਰਿਟਿਸ਼ ਵਫ਼ਦ ਨਾਲ ਰਣਨੀਤਕ ਗੱਲਬਾਤ, ਯੂ.ਕੇ. ਦੇ ਵਪਾਰ ਲਈ ਪੰਜਾਬ ਦੇ ਸਾਜ਼ਗਾਰ ਉਦਯੋਗਿਕ ਈਕੋਸਿਸਟਮ ਦੀ ਪੇਸ਼ਕਸ਼



ਚੰਡੀਗੜ੍ਹ 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤ-ਯੂਕੇ ਵਿਆਪਕ ਆਰਥਿਕ ਅਤੇ ਵਪਾਰਕ ਸਮਝੌਤੇ (ਸੀਈਟੀਏ) ਤਹਿਤ ਜ਼ੀਰੋ-ਡਿਊਟੀ ਦਾ ਲਾਭ ਉਠਾਉਣ ਲਈ ਯੂਕੇ ਦੇ ਕਾਰੋਬਾਰਾਂ ਵਾਸਤੇ ਪੰਜਾਬ ਨੂੰ ਇੱਕ ਪ੍ਰਮੁੱਖ ਨਿਰਮਾਣ ਅਧਾਰ ਵਜੋਂ ਪੇਸ਼ ਕਰਦਿਆਂ ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸ੍ਰੀ ਅਮਨ ਅਰੋੜਾ ਨੇ ਇਨਵੈਸਟ ਪੰਜਾਬ ਵਿਖੇ ਚੰਡੀਗੜ੍ਹ ਸਥਿਤ ਬ੍ਰਿਟਿਸ਼ ਡਿਪਟੀ ਹਾਈ ਕਮਿਸ਼ਨਰ ਐਲਬਾ ਸਮੇਰੀਗਲੋ ਦੀ ਅਗਵਾਈ ਵਾਲੇ ਇੱਕ ਉੱਚ ਪੱਧਰੀ ਬ੍ਰਿਟਿਸ਼ ਵਫ਼ਦ ਨਾਲ ਰਣਨੀਤਕ ਗੱਲਬਾਤ ਕੀਤੀ। ਇਸ ਦੌਰਾਨ ਸੂਬੇ ਦੀ ਨਵੀਂ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ 2026 ਅਤੇ ਦੁਵੱਲੇ ਵਪਾਰ ਅਤੇ ਨਿਵੇਸ਼ ਨੂੰ ਉਤਸ਼ਾਹਤ ਕਰਨ ਲਈ ਸਮਰਪਿਤ ਐਫ.ਟੀ.ਏ. ਅਤੇ ਐਕਪੋਰਟ ਫੈਸਿਲੀਟੇਸ਼ਨ ਸੈੱਲ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਵਫ਼ਦ ਵਿੱਚ ਐਲਬਾ ਸਮੇਰੀਗਲੋ ਤੋਂ ਇਲਾਵਾ ਬ੍ਰਿਟਿਸ਼ ਹਾਈ ਕਮਿਸ਼ਨ ਦੇ ਵਪਾਰ ਬਾਰੇ ਫਸਟ ਸੈਕਟਰੀ ਡਾ. ਨਿਕੋਲਸ ਗ੍ਰੀਬਿਟ ਅਤੇ ਸੀਨੀਅਰ ਵਪਾਰ ਸਲਾਹਕਾਰ ਅਨੂਪ ਨਰਾਇਣ ਸ਼ਾਮਲ ਸਨ।

ਇਸ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਪੰਜਾਬ ਦੇ ਉਦਯੋਗ ਨੂੰ ਨਵੀਆਂ ਬੁਲੰਦੀਆਂ 'ਤੇ ਪਹੁੰਚਾਉਣ ਅਤੇ ਯੂ.ਕੇ. ਦੀ ਸਪਲਾਈ ਚੇਨ ਨਾਲ ਜੁੜਨ ਸਬੰਧੀ ਸੂਬੇ ਦੀਆਂ ਤਿਆਰੀਆਂ ਨੂੰ ਉਜਾਗਰ ਕੀਤਾ। ਇਸ ਦੌਰਾਨ ਐਗਰੀ-ਬਿਜ਼ਨਸ, ਫੂਡ ਪ੍ਰੋਸੈਸਿੰਗ, ਇੰਜੀਨੀਅਰਿੰਗ, ਆਟੋ ਕੰਪੋਨੈਂਟ ਅਤੇ ਉਦਯੋਗ-ਅਧਾਰਿਤ ਹੁਨਰ ਵਿਕਾਸ ਵਰਗੇ ਤੇਜ਼ੀ ਨਾਲ ਵਿਕਸਤ ਹੋ ਰਹੇ ਖੇਤਰਾਂ 'ਤੇ ਵਿਸ਼ੇਸ਼ ਚਰਚਾ ਕੀਤੀ ਗਈ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਉੱਤਰੀ ਭਾਰਤ ਦੇ ਪ੍ਰਵੇਸ਼ ਦੁਆਰ ਵਜੋਂ ਪੰਜਾਬ ਦੀ ਰਣਨੀਤਕ ਸਥਿਤੀ ਇਸ ਨੂੰ ਯੂ.ਕੇ. ਦੇ ਕਾਰੋਬਾਰਾਂ ਲਈ ਇੱਕ ਆਦਰਸ਼ ਸਥਾਨ ਬਣਾਉਂਦਾ ਹੈ। ਉਨ੍ਹਾਂ ਕਿਹਾ, ਪੰਜਾਬ ਸਿਰਫ਼ ਭਾਰਤ ਦਾ ਅੰਨਦਾਤਾ ਹੀ ਨਹੀਂ ਹੈ, ਸਗੋਂ ਇਹ ਆਧੁਨਿਕ ਉਦਯੋਗ ਅਤੇ ਇਨੋਵੇਸ਼ਨ ਕੇਂਦਰ ਵਜੋਂ ਤੇਜ਼ੀ ਨਾਲ ਉੱਭਰ ਰਿਹਾ ਹੈ। ਯੂ.ਕੇ. ਦੇ ਵਫ਼ਦ ਨਾਲ ਸਾਡੀ ਗੱਲਬਾਤ ਭਾਰਤ-ਯੂ.ਕੇ.ਸੀ.ਈ.ਟੀ.ਏ. ਤਹਿਤ ਵਿਆਪਕ ਮੌਕਿਆਂ ਦਾ ਲਾਭ ਉਠਾਉਣ 'ਤੇ ਕੇਂਦ੍ਰਿਤ ਸੀ। ਐਗਰੀ-ਬਿਜਨਸ ਅਤੇ ਇੰਜੀਨੀਅਰਿੰਗ ਵਿੱਚ ਪੰਜਾਬ ਦੀਆਂ ਸਮਰੱਥਾਵਾਂ ਯੂ.ਕੇ. ਦੀ ਮੁਹਾਰਤ ਲਈ ਕੁਦਰਤੀ ਮੇਲ ਖਾਂਦੀਆਂ ਹਨ।

ਸੂਬੇ ਦੀ ਨਿਵੇਸ਼ਕ ਪੱਖੀ ਗਵਰਨੈਂਸ ਨੂੰ ਉਜਾਗਰ ਕਰਦਿਆਂ ਉਦਯੋਗ ਮੰਤਰੀ ਨੇ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ 2026 ਬਾਰੇ ਜਾਣਕਾਰੀ ਦਿੱਤੀ, ਜਿਸਦਾ ਉਦੇਸ਼ ਵਿਸ਼ਵ ਭਰ ਦੇ ਨਿਵੇਸ਼ਕਾਂ ਲਈ ਉਦਯੋਗ ਪੱਖੀ ਈਕੋਸਿਸਟਮ ਯਕੀਨੀ ਬਣਾਉਣਾ ਹੈ। ਉਨ੍ਹਾਂ ਨੇ ਵਿਸ਼ਵ ਭਰ ਦੇ ਕਾਰੋਬਾਰਾਂ ਨੂੰ ਸਹਾਇਤਾ ਪ੍ਰਦਾਨ ਕਰਨ ਲਈ ਸਥਾਪਤ ਕੀਤੇ ਐਫ.ਟੀ.ਏ. ਅਤੇ ਐਕਪੋਰਟ ਫਿਸੈਲੀਟੇਸ਼ਨ ਸੈੱਲ ਉਤੇ ਵੀ ਚਾਨਣਾ ਪਾਇਆ ਤਾਂ ਜੋ ਇਹ ਕਾਰੋਬਾਰ ਵਪਾਰ ਸਮਝੌਤਿਆਂ ਦਾ ਲਾਭ ਲੈ ਸਕਣ ਅਤੇ ਪੰਜਾਬ ਵਿੱਚ ਨਿਰਯਾਤ ਸੰਭਾਵਨਾ ਨੂੰ ਵਧਾਇਆ ਜਾ ਸਕੇ।

ਸ੍ਰੀ ਅਮਨ ਅਰੋੜਾ ਨੇ ਕਿਹਾ, ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ 2026 ਅਤੇ ਸਾਡੇ ਸਮਰਪਿਤ ਐਫ.ਟੀ.ਏ. ਅਤੇ ਐਕਪੋਰਟ ਫਿਸੈਲੀਟੇਸ਼ਨ ਸੈੱਲ ਦੇ ਨਾਲ ਅਸੀਂ ਯੂ.ਕੇ. ਦੇ ਕਾਰੋਬਾਰਾਂ ਵਾਸਤੇ ਇੱਕ ਅਜਿਹਾ ਪਲੱਗ-ਐਂਡ-ਪਲੇਅ ਈਕੋਸਿਸਟਮ ਪ੍ਰਦਾਨ ਕਰ ਰਹੇ ਹਾਂ ਜਿਸ ਨਾਲ ਦੁਨੀਆ ਭਰ ਲਈ ਮੇਕ ਇਨ ਪੰਜਾਬ ਨੂੰ ਉਤਸ਼ਾਹਿਤ ਕੀਤਾ ਜਾ ਸਕੇ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਨੂੰ ਯੂ.ਕੇ. ਲਈ ਪਸੰਦੀਦਾ ਨਿਵੇਸ਼ ਸਥਾਨ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਭਾਈਵਾਲੀ ਉਦਯੋਗਿਕ ਵਿਕਾਸ ਦੇ ਨਾਲ ਨਾਲ ਨੌਜਵਾਨਾਂ ਲਈ ਬਿਹਤਰ ਰੋਜ਼ਗਾਰ ਪੈਦਾ ਕਰੇਗੀ।

ਬ੍ਰਿਟਿਸ਼ ਵਫ਼ਦ ਨੇ ਪੰਜਾਬ ਦੇ ਹੁਨਰਮੰਦ ਕਾਰਜਬਲ ਅਤੇ ਉਦਯੋਗਿਕ ਜ਼ਰੂਰਤਾਂ, ਖਾਸ ਕਰਕੇ ਨਿਰਮਾਣ ਅਤੇ ਫੂਡ ਪ੍ਰੋਸੈਸਿੰਗ ਵਿੱਚ, ਪੂਰੀਆਂ ਕਰਨ ਸਬੰਧੀ ਸੂਬੇ ਦੇ ਯਤਨਾਂ ਵਿੱਚ ਡੂੰਘੀ ਦਿਲਚਸਪੀ ਦਿਖਾਈ।

ਪੰਜਾਬ ਦੀਆਂ ਨਿਵੇਸ਼ ਸਬੰਧੀ ਤਿਆਰੀਆਂ ਬਾਰੇ ਦੱਸਦਿਆਂ, ਉਦਯੋਗ ਅਤੇ ਵਣਜ ਵਿਭਾਗ ਦੇ ਪ੍ਰਬੰਧਕੀ ਸਕੱਤਰ ਡਾ. ਬਸੰਤ ਗਰਗ ਨੇ ਕਿਹਾ ਕਿ ਸੂਬਾ ਬਾਜ਼ਾਰ ਤੱਕ ਬਿਹਤਰ ਪਹੁੰਚ, ਲੌਜਿਸਟਿਕਸ ਸੰਪਰਕ ਅਤੇ ਹੁਨਰਮੰਦ ਕਾਰਜਬਲ ਦੀ ਪੇਸ਼ਕਸ਼ ਕਰਦਾ ਹੈ। ਉਨ੍ਹਾਂ ਕਿਹਾ ਕਿ ਐਫ.ਟੀ.ਏ. ਅਤੇ ਐਕਪੋਰਟ ਫਿਸੈਲੀਟੇਸ਼ਨ ਸੈੱਲ ਸੀ.ਏ.ਟੀ.ਏ. ਢਾਂਚੇ ਤਹਿਤ ਰੈਗੂਲੇਟਰੀ ਪਾਲਣਾ, ਮਾਰਕੀਟ ਸੰਪਰਕ ਅਤੇ ਨਿਰਯਾਤ ਨੂੰ ਉਤਸ਼ਾਹਿਤ ਕਰਨ ਲਈ ਯੂ.ਕੇ. ਦੇ ਕਾਰੋਬਾਰਾਂ ਨੂੰ ਮੁਕੰਮਲ ਸਹਾਇਤਾ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਦੋਵੇਂ ਧਿਰਾਂ ਨਿਰੰਤਰ ਗੱਲਬਾਤ ਜਾਰੀ ਰੱਖਣਗੀਆਂ ਅਤੇ ਪੰਜਾਬ ਦੇ ਉਦਯੋਗਾਂ ਅਤੇ ਬ੍ਰਿਟਿਸ਼ ਕਾਰੋਬਾਰਾਂ ਵਿਚਕਾਰ ਢਾਂਚਾਗਤ ਬੀ2ਬੀ ਸੰਪਰਕ ਦੀ ਸਹੂਲਤ ਯਕੀਨੀ ਬਣਾਉਣਗੀਆਂ ਤਾਂ ਜੋ ਵਿਚਾਰ-ਵਟਾਂਦਰੇ ਨੂੰ ਜ਼ਮੀਨੀ ਪੱਧਰ 'ਤੇ ਨਿਵੇਸ਼ਾਂ ਵਿੱਚ ਬਦਲਿਆ ਜਾ ਸਕੇ।

ਇਸ ਮੀਟਿੰਗ ਵਿੱਚ ਉਦਯੋਗ ਵਿਭਾਗ ਦੇ ਡਾਇਰੈਕਟਰ ਸ੍ਰੀ ਜਸਪ੍ਰੀਤ ਸਿੰਘ, ਪੰਜਾਬ ਵਿੱਤੀ ਕਾਰਪੋਰੇਸ਼ਨ ਦੇ ਐਮ.ਡੀ. ਸ੍ਰੀਮਤੀ ਸੇਨੂ ਦੁੱਗਲ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

ਅੰਤਰ ਜ਼ਿਲ੍ਹਾ ਸਕੂਲ ਖੇਡਾਂ ਕਰਾਟੇ 'ਚ ਅੰਡਰ-17 ਲੜਕਿਆਂ ਵਿੱਚ ਪਟਿਆਲਾ ਜ਼ਿਲ੍ਹਾ ਬਣਿਆ ਓਵਰਆਲ ਚੈਂਪੀਅਨ



ਪਟਿਆਲਾ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਮਮਤਾ ਖੁਰਾਣਾ,ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਤਾਲਮੇਲ ਨਾਲ ਪਲੇਅ ਵੇਜ਼ ਸੀਨੀਅਰ ਸੈਕੰਡਰੀ ਸਕੂਲ ਪਟਿਆਲੇ ਵਿਖੇ ਕਰਵਾਏ ਗਏ।ਅੰਡਰ-17 ਲੜਕਿਆਂ ਦੇ ਕਰਾਟੇ ਮੁਕਾਬਲਿਆਂ ਵਿੱਚ ਪਟਿਆਲਾ ਜ਼ਿਲ੍ਹੇ ਨੇ ਗੋਲਡ ਮੈਡਲ 3, ਸਿਲਵਰ ਮੈਡਲ 3,ਬਰਾਉਨਜ਼ ਮੈਡਲ ਜਿੱਤ ਕੇ ਕਰਾਟੇ ਦੀ ਚੈਂਪੀਅਨਸ਼ਿਪ ਜਿੱਤੀ ਤੇ ਓਵਰਆਲ ਟਰਾਫ਼ੀ ਵੀ ਜਿੱਤੀ।ਲੁਧਿਆਣਾ ਜ਼ਿਲ੍ਹਾ ਨੇ ਦੂਜਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ 3,ਸਿਲਵਰ ਮੈਡਲ 1, ਬਰਾਉਨਜ਼ ਮੈਡਲ 2,ਪਠਾਨਕੋਟ ਜ਼ਿਲ੍ਹੇ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ 3, ਸਿਲਵਰ ਮੈਡਲ 1 ਜਿੱਤੇ।ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਨੇ ਸਾਰੀ ਟੀਮ ਨੂੰ ਤੇ ਕੋਚਾਂ ਨੂੰ ਵਧਾਈ ਦਿੱਤੀ।ਇਸ ਮੌਕੇ ਤੇ ਅਬਜਰਵਰ ਰਾਜੇਸ਼ ਸ਼ਰਮਾ, ਕਨਵੀਨਰ ਰਾਜੇਸ਼ ਕੁਮਾਰ, ਡਾ ਆਸਾ ਸਿੰਘ, ਸਤਵਿੰਦਰ ਸਿੰਘ ਤਾਇਕਵਾਂਡੋ ਕੋਚ,ਚਮਕੌਰ ਸਿੰਘ, ਸ਼ੰਕਰ ਨੇਗੀ, ਹਰਦੀਪ ਸਿੰਘ, ਬਿੰਪਨ ਚੰਦ, ਰਾਕੇਸ਼ ਕੁਮਾਰ, ਸੁਰਿੰਦਰ ਪਾਲ ਸਿੰਘ ਐਸਪੀ, ਹਰਜੀਤ ਸਿੰਘ, ਹਰਦੀਪ ਸਿੰਘ, ਮੋਹਿਤ ਕੁਮਾਰ, ਕੁਲਦੀਪ ਜਾਹੀਦਾ ਕੁਰੈਸ਼ੀ,ਰੇਨੂ ਕੌਸ਼ਲ, ਅਮਨਦੀਪ ਕੌਰ, ਅਜਮੇਰ ਸਿੰਘ,ਬੁੱਧਰਾਮ, ਪ੍ਰੈਂਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

ਵਾਰਸ ਪੰਜਾਬ ਦੇ ਜਥੇਬੰਦਕ ਢਾਂਚੇ ਨੂੰ ਭੰਗ ਕਰਨ ਦਾ ਵਿਰੋਧ ਕਰਨ ਵਾਲੀ ਡਰਾਫਟਿੰਗ ਕਮੇਟੀ ਵੀ ਮੁਅੱਤਲ

ਚੰਡੀਗੜ੍ਹ 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੀ ਪੰਜ ਮੈਂਬਰੀ ਪ੍ਰਿੰਸੀਪਲ ਡਰਾਫਟਿੰਗ ਕਮੇਟੀ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਭੰਗ ਕਰਨ 'ਤੇ ਇਤਰਾਜ਼ ਜਤਾਉਣ ਤੋਂ ਇੱਕ ਦਿਨ ਬਾਅਦ, ਪਾਰਟੀ ਲੀਡਰਸ਼ਿਪ ਨੇ ਕਮੇਟੀ ਮੈਂਬਰਾਂ ਨੂੰ ਕਥਿਤ ਤੌਰ 'ਤੇ ਪਾਰਟੀ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਦੋਸ਼ ਹੇਠ ਮੁਅੱਤਲ ਕਰ ਦਿੱਤਾ ਹੈ।

ਸੰਯੁਕਤ ਦਫਤਰ ਸਕੱਤਰ ਜਤਿੰਦਰ ਸਿੰਘ ਮਹਿਤਾ ਵੱਲੋਂ ਜਾਰੀ ਕੀਤੇ ਗਏ ਇਸ ਪੱਤਰ ਵਿੱਚ ਲਿਖਿਆ ਗਿਆ ਹੈ ਕਿ ਅਵਤਾਰ ਸਿੰਘ ਸੇਖੋਂ, ਗੁਰਦੀਪ ਸਿੰਘ ਬੰਡਾਲ, ਜਗਦੀਪ ਸਿੰਘ ਕੰਸਾਲਾ, ਕ੍ਰਿਸ਼ਨ ਸਿੰਘ ਰੁਪਾਣਾ ਅਤੇ ਜਸਵਿੰਦਰ ਸਿੰਘ ਡਰੋਲੀ ਨੂੰ ਪਾਰਟੀ ਦੀ ਮੁੱਢਲੀ ਮੈਂਬਰਸ਼ਿਪ ਅਤੇ ਹੋਰ ਜ਼ਿੰਮੇਵਾਰੀਆਂ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ। ਕਮੇਟੀ ਨੇ ਇਸ ਮੁਅੱਤਲੀ ਨੂੰ ਮੰਨਣ ਅਤੇ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਦਰਅਸਲ, ਕਮੇਟੀ ਨੇ ਜਥੇਬੰਦਕ ਢਾਂਚੇ ਨੂੰ ਭੰਗ ਕਰਨ ਦੇ ਫੈਸਲੇ ਦਾ ਵਿਰੋਧ ਕੀਤਾ ਸੀ ਅਤੇ ਸੰਯੁਕਤ ਦਫਤਰ ਸਕੱਤਰ ਜਤਿੰਦਰ ਸਿੰਘ ਮਹਿਤਾ ਦੇ ਇਸ ਕਦਮ ਨੂੰ ਮਨਮਾਨੀ ਅਤੇ ਕਮੇਟੀ ਦੀ ਸਹਿਮਤੀ ਤੋਂ ਬਿਨਾਂ ਲਿਆ ਗਿਆ ਫੈਸਲਾ ਕਰਾਰ ਦਿੱਤਾ ਸੀ। ਕਮੇਟੀ ਨੇ ਇੱਕ ਉੱਚ ਅਹੁਦੇ 'ਤੇ ਬੈਠੇ ਸਰਕਾਰੀ ਅਧਿਕਾਰੀ ਦੀ ਪਾਰਟੀ ਨਿਯੁਕਤੀਆਂ ਵਿੱਚ ਕਥਿਤ ਦਖਲਅੰਦਾਜ਼ੀ, ਪਾਰਟੀ ਅਹੁਦੇਦਾਰਾਂ ਨੂੰ ਨਵੀਆਂ ਇਨੋਵਾ ਗੱਡੀਆਂ ਦੇਣ ਅਤੇ ਸਰਕਾਰੀ ਟੈਂਡਰਾਂ ਤੇ ਟਿਕਟਾਂ ਦੀ ਵੰਡ ਵਿੱਚ ਕਥਿਤ ਧੋਖਾਧੜੀ ਬਾਰੇ ਵੀ ਸਪਸ਼ਟੀਕਰਨ ਮੰਗਿਆ ਸੀ।

ਕਮੇਟੀ ਅਨੁਸਾਰ, 20 ਅਕਤੂਬਰ ਨੂੰ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਤਰਸੇਮ ਸਿੰਘ (ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ) ਨੂੰ ਛੇ ਪੰਨਿਆਂ ਦਾ ਇੱਕ ਵਿਸਤ੍ਰਿਤ ਪੱਤਰ ਸੌਂਪਿਆ ਗਿਆ ਸੀ। ਇਸ ਵਿੱਚ ਚਾਰ ਵਿਅਕਤੀਆਂ ਦੀਆਂ ਕਥਿਤ ਗਤੀਵਿਧੀਆਂ ਅਤੇ ਸਰਕਾਰ ਤੇ ਭਾਰਤੀ ਏਜੰਸੀਆਂ ਨਾਲ ਉਨ੍ਹਾਂ ਦੇ ਕਥਿਤ ਸਬੰਧਾਂ ਬਾਰੇ ਗੰਭੀਰ ਇਤਰਾਜ਼ ਦਰਜ ਕੀਤੇ ਗਏ ਸਨ।

ਕਮੇਟੀ ਨੇ ਇਹ ਵੀ ਜਾਣਕਾਰੀ ਦਿੱਤੀ ਸੀ ਕਿ 27 ਅਕਤੂਬਰ ਨੂੰ 'ਪੰਜ ਪ੍ਰਧਾਨੀ' ਮੈਂਬਰਾਂ ਤਰਸੇਮ ਸਿੰਘ, ਅਮਰਜੀਤ ਸਿੰਘ, ਪਰਮਜੀਤ ਸਿੰਘ ਜੌਹਲ, ਹਰਭਜਨ ਸਿੰਘ ਤੂਰ ਅਤੇ ਸੁਖਵਿੰਦਰ ਸਿੰਘ ਨਾਲ ਹੋਈ ਇੱਕ ਲੰਮੀ ਮੀਟਿੰਗ ਦੌਰਾਨ ਤੱਥਾਂ ਅਤੇ ਸਬੂਤਾਂ ਦੇ ਨਾਲ ਕਈ ਅਹਿਮ ਮੁੱਦਿਆਂ 'ਤੇ ਚਰਚਾ ਕੀਤੀ ਗਈ ਸੀ।

ਸੂਤਰਾਂ ਨੇ ਦੱਸਿਆ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਵੱਲੋਂ ਵਧੇਰੇ ਉਦਾਰਵਾਦੀ ਅਤੇ ਧਰਮ ਨਿਰਪੱਖ ਸਿਆਸੀ ਪਹੁੰਚ ਅਪਣਾਉਣ ਤੋਂ ਬਾਅਦ ਇਹ ਮਤਭੇਦ ਪੈਦਾ ਹੋਏ ਹਨ। ਪੰਥਕ ਵਿਚਾਰਧਾਰਾ 'ਤੇ ਚੱਲਣ ਵਾਲੇ ਲੋਕ ਇਸ ਕਦਮ ਤੋਂ ਸਹਿਮਤ ਨਹੀਂ ਹਨ।

ਆਪਣਾ ਨਾਂ ਗੁਪਤ ਰੱਖਣ ਦੀ ਸ਼ਰਤ 'ਤੇ ਪਾਰਟੀ ਦੇ ਇੱਕ ਆਗੂ ਨੇ ਦੱਸਿਆ ਕਿ ਇਹ ਵਿਰੋਧ ਉਦੋਂ ਸ਼ੁਰੂ ਹੋਇਆ ਜਦੋਂ ਪਾਰਟੀ ਨੇ ਉਮੀਦਵਾਰਾਂ ਦੀ ਜਿੱਤਣ ਦੀ ਸਮਰੱਥਾ ਨੂੰ ਧਿਆਨ ਵਿੱਚ ਰੱਖਦਿਆਂ ਯੋਗ ਉਮੀਦਵਾਰਾਂ ਲਈ ਇੱਕ ਸਰਵੇਖਣ ਕਰਵਾਇਆ। ਇਹ ਵੀ ਫੈਸਲਾ ਕੀਤਾ ਗਿਆ ਸੀ ਕਿ ਟਿਕਟਾਂ ਉਨ੍ਹਾਂ ਲੋਕਾਂ ਨੂੰ ਹੀ ਦਿੱਤੀਆਂ ਜਾਣਗੀਆਂ ਜਿਨ੍ਹਾਂ ਦਾ ਜਨਤਕ ਅਕਸ ਸਾਫ਼-ਸੁਥਰਾ ਹੋਵੇਗਾ ਅਤੇ ਉਹ ਨਸ਼ਿਆਂ ਨਾਲ ਸਬੰਧਤ ਕਿਸੇ ਵੀ ਮਾਮਲੇ ਵਿੱਚ ਸ਼ਾਮਲ ਨਹੀਂ ਹੋਣਗੇ।

ਮੌਜੂਦਾ ਸਮੇਂ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਖਡੂਰ ਸਾਹਿਬ ਦੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਇਸ ਸਿਆਸੀ ਸਮੂਹ ਦੀ ਅਗਵਾਈ ਕਰ ਰਹੇ ਹਨ। ਚੋਣ ਕਮਿਸ਼ਨ ਵੱਲੋਂ ਇੱਕ ਸਿਆਸੀ ਪਾਰਟੀ ਵਜੋਂ ਇਸ ਦੀ ਰਜਿਸਟ੍ਰੇਸ਼ਨ 'ਤੇ ਇਤਰਾਜ਼ ਉਠਾਉਣ ਤੋਂ ਬਾਅਦ ਪਾਰਟੀ ਨੂੰ ਰਜਿਸਟ੍ਰੇਸ਼ਨ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਚੋਣ ਨਿਸ਼ਾਨ ਦੀ ਪ੍ਰਕਿਰਿਆ ਵੀ ਰੁਕੀ ਹੋਈ ਹੈ। ਇਹ ਮਾਮਲਾ ਫਿਲਹਾਲ ਦਿੱਲੀ ਹਾਈ ਕੋਰਟ ਵਿੱਚ ਵਿਚਾਰ ਅਧੀਨ ਹੈ, ਜਿਸ ਨੇ ਸੂਬਾ ਸਰਕਾਰ ਤੋਂ ਜਵਾਬ ਮੰਗਿਆ ਹੈ।

ਭਾਸ਼ਾ ਵਿਭਾਗ, ਪੰਜਾਬ ਵੱਲੋਂ ਪੰਜਾਬੀ ਮਾਹ 2026 ਦੌਰਾਨ ਸੂਬੇ ਭਰ 'ਚ ਵੱਡੇ ਪੱਧਰ 'ਤੇ ਕਰਵਾਏ ਜਾਣਗੇ ਸਮਾਗਮ

ਪਟਿਆਲਾ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਸ਼ਾ ਵਿਭਾਗ, ਪੰਜਾਬ ਵੱਲੋਂ ਪੰਜਾਬੀ ਮਾਹ 2026 ਦੌਰਾਨ ਸੂਬੇ ਭਰ 'ਚ 01 ਤੋਂ 30 ਨਵੰਬਰ ਤੱਕ ਵੱਖ-ਵੱਖ ਜ਼ਿਲ੍ਹਿਆਂ ਵਿੱਚ ਵੱਡੇ ਪੱਧਰ 'ਤੇ ਸਾਹਿਤਕ ਤੇ ਸੱਭਿਆਚਾਰਕ ਸਮਾਗਮ ਕਰਵਾਏ ਜਾਣਗੇ। ਇਨ੍ਹਾਂ ਸਮਾਗਮਾਂ ਦਾ ਉਦਘਾਟਨ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ 1 ਨਵੰਬਰ ਨੂੰ ਭਾਸ਼ਾ ਭਵਨ, ਪਟਿਆਲਾ ਦੇ ਓਪਨ ਏਅਰ ਥਿਏਟਰ ਵਿਖੇ ਹੋਣ ਵਾਲੇ ਸਾਹਿਤਕ ਤੇ ਸੰਗੀਤਕ ਸਮਾਗਮ ਦੌਰਾਨ ਕਰਨਗੇ।

ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਇਸ ਸਮਾਗਮ ਦੀ ਪ੍ਰਧਾਨਗੀ ਡਾ. ਜਗਦੀਪ ਸਿੰਘ ਉਪ ਕੁਲਪਤੀ ਪੰਜਾਬੀ ਯੂਨੀਵਰਸਿਟੀ, ਪਟਿਆਲਾ ਕਰਨਗੇ ਅਤੇ ਪੰਜਾਬ ਸਾਹਿਤ ਅਕਾਦਮੀ, ਚੰਡੀਗੜ੍ਹ ਦੇ ਪ੍ਰਧਾਨ ਡਾ. ਆਤਮ ਰੰਧਾਵਾ ਕੁੰਜੀਵਤ ਭਾਸ਼ਣ ਦੇਣਗੇ। ਇਸ ਮੌਕੇ ਸੂਫੀ ਗਾਇਕ ਯਾਕੂਬ ਸੰਗੀਤਕ ਪੇਸ਼ਕਾਰੀਆਂ ਦੇਣਗੇ।

ਪੰਜਾਬੀ ਮਾਹ ਦੇ ਸਮਾਗਮਾਂ ਦੀ ਲੜੀ ਵਿੱਚ 3 ਨਵੰਬਰ ਨੂੰ ਸ਼ਹੀਦ ਭਗਤ ਸਿੰਘ ਨਗਰ ਵਿਖੇ ਨਾਟਕ 'ਪੀੜ੍ਹੀ ਦਰ ਪੀੜ੍ਹੀ' ਦਾ ਮੰਚਨ, 4 ਨਵੰਬਰ ਨੂੰ ਪਟਿਆਲਾ ਵਿਖੇ ਸਥਾਨਕ ਕਵੀਆਂ ਤੇ ਅਧਾਰਤ ਕਵੀ ਦਰਬਾਰ, 6 ਨਵੰਬਰ ਨੂੰ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ) ਵਿਖੇ ਸਾਹਿਤਕ ਸ਼ਖ਼ਸੀਅਤ ਨਾਲ ਰੂਬਰੂ, 11 ਨਵੰਬਰ ਨੂੰ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ) ਵਿਖੇ ਪੁਆਧੀ ਕਵੀ ਦਰਬਾਰ, 12 ਨਵੰਬਰ ਨੂੰ ਕਪੂਰਥਲਾ ਵਿਖੇ ਗੋਸ਼ਟੀ- ਸ੍ਰੀ ਗੁਰੂ ਨਾਨਕ ਦੇਵ ਜੀ ਦਾ ਫਲਸਫ਼ਾ ਅਤੇ ਫ਼ਰੀਦਕੋਟ ਵਿਖੇ ਰੂਬਰੂ ਤੇ ਨਾਟਕ ਮੰਚਨ,13 ਨਵੰਬਰ ਨੂੰ ਫ਼ਤਹਿਗੜ੍ਹ ਸਾਹਿਬ ਵਿਖੇ ਸਥਾਨਕ ਕਵੀਆਂ ਤੇ ਅਧਾਰਤ ਕਵੀ ਦਰਬਾਰ, 17 ਨਵੰਬਰ ਨੂੰ ਮਾਨਸਾ ਵਿਖੇ ਵਿਦਵਾਨ ਸਖ਼ਸ਼ੀਅਤ ਨਾਲ ਰੂਬਰੂ ਸਾਹਿਤ ਸਿਰਜਣ ਤੇ ਪੜ੍ਹਨ ਬਾਰੇ ਸਾਹਿਤਕ ਵਰਕਸ਼ਾਪ, 18 ਨਵੰਬਰ ਨੂੰ ਸੰਗਰੂਰ ਵਿਖੇ ਵਿਦਵਾਨ ਸਖਸ਼ੀਅਤ ਨਾਲ ਰੂਬਰੂ ਤੇ ਕਵੀ ਦਰਬਾਰ, 17-18-19 ਨਵੰਬਰ ਨੂੰ ਪਟਿਆਲਾ, ਸੰਗਰੂਰ ਜਾਂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪੰਜਾਬੀ ਮਾਹ ਸਾਹਿਤ ਉਤਸਵ, 18 ਨਵੰਬਰ ਨੂੰ ਫ਼ਤਹਿਗੜ੍ਹ ਸਾਹਿਬ ਵਿਖੇ ਰਾਜ ਪੱਧਰੀ- ਬਾਲ ਸਾਹਿਤ (ਪ੍ਰਸ਼ਨੋਤਰੀ) ਕੁਇਜ਼ ਮੁਕਾਬਲੇ,18-19 ਨਵੰਬਰ ਨੂੰ ਪਠਾਨਕੋਟ ਵਿਖੇ ਸਾਹਿਤਕ ਵਿਚਾਰ-ਚਰਚਾ ਤੇ ਕਵੀ ਦਰਬਾਰ, 19 ਨਵੰਬਰ ਨੂੰ ਫਰੀਦਕੋਟ ਵਿਖੇ ਕਵੀ ਦਰਬਾਰ, 20 ਨਵੰਬਰ ਨੂੰ ਹੁਸ਼ਿਆਰਪੁਰ ਵਿਖੇ ਸੈਮੀਨਾਰ- ਬੱਬਰ ਅਕਾਲੀ ਲਹਿਰ ਤੇ ਆਦਿ ਧਰਮ ਲਹਿਰ ਅਤੇ ਫਿਰੋਜ਼ਪੁਰ ਵਿਖੇ ਨਾਟਕ ਦਾ ਮੰਚਨ, 23 ਨਵੰਬਰ ਨੂੰ ਬਠਿੰਡਾ ਵਿਖੇ ਪੰਜਾਬੀ ਨਾਟਕ ਮੁਕਾਬਲੇ, 25 ਨਵੰਬਰ ਨੂੰ ਮੋਗਾ ਵਿਖੇ ਪੰਜਾਬ ਰਾਜ ਭਾਸ਼ਾ ਸਮਾਗਮ ਤੇ ਨਾਟਕ, 26 ਨਵੰਬਰ ਨੂੰ ਮੁਕਤਸਰ ਸਾਹਿਬ ਵਿਖੇ ਕਵੀਸ਼ਰੀ ਕਲਾ ਬਾਰੇ ਚਰਚਾ ਤੇ ਕਵੀਸ਼ਰੀ ਗਾਇਨ ਅਤੇ ਮੁੱਖ ਦਫਤਰ ਪਟਿਆਲਾ ਵਿਖੇ ਪੰਜਾਬ ਦੀ ਭਾਸ਼ਾ ਨੀਤੀ ਸਬੰਧੀ ਗੋਸ਼ਟੀ, 27 ਨਵੰਬਰ ਨੂੰ ਤਰਨਤਾਰਨ ਵਿਖੇ ਸਥਾਨਕ ਕਵੀਆਂ ਤੇ ਅਧਾਰਤ ਕਵੀ ਦਰਬਾਰ, ਲੁਧਿਆਣਾ ਵਿਖੇ ਪੰਜਾਬੀ ਭਾਸ਼ਾ ਤੇ ਜਨਜੀਵਨ ਬਾਰੇ ਵਿਚਾਰ ਚਰਚਾ ਅਤੇ ਕਵੀਸ਼ਰੀ/ਢਾਡੀ ਗਾਇਨ, ਦਿੱਲੀ ਵਿਖੇ ਅਜੀਤ ਕੌਰ ਦੀ ਕਹਾਣੀ ਕਲਾ ਬਾਰੇ ਸਮਾਗਮ, ਚੰਡੀਗੜ੍ਹ ਵਿਖੇ ਰੂਬਰੂ, ਮੋਗਾ ਵਿਖੇ ਪੰਜਾਬੀ ਸਾਹਿਤ ਸਿਰਜਣ ਅਤੇ ਕਵਿਤਾ ਗਾਇਨ ਮੁਕਾਬਲੇ, ਬਰਨਾਲਾ ਵਿਖੇ ਲੋਕ ਕਵੀ ਸੰਤ ਰਾਮ ਉਦਾਸੀ ਦਾ ਕਾਵਿ ਸੰਸਾਰ ਵਿਸ਼ੇ ਤੇ ਚਰਚਾ ਤੇ ਸਥਾਨਕ ਕਵੀਆਂ ਤੇ ਅਧਾਰਤ ਕਵੀ ਦਰਬਾਰ, 30 ਨਵੰਬਰ ਨੂੰ ਮੁੱਖ ਦਫਤਰ, ਪਟਿਆਲਾ ਵਿਖੇ ਪੰਜਾਬੀ ਮਾਹ ਦਾ ਵਿਦਾਇਗੀ ਸਮਾਗਮ ਹੋਵੇਗਾ ਜਿਸ ਦੌਰਾਨ ਸਰਵੋਤਮ ਹਿੰਦੀ, ਸੰਸਕ੍ਰਿਤ, ਉਰਦੂ ਪੁਰਸਕਾਰਾਂ ਦੀ ਵੰਡ ਕੀਤੀ ਜਾਵੇਗੀ।

ਕਾਂਗਰਸ ਨੇ ਆਪਣੇ ਸ਼ਾਸਨ ਦੌਰਾਨ ਥਾਣਿਆਂ 'ਚ ਸਿਆਸੀ ਧੌਂਸਬਾਜ਼ੀ ਦਾ ਸੱਭਿਆਚਾਰ ਪੈਦਾ ਕੀਤਾ: ਅੰਗਦ ਦੀਪ ਸਿੰਘ ਸੋਹਲ

ਅੰਮ੍ਰਿਤਸਰ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਆਗੂ ਅੰਗਦ ਦੀਪ ਸਿੰਘ ਸੋਹਲ ਨੇ ਸ਼ੁੱਕਰਵਾਰ ਨੂੰ ਹੰਗਾਮਾ ਕਰਨ ਅਤੇ ਪੁਲਿਸ ਕਰਮਚਾਰੀਆਂ ਨਾਲ ਬਦਸਲੂਕੀ ਕਰਨ ਲਈ ਕਾਂਗਰਸੀ ਆਗੂਆਂ ਦੀ ਸਖ਼ਤ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਉਸ ਵੀਆਈਪੀ ਸੱਭਿਆਚਾਰ ਅਤੇ ਹੰਕਾਰ ਨੂੰ ਦਰਸਾਉਂਦੀਆਂ ਹਨ ਜੋ ਕਾਂਗਰਸ ਨੇ ਪੰਜਾਬ ਵਿੱਚ ਆਪਣੇ ਸ਼ਾਸਨ ਦੌਰਾਨ ਪੈਦਾ ਕੀਤਾ ਸੀ। ਉਨ੍ਹਾਂ ਕਿਹਾ ਕਿ ਕਾਂਗਰਸੀ ਆਗੂ ਸ਼ਾਇਦ ਆਪਣੇ ਆਪ ਨੂੰ ਕਾਨੂੰਨ ਤੋਂ ਉੱਪਰ ਸਮਝਦੇ ਹਨ, ਪਰ ਉਨ੍ਹਾਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਥਾਣੇ ਆਮ ਨਾਗਰਿਕਾਂ ਦੀ ਸੇਵਾ ਲਈ ਹਨ, ਨਾ ਕਿ ਸਿਆਸੀ 'ਗੁੰਡਾਗਰਦੀ' ਦੇ ਕੇਂਦਰ ਬਣਨ ਲਈ।

ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 'ਆਪ' ਆਗੂ ਅੰਗਦ ਦੀਪ ਸਿੰਘ ਸੋਹਲ ਨੇ ਕਿਹਾ, 2022 ਵਿੱਚ ਪੰਜਾਬ ਵਿੱਚ ਭਗਵੰਤ ਮਾਨ ਸਰਕਾਰ ਆਉਣ ਤੋਂ ਬਾਅਦ ਸੂਬੇ ਵਿੱਚ ਕਾਨੂੰਨ ਦਾ ਰਾਜ ਦ੍ਰਿੜ੍ਹਤਾ ਨਾਲ ਸਥਾਪਿਤ ਹੋਇਆ ਹੈ। ਕਿਸੇ ਵੀ ਰਾਜਨੇਤਾ ਨੂੰ ਆਪਣੀ ਸਰਕਾਰੀ ਡਿਊਟੀ ਨਿਭਾ ਰਹੇ ਪੁਲਿਸ ਕਰਮਚਾਰੀਆਂ ਨੂੰ ਧਮਕਾਉਣ ਜਾਂ ਉਨ੍ਹਾਂ 'ਤੇ ਸਵਾਲ ਚੁੱਕਣ ਦਾ ਕੋਈ ਹੱਕ ਨਹੀਂ ਹੈ। ਸੁਖਜਿੰਦਰ ਸਿੰਘ ਰੰਧਾਵਾ ਵਰਗੇ ਆਗੂ ਅਜਿਹੇ ਵਿਵਹਾਰ ਰਾਹੀਂ ਕੀ ਸੁਨੇਹਾ ਦੇਣਾ ਚਾਹੁੰਦੇ ਹਨ ? ਡਿਊਟੀ 'ਤੇ ਤਾਇਨਾਤ ਪੁਲਿਸ ਕਰਮਚਾਰੀਆਂ ਦੇ ਕੰਮ ਵਿੱਚ ਰੁਕਾਵਟ ਪਾਉਣ ਜਾਂ ਬਦਸਲੂਕੀ ਕਰਨ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਯੋਗ ਕਾਰਵਾਈ ਕੀਤੀ ਜਾਵੇਗੀ।

ਅੰਗਦ ਦੀਪ ਸਿੰਘ ਸੋਹਲ ਨੇ ਅੱਗੇ ਕਿਹਾ, ਕਾਂਗਰਸੀ ਆਗੂਆਂ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਥਾਣੇ ਉਨ੍ਹਾਂ ਦੀ ਪੁਸ਼ਤੈਨੀ ਜਾਇਦਾਦ ਨਹੀਂ ਹਨ ਜਿੱਥੇ ਉਹ ਆਪਣੇ ਸਮਰਥਕਾਂ ਨਾਲ ਦਾਖਲ ਹੋ ਕੇ ਡਰ ਦਾ ਮਾਹੌਲ ਬਣਾ ਸਕਣ। ਇਹ ਜਨਤਕ ਅਦਾਰੇ ਹਨ ਜੋ ਲੋਕਾਂ ਦੀ ਸੇਵਾ ਲਈ ਹਨ, ਨਾ ਕਿ ਕਾਂਗਰਸੀ ਸਿਆਸਤਦਾਨਾਂ ਦੇ ਹੰਕਾਰ ਨੂੰ ਪੱਠੇ ਪਾਉਣ ਲਈ। ਮੈਂ ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਅਤੇ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਨੂੰ ਚੁਣੌਤੀ ਦਿੰਦਾ ਹਾਂ ਕਿ ਉਹ ਸਪੱਸ਼ਟ ਕਰਨ ਕਿ ਕੀ ਥਾਣਿਆਂ ਅੰਦਰ ਅਜਿਹੀ ਗੁੰਡਾਗਰਦੀ ਨੂੰ ਹੀ ਉਹ ਆਪਣਾ 'ਪੰਜਾਬ ਮਾਡਲ' ਮੰਨਦੇ ਹਨ। ਪੰਜਾਬ ਪੁਲਿਸ ਦੀ ਸ਼ਲਾਘਾ ਕਰਦਿਆਂ 'ਆਪ' ਆਗੂ ਨੇ ਜ਼ੋਰ ਦੇ ਕੇ ਕਿਹਾ, ਪੰਜਾਬ ਪੁਲਿਸ ਦੇਸ਼ ਦੀਆਂ ਸਰਵੋਤਮ ਪੁਲਿਸ ਬਲਾਂ ਵਿੱਚੋਂ ਇੱਕ ਹੈ ਅਤੇ ਇਸ ਨੇ ਪੰਜਾਬ ਵਿੱਚੋਂ ਅੱਤਵਾਦ ਨੂੰ ਖ਼ਤਮ ਕਰਨ ਵਿੱਚ ਇਤਿਹਾਸਕ ਭੂਮਿਕਾ ਨਿਭਾਈ ਹੈ। ਪੁਲਿਸ ਕਰਮਚਾਰੀ ਆਮ ਨਾਗਰਿਕਾਂ ਦੀ ਸੁਰੱਖਿਆ ਅਤੇ ਮਦਦ ਲਈ ਦਿਨ-ਰਾਤ ਕੰਮ ਕਰਦੇ ਹਨ। ਉਨ੍ਹਾਂ ਦੀਆਂ ਛਾਤੀਆਂ 'ਤੇ ਸਜੇ ਤਗਮੇ ਸਾਲਾਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਕੁਰਬਾਨੀਆਂ ਨਾਲ ਹਾਸਲ ਕੀਤੇ ਗਏ ਹਨ। ਪੁਲਿਸ ਬਲ ਕਿਸੇ ਦੀ ਨਿੱਜੀ ਜਾਇਦਾਦ ਜਾਂ ਸਿਆਸੀ ਵਿਰਾਸਤ ਨਹੀਂ ਹੈ।

ਉਨ੍ਹਾਂ ਕਿਹਾ, ਕਾਂਗਰਸ ਕੋਲ ਜਨਤਾ ਲਈ ਕੋਈ ਵਿਜ਼ਨ ਜਾਂ ਚੁੱਕਣ ਲਈ ਸਾਰਥਕ ਮੁੱਦੇ ਨਹੀਂ ਹਨ, ਇਸੇ ਲਈ ਉਹ ਅਜਿਹੀਆਂ ਡਰਾਮੇਬਾਜ਼ੀਆਂ ਦਾ ਸਹਾਰਾ ਲੈ ਰਹੀ ਹੈ। ਕਾਂਗਰਸੀ ਆਗੂ ਅਕਸਰ ਦਾਅਵਾ ਕਰਦੇ ਹਨ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਠੱਪ ਹੋ ਚੁੱਕੀ ਹੈ, ਪਰ ਜਦੋਂ ਪੁਲਿਸ ਆਪਣੀ ਡਿਊਟੀ ਨਿਭਾਉਂਦੀ ਹੈ ਤਾਂ ਇਹੋ ਲੀਡਰ ਥਾਣਿਆਂ 'ਚ ਵੜ ਕੇ ਹੰਗਾਮਾ ਕਰਦੇ ਹਨ। ਕੀ ਕਾਂਗਰਸ ਲੀਡਰਸ਼ਿਪ ਆਪਣੇ ਆਗੂਆਂ ਵਿਰੁੱਧ ਪੁਲਿਸ ਕਰਮਚਾਰੀਆਂ ਨਾਲ ਕੀਤੇ ਇਸ ਵਿਵਹਾਰ ਲਈ ਕੋਈ ਕਾਰਵਾਈ ਕਰੇਗੀ ?

ਅੰਗਦ ਦੀਪ ਸਿੰਘ ਸੋਹਲ ਨੇ ਅੱਗੇ ਕਿਹਾ, ਰਾਹੁਲ ਗਾਂਧੀ ਬਾਰ-ਬਾਰ 'ਵੋਟ ਚੋਰੀ' ਦੇ ਦੋਸ਼ ਲਗਾਉਂਦੇ ਹਨ, ਪਰ ਜਦੋਂ ਇਹ ਮੁੱਦਾ ਪੰਜਾਬ ਵਿਧਾਨ ਸਭਾ ਵਿੱਚ ਉੱਠਿਆ ਤਾਂ ਕਾਂਗਰਸੀ ਆਗੂ ਗਾਇਬ ਸਨ। ਪੰਜਾਬ ਦੇ ਲੋਕਾਂ ਨੇ 2022 ਵਿੱਚ ਕਾਂਗਰਸ ਨੂੰ ਸੱਤਾ ਤੋਂ ਬਾਹਰ ਕਰਕੇ ਵਿਰੋਧੀ ਧਿਰ ਵਿੱਚ ਬਿਠਾਇਆ ਸੀ। ਕੋਈ ਰਚਨਾਤਮਕ ਭੂਮਿਕਾ ਨਿਭਾਉਣ ਦੀ ਬਜਾਏ, ਇਸ ਦੇ ਆਗੂ ਹੁਣ ਬੋਖਲਾਹਟ ਵਿੱਚ ਥਾਣਿਆਂ ਅੰਦਰ ਹੰਗਾਮਾ ਕਰ ਰਹੇ ਹਨ।

ਸੋਹਲ ਨੇ ਸਿੱਟਾ ਕੱਢਦਿਆਂ ਕਿਹਾ, ਲੋਕਤੰਤਰ ਲੋਕਾਂ ਨੂੰ ਤਾਕਤ ਦਿੰਦਾ ਹੈ, ਜਦੋਂ ਕਿ ਕਾਨੂੰਨ ਇਨਸਾਫ਼ ਅਤੇ ਵਿਵਸਥਾ ਬਣਾਏ ਰੱਖਣ ਦਾ ਅਧਿਕਾਰ ਦਿੰਦਾ ਹੈ। ਕਾਨੂੰਨ ਸਭ ਲਈ ਬਰਾਬਰ ਹੈ। ਭਗਵੰਤ ਮਾਨ ਸਰਕਾਰ ਹਰ ਉਸ ਪੁਲਿਸ ਅਧਿਕਾਰੀ ਦੇ ਨਾਲ ਚਟਾਨ ਵਾਂਗ ਖੜ੍ਹੀ ਹੈ ਜੋ ਇਮਾਨਦਾਰੀ ਅਤੇ ਨਿਡਰਤਾ ਨਾਲ ਆਪਣੀ ਡਿਊਟੀ ਨਿਭਾਉਂਦਾ ਹੈ। ਨਸ਼ਿਆਂ ਵਿਰੁੱਧ ਚੱਲ ਰਹੇ 'ਯੁੱਧ ਨਸ਼ਿਆਂ ਵਿਰੁੱਧ' ਤੋਂ ਲੈ ਕੇ 'ਗੈਂਗਸਟਰਾਂ 'ਤੇ ਵਾਰ' ਤੱਕ, ਪੰਜਾਬ ਪੁਲਿਸ ਨੇ ਸਰਕਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕੀਤਾ ਹੈ ਅਤੇ ਸੂਬੇ ਵਿੱਚ ਅਮਨ-ਸ਼ਾਂਤੀ ਤੇ ਸੁਰੱਖਿਆ ਬਣਾਏ ਰੱਖਣ ਵਿੱਚ ਮਦਦ ਕੀਤੀ ਹੈ। ਸਰਕਾਰ ਪੰਜਾਬ ਅਤੇ ਇਸ ਦੇ ਲੋਕਾਂ ਦੀ ਰੱਖਿਆ ਲਈ ਆਪਣੀ ਪੁਲਿਸ ਫੋਰਸ ਦਾ ਸਮਰਥਨ ਕਰਨਾ ਜਾਰੀ ਰੱਖੇਗੀ।

ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਵਿੱਚ ਖੇਡਾਂ ਨੂੰ ਮਿਲ ਰਿਹਾ ਨਵਾਂ ਹੁਲਾਰਾ: ਡਾ. ਬਲਬੀਰ ਸਿੰਘ

➢ ਸਿਹਤ ਮੰਤਰੀ ਨੇ ਪੰਜਾਬ ਸਪੋਰਟਸ ਯੂਨੀਵਰਸਿਟੀ ਵਿਖੇ ਨੌਰਥ ਜ਼ੋਨ ਅੰਤਰ-ਯੂਨੀਵਰਸਿਟੀ ਬਾਸਕਟਬਾਲ (ਪੁਰਸ਼) ਚੈਂਪੀਅਨਸ਼ਿਪ ਦਾ ਕੀਤਾ ਉਦਘਾਟਨ ➢ ਦੇਸ਼ ਭਰ ਦੀਆਂ 83 ਟੀਮਾਂ ਲੈ ਰਹੀਆਂ ਹਨ ਭਾਗ : ਵੀ.ਸੀ



ਪਟਿਆਲਾ, 31 ਅਕਤੂਬਰ
-ਛਤਰਪਾਲ ਸਿੰਘ-

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਯਤਨਸ਼ੀਲ ਹੈ। ਉਹ ਅ ਕਿਹਾ ਕਿ ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ, ਸਹਿਯੋਗ, ਸਿਹਤਮੰਦ ਮੁਕਾਬਲੇ ਦੀ ਭਾਵਨਾ ਅਤੇ ਟੀਮ ਵਰਕ ਦੀਆਂ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਦੀਆਂ ਹਨ।

ਡਾ. ਬਲਬੀਰ ਸਿੰਘ ਅੱਜ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਵਿਖੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਵੱਲੋਂ ਕਰਵਾਏ ਗਏ ਨੌਰਥ ਜ਼ੋਨ ਅੰਤਰ-ਯੂਨੀਵਰਸਿਟੀ ਬਾਸਕਟਬਾਲ (ਪੁਰਸ਼) ਚੈਂਪੀਅਨਸ਼ਿਪ ਦੇ ਉਦਘਾਟਨੀ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।

ਇਸ ਮੌਕੇ ਉਨ੍ਹਾਂ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਅਤੇ ਖੇਡ-ਕਲਾ ਦਾ ਪ੍ਰਦਰਸ਼ਨ ਕਰਨ ਲਈ ਵਧੀਆ ਮੰਚ ਪ੍ਰਦਾਨ ਕਰਦੇ ਹਨ। ਇਹ ਮੁਕਾਬਲੇ ਵੱਖ-ਵੱਖ ਯੂਨੀਵਰਸਿਟੀਆਂ ਦੇ ਖਿਡਾਰੀਆਂ ਨੂੰ ਆਪਸੀ ਮੇਲ-ਮਿਲਾਪ ਅਤੇ ਖੇਡ ਭਾਵਨਾ ਨਾਲ ਜੋੜਨ ਦੇ ਨਾਲ-ਨਾਲ ਖੇਡਾਂ ਦੇ ਮਿਆਰ ਨੂੰ ਉੱਚਾ ਚੁੱਕਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਨੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਅਤੇ ਯੂਨੀਵਰਸਿਟੀ ਦੀ ਸਮੁੱਚੀ ਟੀਮ ਨੂੰ ਇਸ ਵੱਡੇ ਖੇਡ ਸਮਾਗਮ ਦੇ ਆਯੋਜਨ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਆਪਣੇ ਦੂਰਅੰਦੇਸ਼ੀ ਦ੍ਰਿਸ਼ਟੀਕੋਣ, ਮਿਹਨਤ ਅਤੇ ਦ੍ਰਿੜ੍ਹ ਇਰਾਦੇ ਸਦਕਾ ਖੇਡਾਂ ਦੇ ਖੇਤਰ ਵਿੱਚ ਇੱਕ ਨਾਮਵਰ ਸੰਸਥਾ ਵਜੋਂ ਉੱਭਰ ਰਹੀ ਹੈ।

ਇਸ ਚੈਂਪੀਅਨਸ਼ਿਪ ਸਬੰਧੀ ਜਾਣਕਾਰੀ ਦਿੰਦਿਆਂ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਐਸੋਸੀਏਸ਼ਨ ਆਫ਼ ਇੰਡੀਅਨ ਯੂਨੀਵਰਸਿਟੀਜ਼ ਦੇ ਨਿਯਮਾਂ ਅਤੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਈ ਜਾ ਰਹੀ ਇਸ ਚੈਂਪੀਅਨਸ਼ਿਪ ਵਿੱਚ ਵੱਖ-ਵੱਖ ਸੂਬਿਆਂ ਦੀਆਂ 83 ਟੀਮਾਂ ਨੇ ਭਾਗ ਲੈਣ ਲਈ ਰਿਪੋਰਟ ਕੀਤਾ ਹੈ। ਉਨ੍ਹਾਂ ਕਿਹਾ ਕਿ ਇੰਨੀ ਵੱਡੀ ਗਿਣਤੀ ਵਿੱਚ ਟੀਮਾਂ ਦੀ ਸ਼ਮੂਲੀਅਤ ਬਾਸਕਟਬਾਲ ਪ੍ਰਤੀ ਨੌਜਵਾਨਾਂ ਦੇ ਵਧ ਰਹੇ ਉਤਸ਼ਾਹ ਅਤੇ ਯੂਨੀਵਰਸਿਟੀ ਪੱਧਰ 'ਤੇ ਖੇਡਾਂ ਲਈ ਸਾਰਥਕ ਮਾਹੌਲ ਸਿਰਜਣ ਦੇ ਯਤਨਾਂ ਦਾ ਪ੍ਰਮਾਣ ਹੈ।

ਉਨ੍ਹਾਂ ਦੱਸਿਆ ਕਿ ਐਸੋਸੀਏਸ਼ਨ ਆਫ਼ ਇੰਡੀਅਨ ਯੂਨੀਵਰਸਿਟੀਜ਼ ਦੇ ਨਿਯਮਾਂ ਅਨੁਸਾਰ ਸਾਰੀਆਂ ਭਾਗ ਲੈਣ ਵਾਲੀਆਂ ਟੀਮਾਂ ਨੂੰ ਚਾਰ ਪੂਲਾਂ ਵਿੱਚ ਵੰਡਿਆ ਗਿਆ ਹੈ। ਮੁਕਾਬਲਿਆਂ ਦੇ ਸ਼ੁਰੂਆਤੀ ਦੌਰ ਨਾਕਆਊਟ ਪ੍ਰਣਾਲੀ ਅਧੀਨ ਕਰਵਾਏ ਜਾਣਗੇ, ਜਦਕਿ ਆਖ਼ਰੀ ਚਾਰ ਟੀਮਾਂ ਲੀਗ ਮੈਚਾਂ ਰਾਹੀਂ ਆਪਣੀ ਅੰਤਿਮ ਸਥਿਤੀ ਨਿਰਧਾਰਤ ਕਰਨਗੀਆਂ।

ਡਾ. ਗਿੱਲ ਨੇ ਭਾਗ ਲੈਣ ਵਾਲੀਆਂ ਸਾਰੀਆਂ ਟੀਮਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਚੈਂਪੀਅਨਸ਼ਿਪ ਸਿਰਫ਼ ਜਿੱਤ-ਹਾਰ ਜਾਂ ਅੰਕਾਂ ਤੱਕ ਸੀਮਤ ਨਹੀਂ ਹੈ, ਸਗੋਂ ਵੱਖ-ਵੱਖ ਯੂਨੀਵਰਸਿਟੀਆਂ ਦੇ ਖਿਡਾਰੀਆਂ ਨੂੰ ਆਪਸੀ ਮੇਲ-ਮਿਲਾਪ, ਵਿਚਾਰਾਂ ਦੇ ਆਦਾਨ-ਪ੍ਰਦਾਨ ਅਤੇ ਖੇਡ ਸੱਭਿਆਚਾਰ ਦੀਆਂ ਸਾਂਝੀਆਂ ਕਦਰਾਂ-ਕੀਮਤਾਂ ਨਾਲ ਜੋੜਨ ਦਾ ਇੱਕ ਮਹੱਤਵਪੂਰਨ ਮੌਕਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਪੋਰਟਸ ਯੂਨੀਵਰਸਿਟੀ ਵੱਲੋਂ ਚੈਂਪੀਅਨਸ਼ਿਪ ਵਿੱਚ ਭਾਗ ਲੈਣ ਵਾਲੀਆਂ ਟੀਮਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ, ਤਾਂ ਜੋ ਖਿਡਾਰੀ ਬਿਹਤਰੀਨ ਪ੍ਰਦਰਸ਼ਨ ਕਰ ਸਕਣ।

ਇਮਰਾਨ ਦੀਆਂ ਭੈਣਾਂ 'ਤੇ ਪੰਜਾਬ ਸਰਕਾਰ ਹੋਈ ਸਖਤ



ਲਾਹੌਰ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਾਕਿਸਤਾਨ ਦੀ ਪੰਜਾਬ ਸਰਕਾਰ ਨੇ ਪਬਲਿਕ ਸੇਫ਼ਟੀ ਲਾਅ ਮਤਲਬ ਜਨਤਕ ਸੁਰੱਖਿਆ ਕਾਨੂੰਨ ਦੇ ਤਹਿਤ ਜੇਲ੍ਹ 'ਚ ਬੰਦ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਦੀਆਂ ਤਿੰਨ ਭੈਣਾਂ ਦੀ ਹਿਰਾਸਤ 30 ਦਿਨਾਂ ਲਈ ਹੋਰ ਵਧਾ ਦਿੱਤੀ ਹੈ। ਇੱਕ ਅਧਿਕਾਰੀ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ।

ਅਲੀਮਾ ਖ਼ਾਨ, ਨੂਰੀਨ ਨਿਆਜ਼ੀ ਅਤੇ ਡਾ. ਉਜ਼ਮਾ ਖ਼ਾਨ ਨੂੰ ਪੰਜਾਬ ਮੇਨਟੇਨੈਂਸ ਔਫ਼ ਪਬਲਿਕ ਆਰਡਰ ਔਰਡੀਨੈਂਸ 1960 (ਜਨਤਕ ਵਿਵਸਥਾ ਬਣਾਈ ਰੱਖਣ ਸਬੰਧੀ ਔਰਡੀਨੈਂਸ) ਤਹਿਤ ਲਾਹੌਰ ਦੀ ਕੋਟ ਲੱਖਪਤ ਜੇਲ੍ਹ 'ਚ ਇੱਕ ਮਹੀਨੇ ਤੋਂ ਵੱਧ ਸਮੇਂ ਤੋਂ ਹਿਰਾਸਤ 'ਚ ਰੱਖਿਆ ਗਿਆ ਹੈ। ਜਿੱਥੇ ਅਲੀਮਾ ਨੂੰ 20 ਸਤੰਬਰ ਨੂੰ ਹਿਰਾਸਤ 'ਚ ਲਿਆ ਗਿਆ ਸੀ, ਉੱਥੇ ਹੀ ਉਜ਼ਮਾ ਅਤੇ ਨੂਰੀਨ ਨੂੰ ਅਗਲੇ ਦਿਨ ਹਿਰਾਸਤ 'ਚ ਲਿਆ ਗਿਆ। ਇਹ ਕਾਰਵਾਈ ਉਸ ਸਮੇਂ ਕੀਤੀ ਗਈ ਸੀ ਜਦੋਂ ਜੇਲ੍ਹ 'ਚ ਬੰਦ ਪਾਕਿਸਤਾਨ ਤਹਿਰੀਕ-ਏ-ਇਨਸਾਫ਼ (PTI) ਦੇ ਸੰਸਥਾਪਕ ਦੇ ਹੱਕ 'ਚ ਸਮਰਥਨ ਜੁਟਾਉਣ ਦੀਆਂ ਕੋਸ਼ਿਸ਼ਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਸੀ।

ਪੰਜਾਬ ਦੇ ਇੱਕ ਸਹਾਇਕ ਐਡਵੋਕੇਟ ਜਨਰਲ ਨੇ ਸੋਮਵਾਰ ਨੂੰ ਲਾਹੌਰ ਹਾਈਕੋਰਟ (LHC) ਨੂੰ ਦੱਸਿਆ ਕਿ ਸਰਕਾਰ ਨੇ ਲਾਹੌਰ ਦੇ ਡਿਪਟੀ ਕਮਿਸ਼ਨਰ ਦੀ ਸਿਫ਼ਾਰਸ਼ 'ਤੇ ਖ਼ਾਨ ਦੀਆਂ ਤਿੰਨਾਂ ਭੈਣਾਂ ਦੀ ਹਿਰਾਸਤ 30 ਦਿਨਾਂ ਲਈ ਹੋਰ ਵਧਾ ਦਿੱਤੀ ਹੈ। ਉਸ ਤੋਂ ਬਾਅਦ ਅਦਾਲਤ ਨੇ ਤਿੰਨਾਂ ਦੀ ਰਿਹਾਈ ਦੀ ਮੰਗ ਕਰਨ ਵਾਲੀ ਪਟੀਸ਼ਨ ਦਾ ਨਿਪਟਾਰਾ ਕਰ ਦਿੱਤਾ। ਇਹ ਪਟੀਸ਼ਨ ਅਲੀਮਾ ਦੇ ਪੁੱਤਰ ਸ਼ਹਿਰੇਜ਼ ਵਲੋਂ ਦਾਇਰ ਕੀਤੀ ਗਈ ਸੀ ਜਿਸ 'ਚ ਇਮਰਾਨ ਦੀਆਂ ਭੈਣਾਂ ਦੀ ਹਿਰਾਸਤ ਨੂੰ ਚੁਣੌਤੀ ਦਿੱਤੀ ਗਈ ਸੀ। ਪਟੀਸ਼ਨਕਰਤਾ ਦੇ ਵਕੀਲ ਰਾਣਾ ਮੁਦੱਸਰ ਉਮਰ ਨੇ ਪਿਛਲੇ ਹਫ਼ਤੇ ਅਦਾਲਤ ਨੂੰ ਦੱਸਿਆ ਸੀ ਕਿ 20 ਅਕਤੂਬਰ ਨੂੰ 30 ਦਿਨਾਂ ਦੀ ਹਿਰਾਸਤ ਦੀ ਮਿਆਦ ਖ਼ਤਮ ਹੋਣ ਦੇ ਬਾਵਜੂਦ ਤਿੰਨੇ ਭੈਣਾਂ ਜੇਲ੍ਹ 'ਚ ਹੀ ਸਨ।

ਉਸ ਤੋਂ ਬਾਅਦ ਲਾਹੌਰ ਹਾਈਕੋਰਟ ਦੇ ਜਸਟਿਸ ਅਬੇਰ ਗੁਲ ਖ਼ਾਨ ਨੇ ਪੰਜਾਬ ਦੇ ਗ੍ਰਹਿ ਸਕੱਤਰ ਅਤੇ ਕੋਟ ਲੱਖਪਤ ਜੇਲ੍ਹ ਦੇ ਸੁਪਰਇਨਟੈਂਡੈਂਟ ਨੂੰ ਅਗਲੀ ਸੁਣਵਾਈ 'ਤੇ ਪੇਸ਼ ਹੋਣ ਅਤੇ ਆਪਣੇ ਜਵਾਬ ਦਾਖ਼ਲ ਕਰਨ ਦੇ ਨਿਰਦੇਸ਼ ਦਿੱਤੇ। ਇਨ੍ਹਾਂ ਭੈਣਾਂ ਨੂੰ ਉਸ ਸਮੇਂ ਹਿਰਾਸਤ 'ਚ ਲਿਆ ਗਿਆ ਸੀ ਜਦੋਂ PTI ਇਮਰਾਨ ਖ਼ਾਨ ਦੀ ਰਿਹਾਈ ਦੀ ਮੰਗ ਕਰਦੇ ਹੋਏ ਦੇਸ਼ -ਵਿਆਪੀ ਪ੍ਰਦਰਸ਼ਨ ਕਰਨ ਦੀ ਕੋਸ਼ਿਸ਼ ਕਰ ਰਹੀ ਸੀ।

ਆਈ ਜੇ ਡੋਡਾ ਫਾਊਂਡੇਸ਼ਨ ਵੱਲੋਂ ਸਰਕਾਰੀ ਸਮਾਰਟ ਸਕੂਲ, ਸਿਵਲ ਲਾਈਨਜ਼ ਵਿਖੇ 'ਸੀਡ-ਬਾਲ' ਵਰਕਸ਼ਾਪ; ਤਿੰਨ ਜ਼ਿਲ੍ਹਿਆਂ ਵਿੱਚ ਹਰਿਆਲੀ ਮੁਹਿੰਮ ਚਲਾਉਣ ਦੀ ਯੋਜਨਾ



ਪਟਿਆਲਾ, 31 ਅਕਤੂਬਰ
-ਜੀ. ਐਸ. ਤੁੰਗ-

ਆਈ. ਜੇ. ਡੋਡਾ ਫਾਊਂਡੇਸ਼ਨ) ਨੇ, ਵਾਤਾਵਰਣ ਪ੍ਰੇਮੀ ਪ੍ਰਧਾਨ ਜੋਨੀਤਾ ਡੋਡਾ ਦੀ ਅਗਵਾਈ ਹੇਠ, ਅੱਜ ਇਥੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸਿਵਲ ਲਾਈਨਜ਼ ਵਿਖੇ 'ਵਾਤਾਵਰਣ ਸਿੱਖਿਆ ਪ੍ਰੋਗਰਾਮ 2026-27' ਤਹਿਤ ਬੀਜ-ਬਾਲਾਂ ਰਾਹੀਂ ਹਰਿਆਲੀ ਵਧਾਉਣਾ ਵਿਸ਼ੇ 'ਤੇ ਇੱਕ ਵਰਕਸ਼ਾਪ ਕਰਵਾਈ। ਫਾਉਂਡੇਸ਼ਨ ਨੇ ਕੇਂਦਰੀ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਦੇ ਸਹਿਯੋਗ ਨਾਲ 'ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ' ਦੀ ਰਾਜ ਪੱਧਰੀ ਨੋਡਲ ਏਜੰਸੀ ਵਜੋਂ ਕੰਮ ਕਰਦਿਆਂ ਇਹ ਪ੍ਰੋਗਰਾਮ ਆਯੋਜਿਤ ਕੀਤਾ।

ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ, ਜੋਨੀਤਾ ਡੋਡਾ ਨੇ ਫਾਉਂਡੇਸ਼ਨ ਦੇ ਮੁਨਾਫ਼ੇ ਤੋਂ ਉੱਪਰ ਗ੍ਰਹਿ-ਧਰਤੀ ਦੇ ਫ਼ਲਸਫ਼ੇ ਤਹਿਤ ਜੈਵ-ਵਿਭਿੰਨਤਾ ਦੀ ਸੰਭਾਲ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਦੇ ਮਹੱਤਵ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਵਾਤਾਵਰਣ ਵਿੱਚ ਅਰਥਪੂਰਨ ਤਬਦੀਲੀ ਜਾਗਰੂਕਤਾ ਅਤੇ ਸਿੱਖਿਆ ਤੋਂ ਸ਼ੁਰੂ ਹੁੰਦੀ ਹੈ ਅਤੇ ਸਮੂਹਿਕ ਯਤਨਾਂ ਰਾਹੀਂ ਅੱਗੇ ਵਧਦੀ ਹੈ।

'ਸੀਡ-ਬਾਲ' ਮਾਹਿਰਾਂ ਨਿਰਮਲ ਡੋਗਰਾ, ਸੁਨੀਲ ਕੁਮਾਰ ਅਤੇ ਸੰਦੀਪ ਕੁਮਾਰ, ਨੇ ਬੀਜ-ਬਾਲ ਤਿਆਰ ਕਰਨ ਦੀ ਵਿਧੀ ਕਰਕੇ ਦਿਖਾਈ ਅਤੇ ਦੱਸਿਆ ਕਿ ਇਹ ਬਨਸਪਤੀ ਦੇ ਵਿਕਾਸ ਅਤੇ ਵਾਤਾਵਰਣਿਕ ਬਹਾਲੀ ਵਿੱਚ ਕਿਵੇਂ ਮਦਦਗਾਰ ਹੋ ਸਕਦੇ ਹਨ। ਇਸ ਮੌਕੇ ਸਿੱਖਣ ਦੇ ਤਜਰਬੇ ਨੂੰ ਦਿਲਚਸਪ ਅਤੇ ਸੰਵਾਦਮਈ ਬਣਾਉਣ ਲਈ ਇੱਕ ਦੋਸਤਾਨਾ ਮੁਕਾਬਲਾ ਵੀ ਕਰਵਾਇਆ ਗਿਆ।

ਜੋਨੀਤਾ ਡੋਡਾ ਨੇ ਕਿਹਾ ਕਿ ਆਪਣੀ 'ਸੀਡਜ਼ ਆਫ਼ ਚੇਂਜ' ਪਹਿਲਕਦਮੀ ਦੇ ਹਿੱਸੇ ਵਜੋਂ, ਫਾਊਂਡੇਸ਼ਨ ਹਜ਼ਾਰਾਂ ਬੀਜ-ਗੋਲੇ ਤਿਆਰ ਕਰਨ ਦੀ ਯੋਜਨਾ ਬਣਾ ਰਹੀ ਹੈ। ਇਨ੍ਹਾਂ ਨੂੰ ਤਿੰਨ ਜ਼ਿਲ੍ਹਿਆਂ ਵਿੱਚ ਵਾਤਾਵਰਣ ਪੱਖੋਂ ਢੁਕਵੀਆਂ ਥਾਵਾਂ 'ਤੇ ਖਿੰਡਾਇਆ ਜਾਵੇਗਾ, ਜਿਸ ਵਿੱਚ ਸ਼ਿਵਾਲਿਕ ਪਹਾੜੀਆਂ ਦੇ ਚੁਣੇ ਹੋਏ ਖੇਤਰ ਵੀ ਸ਼ਾਮਲ ਹਨ। ਇਸ ਦਾ ਉਦੇਸ਼ ਹਰਿਆਲੀ ਨੂੰ ਮੁੜ ਸੁਰਜੀਤ ਕਰਨਾ ਅਤੇ ਸਥਾਨਕ ਵਾਤਾਵਰਣ ਪ੍ਰਣਾਲੀਆਂ ਦੀ ਬਹਾਲੀ ਵਿੱਚ ਯੋਗਦਾਨ ਪਾਉਣਾ ਹੈ।

ਜੋਨੀਤਾ ਡੋਡਾ ਨੇ ਵਰਕਸ਼ਾਪ ਦੇ ਆਯੋਜਨ ਵਿੱਚ ਸਹਿਯੋਗ ਲਈ ਸਕੂਲ ਦੀ ਪ੍ਰਿੰਸੀਪਲ ਸੀਮਾ ਉੱਪਲ ਅਤੇ ਡਿਪਟੀ ਡੀਈਓ ਰਵਿੰਦਰਪਾਲ ਸਿੰਘ ਸਮੇਤ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਇਸ ਦੌਰਾਨ ਫਾਉਂਡੇਸ਼ਨ ਦੇ ਟਰੱਸਟੀ ਜਸਵਿੰਦਰ ਡੋਡਾ, ਹਰਸ਼ਦੀਪ ਡੋਡਾ, ਸਕੂਲ ਦਾ ਸਟਾਫ਼, ਵਿਦਿਆਰਥੀ ਅਤੇ ਹੋਰ ਭਾਗੀਦਾਰ ਵੀ ਮੌਜੂਦ ਸਨ।

ਡਰੋਨਾਂ ਰਾਹੀਂ ਪੰਜਾਬ ਵਿੱਚ ਵੱਡੀ ਮਾਤਰਾ ਵਿੱਚ ਹਥਿਆਰ ਅਤੇ ਨਸ਼ੇ ਪਹੁੰਚ ਰਹੇ ਹਨ, ਸਰਕਾਰ ਸੂਬੇ ਦੀ ਸੁਰੱਖਿਆ ਯਕੀਨੀ ਬਣਾਉਣ ਵਿੱਚ ਨਾਕਾਮ : ਰਾਜਾ ਵੜਿੰਗ



ਲੁਧਿਆਣਾ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸ਼ਹਿਰ ਦੇ ਪ੍ਰਸਿੱਧ ਪੰਡਿਤ ਛੋਲੇ ਕੁਲਚੇ ਵਾਲੇ ਦੇ ਮਾਲਕ ਦੇ ਪੁੱਤਰ ਰਾਹੁਲ ਸ਼ਰਮਾ ਦੇ ਕਤਲ ’ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੀੜਤ ਪਰਿਵਾਰ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਪ੍ਰੇਮ ਨਗਰ ਸਥਿਤ ਰਾਹੁਲ ਸ਼ਰਮਾ ਦੇ ਨਿਵਾਸ ’ਤੇ ਪਹੁੰਚ ਕੇ ਉਸ ਦੇ ਪਿਤਾ ਕੁਲਦੀਪ ਸ਼ਰਮਾ ਅਤੇ ਪਰਿਵਾਰਕ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ ਅਤੇ ਇਸ ਔਖੀ ਘੜੀ ਵਿੱਚ ਪਰਿਵਾਰ ਨੂੰ ਹੌਸਲਾ ਦਿੱਤਾ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਾ ਵੜਿੰਗ ਨੇ ਦੱਸਿਆ ਕਿ ਪਰਿਵਾਰ ਨੂੰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਬਾਰੇ ਵੀ ਪੂਰੀ ਜਾਣਕਾਰੀ ਨਹੀਂ ਸੀ। ਉਨ੍ਹਾਂ ਨੇ ਲੁਧਿਆਣਾ ਦੇ ਪੁਲਿਸ ਕਮਿਸ਼ਨਰ ਨਾਲ ਫ਼ੋਨ ’ਤੇ ਗੱਲਬਾਤ ਕੀਤੀ, ਜਿਸ ਦੌਰਾਨ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਦੀ ਪੁਸ਼ਟੀ ਹੋਈ। ਹਾਲਾਂਕਿ, ਕਤਲ ਦੇ ਅਸਲ ਕਾਰਨਾਂ ਬਾਰੇ ਅਜੇ ਸਪੱਸ਼ਟ ਜਾਣਕਾਰੀ ਸਾਹਮਣੇ ਨਹੀਂ ਆਈ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਇਸ ਸਬੰਧੀ ਅਗਲੀ ਜਾਣਕਾਰੀ ਉਨ੍ਹਾਂ ਨਾਲ ਸਾਂਝੀ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਰਾਹੁਲ ਸ਼ਰਮਾ ਦੀ ਉਮਰ ਮਹਿਜ਼ 34 ਸਾਲ ਸੀ ਅਤੇ ਉਹ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਸੀ। ਸਭ ਤੋਂ ਦੁਖਦਾਈ ਗੱਲ ਇਹ ਹੈ ਕਿ ਮੁੱਢਲੀ ਜਾਣਕਾਰੀ ਅਨੁਸਾਰ ਨਾ ਤਾਂ ਕੋਈ ਪੁਰਾਣੀ ਦੁਸ਼ਮਣੀ ਸੀ ਅਤੇ ਨਾ ਹੀ ਕੋਈ ਝਗੜਾ। ਅਜਿਹੇ ਵਿੱਚ ਇੱਕ ਨੌਜਵਾਨ ਦਾ ਗੋਲੀ ਮਾਰ ਕੇ ਕਤਲ ਹੋ ਜਾਣਾ ਬੇਹੱਦ ਚਿੰਤਾਜਨਕ ਹੈ ਅਤੇ ਪੰਜਾਬ ਪੁਲਿਸ ਦੀ ਕਾਰਗੁਜ਼ਾਰੀ ਦੇ ਨਾਲ-ਨਾਲ ਸੂਬੇ ਦੀ ਕਾਨੂੰਨ ਵਿਵਸਥਾ ’ਤੇ ਵੀ ਗੰਭੀਰ ਸਵਾਲ ਖੜ੍ਹੇ ਕਰਦਾ ਹੈ।

ਰਾਜਾ ਵੜਿੰਗ ਨੇ ਸੂਬੇ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਵਧਦੀ ਉਪਲਬਧਤਾ ’ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਹਥਿਆਰਾਂ ਦੀ ਸਥਿਤੀ ਇੰਨੀ ਗੰਭੀਰ ਹੋ ਗਈ ਹੈ ਕਿ ਹੁਣ ਇਹ ਆਸਾਨੀ ਨਾਲ ਮਿਲਣ ਦੀਆਂ ਗੱਲਾਂ ਸੁਣਨ ਨੂੰ ਮਿਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅੱਤਵਾਦ ਦੇ ਦੌਰ ਦੌਰਾਨ ਵੀ ਸੂਬੇ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਉਪਲਬਧਤਾ ਅੱਜ ਜਿੰਨੀ ਚਿੰਤਾਜਨਕ ਨਹੀਂ ਸੀ। ਉਸ ਸਮੇਂ ਏਕੇ-47 ਵਰਗੇ ਹਥਿਆਰ ਪ੍ਰਾਪਤ ਕਰਨਾ ਆਸਾਨ ਨਹੀਂ ਸੀ, ਜਦਕਿ ਅੱਜ ਨੌਜਵਾਨਾਂ ਵਿੱਚ ਅਜਿਹੀਆਂ ਗੱਲਾਂ ਸੁਣਨ ਨੂੰ ਮਿਲਦੀਆਂ ਹਨ ਕਿ ਪੈਸੇ ਹੋਣ ’ਤੇ ਇਹ ਹਥਿਆਰ ਵੀ ਖਰੀਦੇ ਜਾ ਸਕਦੇ ਹਨ।

ਉਨ੍ਹਾਂ ਦੋਸ਼ ਲਾਇਆ ਕਿ ਡਰੋਨਾਂ ਰਾਹੀਂ ਸਰਹੱਦ ਪਾਰੋਂ ਵੱਡੀ ਮਾਤਰਾ ਵਿੱਚ ਹਥਿਆਰ ਅਤੇ ਨਸ਼ੀਲੇ ਪਦਾਰਥ ਪੰਜਾਬ ਵਿੱਚ ਪਹੁੰਚਾਏ ਜਾ ਰਹੇ ਹਨ। ਇਹ ਸਥਿਤੀ ਸੂਬੇ ਦੀ ਅੰਦਰੂਨੀ ਸੁਰੱਖਿਆ ਲਈ ਵੱਡਾ ਖ਼ਤਰਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਗੰਭੀਰ ਮਸਲੇ ਵੱਲ ਤੁਰੰਤ ਧਿਆਨ ਦੇਣਾ ਚਾਹੀਦਾ ਹੈ ਅਤੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਠੋਸ ਕਦਮ ਚੁੱਕਣੇ ਚਾਹੀਦੇ ਹਨ।

ਇਸ ਮੌਕੇ ਪੰਜਾਬ ਕਾਂਗਰਸ ਦੇ ਸਾਬਕਾ ਜਨਰਲ ਸਕੱਤਰ ਪਵਨ ਦੀਵਾਨ, ਜ਼ਿਲ੍ਹਾ ਕਾਂਗਰਸ ਸ਼ਹਿਰੀ ਦੇ ਪ੍ਰਧਾਨ ਸੰਜੇ ਤਲਵਾੜ, ਸਾਬਕਾ ਵਿਧਾਇਕ ਕੁਲਦੀਪ ਵੈਦ, ਸਿਮਰਨਜੀਤ ਸਿੰਘ ਬੈਂਸ, ਰਾਜਾ ਵੜਿੰਗ ਦੇ ਓਐੱਸਡੀ ਜਗਸੀਰ ਸਿੱਧੂ, ਨਿਰਮਲ ਕੈੜਾ, ਮਨਿੰਦਰ ਪਾਲ ਗੁਲਿਆਣੀ, ਰੋਹਿਤ ਪਾਹਵਾ, ਕੁਲਬੀਰ ਨੀਟਾ, ਬ੍ਰਿਜ ਮੋਹਨ ਸ਼ਰਮਾ, ਦੀਪਕ ਹੰਸ, ਹਰਭਗਤ ਗਰੇਵਾਲ, ਜਸਵਿੰਦਰ ਸਿੰਘ ਓਸਸਾਹਨ ਅਤੇ ਵਰੁਣ ਸ਼ਰਮਾ ਸਮੇਤ ਹੋਰ ਕਾਂਗਰਸੀ ਆਗੂ ਤੇ ਵਰਕਰ ਮੌਜੂਦ ਸਨ।

ਭਾਜਪਾ ਗੁਜਰਾਤ ਦੀ ਬੰਦਰਗਾਹ ਰਾਹੀਂ ਹੋ ਰਹੀ ਨਸ਼ਾ ਤਸਕਰੀ ਬੰਦ ਕਰੇ: ਬੀਬਾ ਰਾਜਵੰਤ ਕੌਰ ਘੜਾਮ

ਦੇਵੀਗੜ੍ਹ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਵੱਲੋਂ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਪੰਜਾਬ ਵਿੱਚ ਨਸ਼ਾ ਤਸਕਰੀ ਅਤੇ ਹੋਰ ਗੈਰ-ਕਾਨੂੰਨੀ ਸਰਗਰਮੀਆਂ ਦੀ ਐੱਨ.ਆਈ.ਏ. (©91) ਰਾਹੀਂ ਜਾਂਚ ਦੀ ਮੰਗ ਕੀਤੀ ਗਈ ਹੈ।



ਇਸ ਦਾ ਜਵਾਬ ਦਿੰਦਿਆਂ ਅਕਾਲੀ ਦਲ ਵਾਰਿਸ ਪੰਜਾਬ ਦੇ ਇਸਤਰੀ ਵਿੰਗ ਪੰਜਾਬ ਦੀ ਮੀਤ ਪ੍ਰਧਾਨ ਅਤੇ ਹਲਕਾ ਸਨੌਰ ਦੇ ਇੰਚਾਰਜ ਬੀਬਾ ਰਾਜਵੰਤ ਕੌਰ ਘੜਾਮ ਨੇ ਆਖਿਆ ਹੈ ਕਿ ਸੁਨੀਲ ਜਾਖੜ ਨੂੰ ਗ੍ਰਹਿ ਮੰਤਰੀ ਨੂੰ ਇਹ ਕਹਿਣਾ ਚਾਹੀਦਾ ਸੀ ਕਿ ਗੁਜਰਾਤ ਦੀ ਬੰਦਰਗਾਹ ਰਾਹੀਂ ਹੋ ਰਹੀ ਨਸ਼ਾ ਤਸਕਰੀ ਨੂੰ ਪਹਿਲਾਂ ਬੰਦ ਕੀਤਾ ਜਾਵੇ, ਕਿਉਂਕਿ ਗੁਜਰਾਤ ਵਿੱਚ ਖੁਦ ਭਾਜਪਾ ਦੀ ਹੀ ਸਰਕਾਰ ਹੈ।

ਬੀਬਾ ਰਾਜਵੰਤ ਕੌਰ ਘੜਾਮ ਨੇ ਕਿਹਾ ਕਿ ਪੰਜਾਬ ਵਿੱਚ ਜਿਹੜਾ ਨਸ਼ਾ ਬਾਹਰਲੇ ਦੇਸ਼ਾਂ ਵਿੱਚੋਂ ਆਉਂਦਾ ਹੈ, ਉਸ ਦਾ ਇੱਕ ਵੱਡਾ ਹਿੱਸਾ ਗੁਜਰਾਤ ਦੀ ਬੰਦਰਗਾਹ ਰਾਹੀਂ ਪਹੁੰਚਦਾ ਹੈ, ਕਿਉਂਕਿ ਇਹ ਬੰਦਰਗਾਹ ਨਸ਼ਾ ਤਸਕਰੀ ਦਾ ਵੱਡਾ ਅੱਡਾ ਬਣੀ ਹੋਈ ਹੈ।

ਉਨ੍ਹਾਂ ਆਖਿਆ ਕਿ ਭਾਜਪਾ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਦੇ ਫੋਕੇ ਦਾਅਵੇ ਕਰਨ ਤੋਂ ਪਹਿਲਾਂ ਗੁਜਰਾਤ ਦੀ ਬੰਦਰਗਾਹ ਤੇ ਵਿਦੇਸ਼ਾਂ ਵਿੱਚੋਂ ਆ ਰਹੇ ਨਸ਼ਿਆਂ ਤੇ ਰੋਕ ਲਗਾਵੇ ਅਤੇ ਪੰਜਾਬ ਦੇ ਬਾਰਡਰਾਂ ’ਤੇ ਵੀ, ਜਿੱਥੇ 50 ਕਿਲੋਮੀਟਰ ਦੇ ਘੇਰੇ ਤੱਕ ਬੀ.ਐੱਸ.ਐੱਫ. ਲੱਗੀ ਹੋਈ ਹੈ ਅਤੇ ਜੋ ਕੇਂਦਰ ਸਰਕਾਰ ਦੇ ਅਧੀਨ ਹੈ, ਉੱਥੋਂ ਵੀ ਜੇਕਰ ਨਸ਼ਿਆਂ ਦੀ ਸਪਲਾਈ ਹੁੰਦੀ ਹੈ ਤਾਂ ਉਸ ਨੂੰ ਰੋਕਣਾ ਵੀ ਭਾਜਪਾ ਦੀ ਜ਼ਿੰਮੇਵਾਰੀ ਹੈ।

ਉਨ੍ਹਾਂ ਕਿਹਾ ਕਿ ਭਾਜਪਾ ਪਹਿਲਾਂ ਗੁਜਰਾਤ, ਰਾਜਸਥਾਨ ਅਤੇ ਹਰਿਆਣਾ ਵਰਗੇ ਸੂਬਿਆਂ, ਜਿੱਥੇ ਕਿ ਭਾਜਪਾ ਦੀਆਂ ਹੀ ਸਰਕਾਰਾਂ ਹਨ, ਵਿੱਚੋਂ ਨਸ਼ਾ ਖਤਮ ਕਰੇ ਅਤੇ ਬਾਅਦ ਵਿੱਚ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਦੀ ਗੱਲ ਆਖੇ। ਬੀਬਾ ਘੜਾਮ ਨੇ ਆਖਿਆ ਕਿ ਭਾਜਪਾ ਦਾ ਅਸਲ ਮਕਸਦ ਸਿਰਫ ਪੰਜਾਬ ਦੀ ਸੱਤ੍ਹਾ ’ਤੇ ਕਬਜ਼ਾ ਕਰਨਾ ਹੈ, ਜੋ ਕਿ ਪੰਜਾਬੀ ਕਿਸੇ ਕੀਮਤ ’ਤੇ ਨਹੀਂ ਹੋਣ ਦੇਣਗੇ।

ਉਨ੍ਹਾਂ ਅੱਗੇ ਕਿਹਾ ਕਿ ਨਸ਼ਾ ਤਸਕਰੀ, ਗੈਂਗਸਟਰਵਾਦ ਅਤੇ ਵਿਦੇਸ਼ਾਂ ਵਿੱਚੋਂ ਹਥਿਆਰਾਂ ਦੀ ਸਪਲਾਈ ਆਦਿ ਦੀ ਜਾਂਚ ਜਰੂਰ ਹੋਣੀ ਚਾਹੀਦੀ ਹੈ, ਪਰੰਤੂ ਪਹਿਲਾਂ ਭਾਜਪਾ ਆਪਣੀ ਪੀੜ੍ਹੀ ਹੇਠ ਸੋਟਾ ਮਾਰ ਕੇ ਦੇਖੇ ਕਿ ਦੇਸ਼ ਦੇ ਜਿਹੜੇ-ਜਿਹੜੇ ਸੂਬਿਆਂ ਵਿੱਚ ਨਸ਼ੇ ਅਤੇ ਗੈਂਗਸਟਰਵਾਦ ਦਾ ਬੋਲਬਾਲਾ ਹੈ, ਉਸ ਨੂੰ ਖਤਮ ਕਰਨ ਵਿੱਚ ਕੇਂਦਰ ਦੀ ਭਾਜਪਾ ਸਰਕਾਰ ਫੇਲ੍ਹ ਕਿਉਂ ਹੈ?

ਜਨਗਣਨਾ-2027 ਤਹਿਤ ਸਵੈ-ਗਣਨਾ ਦੀ ਪ੍ਰਕਿਰਿਆ 16 ਨਵੰਬਰ ਤੋਂ 30 ਨਵੰਬਰ 2026 ਤੱਕ ਜਾਰੀ ਰਹੇਗੀ: ਡਿਪਟੀ ਕਮਿਸ਼ਨਰ



ਰੂਪਨਗਰ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਜਨਗਣਨਾ-2027 ਦੀਆਂ ਤਿਆਰੀਆਂ ਨੂੰ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਡਿਪਟੀ ਕਮਿਸ਼ਨਰ ਰੂਪਨਗਰ ਸ਼੍ਰੀ ਅਦਿੱਤਿਆ ਡੇਚਲਵਾਲ ਵੱਲੋਂ ਅੱਜ ਜ਼ਿਲ੍ਹਾ ਪੱਧਰ ’ਤੇ ਸਮੀਖਿਆ ਮੀਟਿੰਗ ਕਰਦਿਆਂ ਜਨਗਣਨਾ-2027 ਤਹਿਤ 16 ਨਵੰਬਰ ਤੋਂ 30 ਨਵੰਬਰ 2026 ਤੱਕ ਚੱਲਣ ਵਾਲੀ ਸਵੈ-ਗਣਨਾ ਲਈ ਜਾਗਰੂਕਤਾ ਗਤੀਵਿਧੀਆਂ ਕਰਨ ਸਮੇਤ ਜ਼ਿਲ੍ਹਾ ਵਾਸੀਆਂ ਨੂੰ ਇਸ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਨਗਣਨਾ-2027 ਇੱਕ ਮਹੱਤਵਪੂਰਨ ਰਾਸ਼ਟਰੀ ਕਾਰਜ ਹੈ, ਜਿਸ ਦੀ ਸਫ਼ਲਤਾ ਲਈ ਸਾਰੇ ਸਬੰਧਤ ਵਿਭਾਗਾਂ ਦਾ ਸਹਿਯੋਗ ਅਤੇ ਸਮਰਪਿਤ ਯਤਨ ਬੇਹੱਦ ਜ਼ਰੂਰੀ ਹਨ। ਸਵੈ-ਗਣਨਾ ਦੀ ਪ੍ਰਕਿਰਿਆ 16 ਨਵੰਬਰ ਤੋਂ 30 ਨਵੰਬਰ 2026 ਤੱਕ ਜਾਰੀ ਰਹੇਗੀ

ਉਨ੍ਹਾਂ ਅਧਿਕਾਰੀਆਂ ਨੂੰ ਇਸ ਕਾਰਜ ਨੂੰ ਪੂਰੀ ਗੰਭੀਰਤਾ ਨਾਲ ਲੈਂਦਿਆਂ ਆਪਸੀ ਤਾਲਮੇਲ ਰਾਹੀਂ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਦੇ ਨਿਰਦੇਸ਼ ਦਿੱਤੇ।

ਡਿਪਟੀ ਕਮਿਸ਼ਨਰ ਸ਼੍ਰੀ ਅਦਿੱਤਿਆ ਡੇਚਲਵਾਲ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਰੂਪਨਗਰ ਡਾ. ਅਕਸ਼ਿਤਾ ਗੁਪਤ ਵੱਲੋਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਸੈਂਸਸ-2027 ਨਾਲ ਸਬੰਧਤ ਸਾਰੇ ਕੰਮ ਆਪਸੀ ਤਾਲਮੇਲ, ਪੂਰੀ ਜ਼ਿੰਮੇਵਾਰੀ ਅਤੇ ਨਿਰਧਾਰਤ ਸਮੇਂ ਅਨੁਸਾਰ ਮੁਕੰਮਲ ਕੀਤੇ ਜਾਣ। ਉਨ੍ਹਾਂ ਨੇ ਲੋਕਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਉਣ ਅਤੇ ਸਵੈ-ਗਣਨਾ ਸਬੰਧੀ ਵਿਆਪਕ ਜਾਗਰੂਕਤਾ ਪੈਦਾ ਕਰਨ ਲਈ ਢੁੱਕਵੇਂ ਉਪਰਾਲੇ ਕਰਨ ’ਤੇ ਵੀ ਜ਼ੋਰ ਦਿੱਤਾ।

ਇਸ ਮੌਕੇ ਡਾਇਰੈਕਟੋਰੇਟ ਜਨਗਣਨਾ ਆਪਰੇਸ਼ਨਜ਼ ਪੰਜਾਬ ਵੱਲੋਂ ਜ਼ਿਲ੍ਹਾ ਰੂਪਨਗਰ ਲਈ ਨਿਯੁਕਤ ਕੋਆਰਡੀਨੇਟਰ ਸ਼੍ਰੀ ਸੱਤਿਆ ਨਰਾਇਣ ਅਤੇ ਸ਼੍ਰੀਮਤੀ ਸੁਪ੍ਰਿਆ ਨੇ ਦੱਸਿਆ ਕਿ ਸੈਂਸਸ-2027 ਦੇ ਦੂਜੇ ਪੜਾਅ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ 12 ਨਵੰਬਰ ਤੋਂ 30 ਨਵੰਬਰ 2026 ਤੱਕ ਪ੍ਰਚਾਰ ਅਤੇ ਜਾਗਰੂਕਤਾ ਗਤੀਵਿਧੀਆਂ ਚਲਾਈਆਂ ਜਾਣਗੀਆਂ, ਜਦਕਿ ਸਵੈ-ਗਣਨਾ ਦੀ ਪ੍ਰਕਿਰਿਆ 16 ਨਵੰਬਰ ਤੋਂ 30 ਨਵੰਬਰ 2026 ਤੱਕ ਜਾਰੀ ਰਹੇਗੀ।ਉਨ੍ਹਾਂ ਵੱਲੋਂ ਸਵੈ-ਗਣਨਾ ਸਬੰਧੀ ਲੋਕਾਂ ਵਿੱਚ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨ ਲਈ 16 ਨਵੰਬਰ ਤੋਂ 30 ਨਵੰਬਰ 2026 ਦੇ ਦਰਮਿਆਨ ਮੈਰਾਥਨ ਰੈਲੀ ਕਰਵਾਉਣ ਦਾ ਸੁਝਾਅ ਵੀ ਦਿੱਤਾ ਗਿਆ ਤਾਂ ਜੋ ਆਮ ਲੋਕਾਂ ਨੂੰ ਇਸ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਭਾਗ ਲੈਣ ਲਈ ਉਤਸ਼ਾਹਿਤ ਕੀਤਾ ਜਾ ਸਕੇ।

ਇਸ ਮੀਟਿੰਗ ਵਿੱਚ ਐਸਡੀਐਮ ਸ੍ਰੀ ਚਮਕੌਰ ਸਾਹਿਬ ਸ. ਪਰਦੀਪ ਸਿੰਘ ਬੈਂਸ, ਐਸਡੀਐਮ ਸ੍ਰੀ ਅਨੰਦਪੁਰ ਸਾਹਿਬ ਸ. ਸੁਖਪਾਲ ਸਿੰਘ, ਐਸਡੀਐਮ ਮੋਰਿੰਡਾ ਸ਼੍ਰੀ ਚੇਤਨ ਬੰਗੜ, ਐਸਡੀਐਮ ਨੰਗਲ ਸ਼੍ਰੀ ਸਚਿਨ ਪਾਠਕ, ਐਸਡੀਐਮ ਰੂਪਨਗਰ ਸ. ਜਸਪ੍ਰੀਤ ਸਿੰਘ, ਉਪ ਅਰਥ ਅਤੇ ਅੰਕੜਾ ਸਲਾਹਕਾਰ-ਕਮ-ਵਧੀਕ ਸੈਂਸਸ ਅਫ਼ਸਰ ਸ਼੍ਰੀ ਅਰੁਣ ਕੁਮਾਰ, ਸਮੂਹ ਤਹਿਸੀਲਦਾਰ-ਕਮ-ਸੈਂਸਸ ਚਾਰਜ ਅਫ਼ਸਰ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ ਕਾਰਜ ਸਾਧਕ ਅਫ਼ਸਰ-ਕਮ-ਸੈਂਸਸ ਚਾਰਜ ਅਫ਼ਸਰ ਅਤੇ ਹੋਰ ਉੱਚ ਅਧਿਕਾਰੀ ਹਾਜ਼ਰ ਸਨ।

ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਆਸ਼ਰਮ ਵਿੱਚ ਕਰਵਾ ਚੌਥ ਦੇ ਸ਼ੁਭ ਮੌਕੇ ਤੇ ਪ੍ਰੋਗਰਾਮ ਕਰਵਾਇਆ

ਪਟਿਆਲਾ, 31 ਅਕਤੂਬਰ
-ਛਤਰਪਾਲ ਸਿੰਘ-

ਇਸ ਜਾਣਕਾਰੀ ਭਰਪੂਰ ਪ੍ਰੋਗਰਾਮ ਤਹਿਤ ਕਰਵਾ ਚੌਥ ਦੇ ਪਵਿੱਤਰ ਤਿਉਹਾਰ ਦੇ ਅਸਲ ਅਰਥਾਂ ਬਾਰੇ ਦੱਸਿਆ ਗਿਆ।ਸੰਸਥਾਨ ਦੇ ਸੰਸਥਾਪਕ ਅਤੇ ਨਿਰਦੇਸ਼ਕ ਸ਼੍ਰੀ ਆਸ਼ੂਤੋਸ਼ ਮਹਾਰਾਜ ਜੀ ਦੀ ਸ਼ਿਸ਼ ਸਾਧਵੀ ਉਮਾ ਭਾਰਤੀ ਜੀ ਨੇ ਕਿਹਾ ਕਿ ਭਾਰਤੀ ਸੰਸਕ੍ਰਿਤੀ ਵਿੱਚ ਕਰਵਾ ਚੌਥ ਨੂੰ ਵਿਆਹੁਤਾ ਜੀਵਨ ਪ੍ਰਤੀ ਵਿਆਹੁਤਾ ਔਰਤਾਂ ਦੇ ਵਿਸ਼ਵਾਸ, ਪਿਆਰ ਅਤੇ ਸਮਰਪਣ ਦਾ ਪ੍ਰਤੀਕ ਮੰਨਿਆ ਜਾਂਦਾ ਹੈ। ਇਸ ਦਿਨ ਔਰਤਾਂ ਆਪਣੇ ਪਤੀ ਦੀ ਲੰਬੀ ਉਮਰ, ਚੰਗੀ ਸਿਹਤ ਅਤੇ ਖੁਸ਼ਹਾਲ ਵਿਆਹੁਤਾ ਜੀਵਨ ਦੀ ਅਰਦਾਸ ਕਰਦੇ ਹੋਏ ਸੂਰਜ ਚੜ੍ਹਨ ਤੋਂ ਚੰਦਰਮਾ ਤੱਕ ਨਿਰਜਲਾ ਵਰਤ ਰੱਖਦੀਆਂ ਹਨ। ਸ਼ਾਮ ਨੂੰ ਸੋਲ੍ਹਾਂ ਸ਼ਿੰਗਾਰ ਕੀਤੇ ਜਾਂਦੇ ਹਨ ਅਤੇ ਚੰਦਰਮਾ ਨੂੰ ਅਰਘ ਭੇਟ ਕਰਕੇ ਵਰਤ ਤੋੜਿਆ ਜਾਂਦਾ ਹੈ। ਗਿਆਨ ਭਰਪੂਰ ਪ੍ਰਵਚਨਾਂ ਦੀ ਸ਼ੁਰੂਆਤ ਦੀਵੇ ਅਤੇ ਸੂਰਜ ਦੀ ਮਿਸਾਲ ਨਾਲ ਕੀਤੀ ਗਈ, ਜਿਸ ਵਿੱਚ ਸ਼ਿਸ਼ ਅਤੇ ਗੁਰੂ ਦੇ ਰਿਸ਼ਤੇ ਦੀ ਤੁਲਨਾ ਕੀਤੀ ਗਈ ਅਤੇ ਗੁਰੂ ਦੀ ਤਪੱਸਿਆ ਅਤੇ ਸ਼ਿਸ਼ ਦੀ ਮਿਹਨਤ ਨੂੰ ਅਧਿਆਤਮਿਕ ਮਾਰਗ ਦਾ ਆਧਾਰ ਦੱਸਿਆ ਗਿਆ।

ਰੋਟਰੀ ਕਲੱਬ ਮਲੇਰਕੋਟਲਾ ਵੱਲੋਂ ਡਾ. ਕਰਨਵੀਰ ਸਿੰਘ ਅਤੇ ਸੀ ਏ ਰਾਜਕੁਮਾਰ ਜਿੰਦਲ ਦਾ ਸਨਮਾਨ



ਮਲੇਰਕੋਟਲਾ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਰੋਟਰੀ ਕਲੱਬ ਮਲੇਰਕੋਟਲਾ ਵੱਲੋਂ ਸਮਾਜ ਅਤੇ ਸ਼ਹਿਰ ਵਾਸੀਆਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਵਾਲੀਆਂ ਸ਼ਖ਼ਸੀਅਤਾਂ ਦਾ ਸਨਮਾਨ ਕਰਨ ਦੀ ਲੜੀ ਤਹਿਤ ਕਲੱਬ ਦੇ ਪ੍ਰਧਾਨ ਐਡਵੋਕੇਟ ਇਕਬਾਲ ਅਹਿਮਦ ਅਤੇ ਵਿੱਤ ਸਕੱਤਰ ਮੁਹੰਮਦ ਜਮੀਲ ਵੱਲੋਂ ਪ੍ਰਸਿੱਧ ਗਾਇਨੀਕੋਲੋਜਿਸਟ ਡਾ. ਕਰਨਵੀਰ ਸਿੰਘ ਅਤੇ ਚਾਰਟਰਡ ਅਕਾਊਂਟੈਂਟ (ਸੀ ਏ) ਰਾਜਕੁਮਾਰ ਜਿੰਦਲ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ।ਰੋਟਰੀ ਕਲੱਬ ਦੇ ਅਹੁਦੇਦਾਰਾਂ ਨੇ ਡਾ. ਕਰਨਵੀਰ ਸਿੰਘ ਦੇ ਹਸਪਤਾਲ ਵਿਖੇ ਪਹੁੰਚ ਕੇ ਉਨ੍ਹਾਂ ਨੂੰ ਮਲੇਰਕੋਟਲਾ ਦੇ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਪਾਏ ਜਾ ਰਹੇ ਯੋਗਦਾਨ ਲਈ ਸਨਮਾਨਿਤ ਕੀਤਾ। ਇਸੇ ਤਰ੍ਹਾਂ ਸੀ ਏ ਰਾਜਕੁਮਾਰ ਜਿੰਦਲ ਦੇ ਦਫ਼ਤਰ ਵਿਖੇ ਜਾ ਕੇ ਉਨ੍ਹਾਂ ਨੂੰ ਸ਼ਹਿਰ ਵਾਸੀਆਂ ਨੂੰ ਵਿੱਤੀ ਅਤੇ ਲੇਖਾ-ਜੋਖਾ ਸਬੰਧੀ ਬਿਹਤਰ ਪੇਸ਼ੇਵਰ ਸੇਵਾਵਾਂ ਦੇਣ ਲਈ ਸਨਮਾਨ ਭੇਟ ਕੀਤਾ ਗਿਆ।ਇਸ ਮੌਕੇ ਰੋਟਰੀ ਕਲੱਬ ਦੇ ਪ੍ਰਧਾਨ ਐਡਵੋਕੇਟ ਇਕਬਾਲ ਅਹਿਮਦ ਨੇ ਕਿਹਾ ਕਿ ਸਮਾਜ ਵਿੱਚ ਆਪਣੀ ਪੇਸ਼ੇਵਰ ਮੁਹਾਰਤ ਰਾਹੀਂ ਲੋਕਾਂ ਦੀ ਸੇਵਾ ਕਰਨ ਵਾਲੀਆਂ ਸ਼ਖ਼ਸੀਅਤਾਂ ਦਾ ਸਨਮਾਨ ਕਰਨਾ ਬੇਹੱਦ ਮਾਣ ਵਾਲੀ ਗੱਲ ਹੈ।

ਡਾਕਟਰ ਅਤੇ ਚਾਰਟਰਡ ਅਕਾਊਂਟੈਂਟ ਵਰਗੇ ਪੇਸ਼ੇਵਰ ਆਪਣੇ ਗਿਆਨ, ਤਜਰਬੇ ਅਤੇ ਮਿਹਨਤ ਨਾਲ ਸਮਾਜ ਦੀ ਤਰੱਕੀ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਅਜਿਹੀਆਂ ਸ਼ਖ਼ਸੀਅਤਾਂ ਦੀ ਹੌਸਲਾ-ਅਫ਼ਜ਼ਾਈ ਨਾਲ ਹੋਰਨਾਂ ਨੂੰ ਵੀ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਦੀ ਪ੍ਰੇਰਣਾ ਮਿਲਦੀ ਹੈ।ਵਿੱਤ ਸਕੱਤਰ ਮੁਹੰਮਦ ਜਮੀਲ ਨੇ ਕਿਹਾ ਕਿ ਰੋਟਰੀ ਕਲੱਬ ਮਲੇਰਕੋਟਲਾ ਹਮੇਸ਼ਾ ਸਮਾਜ ਸੇਵਾ, ਲੋਕ ਭਲਾਈ ਅਤੇ ਸ਼ਹਿਰ ਦੀ ਬਿਹਤਰੀ ਲਈ ਯਤਨਸ਼ੀਲ ਰਿਹਾ ਹੈ। ਸ਼ਹਿਰ ਦੇ ਵੱਖ-ਵੱਖ ਖੇਤਰਾਂ ਵਿੱਚ ਸ਼ਲਾਘਾਯੋਗ ਸੇਵਾਵਾਂ ਦੇਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਕਰਨਾ ਕਲੱਬ ਦੀਆਂ ਸਰਗਰਮੀਆਂ ਦਾ ਮਹੱਤਵਪੂਰਨ ਹਿੱਸਾ ਹੈ।

ਸ਼ਹਿਰ ਦੀ ਨੁਹਾਰ ਬਦਲਣ ਲਈ 3 ਕਰੋੜ ਰੁਪਏ ਦੀ ਰਾਸ਼ੀ ਖਰਚ ਕੀਤੀ ਜਾਵੇਗੀ : ਦਰਸ਼ਨ ਸਿੰਘ ਚੀਮਾ



ਅਮਲੋਹ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੱਤਰਕਾਰ ਭਾਈਚਾਰੇ ਦੀ ਇਕ ਅਹਿਮ ਮੀਟਿੰਗ ਗੋਲਡ ਸਵੀਟਸ ਅਮਲੋਹ ਵਿਖੇ ਸ੍ਰੀ ਜਸਵੰਤ ਸਿੰਘ ਬਾਠ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਪੰਜਾਬ ਅਤੇ ਚੰਡੀਗੜ੍ਹ ਜਨਰਲਿਸਟ ਯੂਨੀਅਨ ਦੇ ਸੂਬਾਈ ਸੀਨੀਅਰ ਮੀਤ ਪ੍ਰਧਾਨ ਭੂਸ਼ਨ ਸੂਦ, ਸੀਨੀਅਰ ਪੱਤਰਕਾਰ ਹਰਪ੍ਰੀਤ ਸਿੰਘ ਗਿੱਲ, ਜਗਦੀਪ ਸਿੰਘ ਮਾਨਗੜ੍ਹ, ਰਵਿੰਦਰ ਕੌਰ ,ਬ੍ਰਿਜ ਭੂਸ਼ਨ ਗਰਗ, ਜੋਗਿੰਦਰਪਾਲ ਫੈਜੂਲਾਪੁਰੀਆ, ਕੇਵਲ ਸਿੰਘ, ਗੁਰਚਰਨ ਸਿੰਘ ਜੰਜੂਆਂ, ਰਾਮ ਸਰਨ ਸੂਦ, ਅਜੇ ਕੁਮਾਰ, ਸਵਰਨਜੀਤ ਸਿੰਘ ਸੇਠੀ, ਨਾਹਰ ਸਿੰਘ ਰੰਗੀਲਾ,ਜਗਮੀਤ ਸਿੰਘ, ਜਗਦੇਵ ਸਿੰਘ, ਗੁਰਪ੍ਰੀਤ ਸਿੰਘ, ਮਨਦੀਪ ਕੁਮਾਰ ਪੁਰੀ, ਡਾ. ਅਨਿਲ ਕੁਮਾਰ ਲੁਟਾਵਾ, ਹਿਤੇਸ਼ ਸਰਮਾ, ਸ਼ਾਸਤਰੀ ਗੁਰੂ ਦੱਤ ਸਰਮਾ ਆਦਿ ਨੇ ਸਿਰਕਤ ਕੀਤੀ। ਮੀਟਿੰਗ ਵਿਚ ਸ੍ਰੀ ਜਗਦੀਪ ਸਿੰਘ ਮਾਨਗੜ੍ਹ ਦੀ ਮਾਤਾ ਸੁਰਜੀਤ ਕੌਰ ਅਤੇ ਜਸਵੰਤ ਸਿੰਘ ਬਾਠ ਦੇ ਸਹੁੱਰੇ ਦਸੌਂਧ ਸਿੰਘ ਦੀ ਮੌਤ ‘ਤੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ 2 ਮਿੰਟ ਲਈ ਮੋਨ ਧਾਰ ਕੇ ਸਰਧਾਂਜਲੀ ਦਿਤੀ ਗਈ। ਸ੍ਰੀ ਸੂਦ ਨੇ ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟ ਯੂਨੀਅਨ ਰਜਿ. ਦੇ 31 ਅਕਤੂਬਰ ਨੂੰ ਡਾ. ਬੀ.ਆਰ. ਅੰਬੇਦਕਰ ਭਵਨ ਮੁੱਲਾਪੁਰ-ਦਾਖਾ ਵਿਚ ਹੋ ਰਹੇ 13ਵੇਂ ਸੂਬਾਈ ਸਥਾਪਨਾ ਦਿਵਸ ਸਮਾਗਮ ਵਿਚ ਪੱਤਰਕਾਰ ਭਾਈਚਾਰ ਨੂੰ ਸਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਕੌਂਸਲ ਪ੍ਰਧਾਨ ਹਰਿੰਦਰ ਕੌਰ ਚੀਮਾ ਵਲੋਂ ਸ਼ਹਿਰ ਵਿਚ ਚਲਾਏ ਜਾ ਰਹੇ ਸਫ਼ਾਈ ਅਭਿਆਨ ਦੀ ਸਲਾਘਾ ਕੀਤੀ ਗਈ ਅਤੇ ਸਮਾਜ ਸੇਵੀ ਜਸਵੰਤ ਸਿੰਘ ਗੋਲਡ ਨੂੰ ਪੰਜਾਬ ਦੇ ਗਵਰਨਰ ਵਲੋਂ ਮਿਲੇ ਸਨਮਾਨ ਲਈ ਵਧਾਈ ਦਿਤੀ। ਇਸ ਮੌਕੇ ਨਵ-ਨਿਯੁਕਤ ਕੌਂਸਲ ਪ੍ਰਧਾਨ ਹਰਿੰਦਰ ਕੌਰ ਚੀਮਾ ਦਾ ਸਨਮਾਨ ਉਨ੍ਹਾਂ ਦੇ ਸਹੁੱਰੇ ਦਰਸਨ ਸਿੰਘ ਚੀਮਾ ਨੂੰ ਦਿਤਾ ਗਿਆ। ਪੱਤਰਕਾਰਾਂ ਨਾਲ ਗਲਬਾਤ ਕਰਦਿਆ ਸ੍ਰੀਚੀਮਾ ਨੇ ਪੱਤਰਕਾਰ ਭਾਈਚਾਰੇ ਦਾ ਧੰਨਵਾਦ ਕਰਦਿਆ ਭਰੋਸਾ ਦਿਤਾ ਕਿ ਸ਼ਹਿਰ ਦੇ ਵਿਕਾਸ ਕਾਰਜਾਂ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ।

ਉਨ੍ਹਾਂ ਕਿਹਾ ਕਿ ਅਗਲੇ ਮਹੀਨੇ ਵਿਚ ਪਾਣੀ ਦੀ ਨਿਕਾਸੀ, ਪਾਰਕਾਂ ਆਦਿ ਦੇ ਕਾਰਜ ਸ਼ੁਰੂ ਕੀਤੇ ਜਾ ਰਹੇ ਹਨ ਅਤੇ 3 ਕਰੋੜ ਰੁਪਏ ਦੇ ਕਰੀਬ ਰਾਸ਼ੀ ਖਰਚ ਕਰਕੇ ਸ਼ਹਿਰ ਦੀ ਨੁਹਾਰ ਬਦਲੀ ਜਾਵੇਗੀ। ਇਸ ਮੌਕੇ ਬੁਲਾਰਿਆਂ ਨੇ ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀ ਵੀ ਵਧਾਈ ਦਿਤੀ।

2027 ਦੀਆਂ ਚੋਣਾਂ ਲਈ ਹੁਣੇ ਤੋਂ ਜਥੇਬੰਦੀ ਨੂੰ ਮਜ਼ਬੂਤ ਕਰਨ ਵਿੱਚ ਜੁੱਟਣ ਨੌਜਵਾਨ ਆਗੂ : ਖੜਿਆਲ



ਸੁਨਾਮ,31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੋਮਣੀ ਅਕਾਲੀ ਦਲ ਹਲਕਾ ਸੁਨਾਮ ਦੇ ਹਲਕਾ ਇੰਚਾਰਜ ਸ. ਵਿਨਰਜੀਤ ਸਿੰਘ ਖੜਿਆਲ ਵੱਲੋਂ ਹਲਕੇ ਦੇ ਨਵ-ਨਿਯੁਕਤ ਯੂਥ ਸਰਕਲ ਪ੍ਰਧਾਨਾਂ ਨਾਲ ਪਲੇਠੀ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਸਮੂਹ ਨਵੇਂ ਅਹੁਦੇਦਾਰਾਂ ਨੂੰ ਸਨਮਾਨਿਤ ਕਰਦਿਆਂ ਪਾਰਟੀ ਦੀ ਮਜ਼ਬੂਤੀ ਅਤੇ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਨਵ-ਨਿਯੁਕਤ ਯੂਥ ਸਰਕਲ ਪ੍ਰਧਾਨਾਂ ਵਿੱਚ ਸਰਕਲ ਸੁਨਾਮ ਸ਼ਹਿਰੀ ਤੋਂ ਸ. ਵਰਿੰਦਰ ਸਿੰਘ ਥਿੰਦ (ਸੁਨਾਮ), ਸਰਕਲ ਬੜਰੁੱਖਾਂ ਤੋਂ ਸ. ਸਤਨਾਮ ਸਿੰਘ (ਲਿੱਦੜਾਂ), ਸਰਕਲ ਉਭਾਵਾਲ ਤੋਂ ਸ. ਪ੍ਰੀਤਪਾਲ ਸਿੰਘ ਪੈਰੀ (ਉਪਲੀ), ਸਰਕਲ ਖੇੜੀ ਤੋਂ ਸ. ਜਗਰਾਜ ਸਿੰਘ (ਕੰਮੋ ਮਾਜਰਾ ਕਲਾਂ), ਸਰਕਲ ਸੰਘਰੇੜੀ ਤੋਂ ਸ. ਸੁਰਿੰਦਰ ਸਿੰਘ ਬੰਟੀ (ਗੱਗੜਪੁਰ), ਸਰਕਲ ਚੀਮਾ ਤੋਂ ਸ. ਮਨਪ੍ਰੀਤ ਸਿੰਘ ਮੰਨੀ (ਚੀਮਾ), ਸਰਕਲ ਸ਼ੇਰੋ ਤੋਂ ਸ. ਹਰਦੀਪ ਸਿੰਘ (ਨਮੋਲ), ਸਰਕਲ ਜਖੇਪਲ (ਚੌਵਾਸ) ਤੋਂ ਸ. ਹਰਦੀਪ ਸਿੰਘ ਸਿੱਧੂ (ਜਖੇਪਲ ਚੌਵਾਸ), ਸਰਕਲ ਢੱਡਰੀਆਂ ਤੋਂ ਸ. ਰਾਜਵੀਰ ਸਿੰਘ (ਦਿਆਲਗੜ੍ਹ), ਸਰਕਲ ਲੌਂਗੋਵਾਲ ਸ਼ਹਿਰੀ ਤੋਂ ਸ. ਗੁਰਨੂਰਪ੍ਰੀਤ ਸਿੰਘ (ਲੌਂਗੋਵਾਲ), ਸਰਕਲ ਲੌਂਗੋਵਾਲ ਦਿਹਾਤੀ ਤੋਂ ਸ. ਜਗਤਾਰ ਸਿੰਘ ਰੰਧਾਵਾ (ਸਤੀਪੁਰਾ) ਅਤੇ ਸਰਕਲ ਸੁਨਾਮ ਦਿਹਾਤੀ ਤੋਂ ਸ. ਮਨਦੀਪ ਸਿੰਘ (ਬਿਸ਼ਨਪੁਰਾ) ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸ. ਵਿਨਰਜੀਤ ਸਿੰਘ ਖੜਿਆਲ ਨੇ ਕਿਹਾ ਕਿ ਨਵੀਂ ਟੀਮ ਤੋਂ ਪਾਰਟੀ ਨੂੰ ਕਾਫ਼ੀ ਉਮੀਦਾਂ ਹਨ। ਉਨ੍ਹਾਂ ਕਿਹਾ ਕਿ ਸਾਰੇ ਸਰਕਲ ਪ੍ਰਧਾਨ ਆਪਣੇ-ਆਪਣੇ ਖੇਤਰਾਂ ਵਿੱਚ ਪਾਰਟੀ ਵਰਕਰਾਂ ਨੂੰ ਨਾਲ ਲੈ ਕੇ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਘਰ-ਘਰ ਪਹੁੰਚਾਉਣ ਲਈ ਪੂਰੀ ਤਨਦੇਹੀ ਅਤੇ ਲਗਨ ਨਾਲ ਕੰਮ ਕਰਨ। ਉਨ੍ਹਾਂ ਨੌਜਵਾਨ ਆਗੂਆਂ ਨੂੰ ਜਥੇਬੰਦੀ ਦੀਆਂ ਗਤੀਵਿਧੀਆਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਅਤੇ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਜ਼ਮੀਨੀ ਪੱਧਰ ’ਤੇ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ।

ਇੰਡੀਅਨ ਰੈੱਡ ਕਰਾਸ ਸੁਸਾਇਟੀ ਜ਼ਿਲ੍ਹਾ ਬਰਾਂਚ ਮਾਲੇਰਕੋਟਲਾ ਦੀ ਸਾਲਾਨਾ ਜਨਰਲ ਮੀਟਿੰਗ ਦਾ ਆਯੋਜਨ



ਮਲੇਰਕੋਟਲਾ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਇੰਡੀਅਨ ਰੈੱਡ ਕਰਾਸ ਸੁਸਾਇਟੀ ਦੀ ਜ਼ਿਲ੍ਹਾ ਬਰਾਂਚ ਮਾਲੇਰਕੋਟਲਾ ਦੀ ਸਾਲਾਨਾ ਜਨਰਲ ਮੀਟਿੰਗ ਚੇਅਰਮੈਨ-ਕਮ-ਡਿਪਟੀ ਕਮਿਸ਼ਨਰ ਵਿਰਾਜ ਐਸ.ਤਿੜਕੇ ਦੀ ਪ੍ਰਧਾਨਗੀ ਹੇਠ ਕਰਵਾਈ ਗਈ।

ਇਸ ਦੌਰਾਨ ਸੁਸਾਇਟੀ ਨੂੰ ਵਿੱਤੀ ਤੌਰ ’ਤੇ ਮਜ਼ਬੂਤ ਬਣਾਉਣ ਅਤੇ ਲੋਕ ਭਲਾਈ ਗਤੀਵਿਧੀਆਂ ਦਾ ਦਾਇਰਾ ਵਧਾਉਣ ਸਬੰਧੀ ਵੱਖ-ਵੱਖ ਅਹਿਮ ਮੁੱਦਿਆਂ ’ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਇਸ ਮੌਕੇ ਚੇਅਰਮੈਨ-ਕਮ-ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਮੂਹ ਉਦਯੋਗਪਤੀਆਂ ਅਤੇ ਵਪਾਰਕ ਅਦਾਰਿਆਂ ਨੂੰ ਸੱਦਾ ਦਿੱਤਾ ਕਿ ਉਹ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀ.ਐਸ.ਆਰ.) ਤਹਿਤ ਰੈੱਡ ਕਰਾਸ ਸੁਸਾਇਟੀ ਨੂੰ ਖੁੱਲ੍ਹੇ ਦਿਲ ਨਾਲ ਵਿੱਤੀ ਸਹਿਯੋਗ ਦੇਣ ਤਾਂ ਜੋ ਲੋੜਵੰਦ ਅਤੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੀ ਸਹਾਇਤਾ ਲਈ ਭਲਾਈ ਕਾਰਜਾਂ ਨੂੰ ਹੋਰ ਹੁਲਾਰਾ ਦਿੱਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਰੈੱਡ ਕਰਾਸ ਸੁਸਾਇਟੀ ਮਨੁੱਖਤਾ ਦੀ ਸੇਵਾ ਦਾ ਪ੍ਰਤੀਕ ਹੈ ਅਤੇ ਸਮਾਜ ਦੇ ਹਰ ਵਰਗ ਦਾ ਸਹਿਯੋਗ ਇਸ ਦੀ ਕਾਰਜਕੁਸ਼ਲਤਾ ਨੂੰ ਹੋਰ ਮਜ਼ਬੂਤ ਬਣਾ ਸਕਦਾ ਹੈ। ਉਨ੍ਹਾਂ ਉਦਯੋਗਪਤੀਆਂ ਨੂੰ ਸਮਾਜਿਕ ਜ਼ਿੰਮੇਵਾਰੀ ਨਿਭਾਉਂਦਿਆਂ ਲੋੜਵੰਦਾਂ ਦੀ ਭਲਾਈ ਲਈ ਅੱਗੇ ਆਉਣ ਦੀ ਅਪੀਲ ਕੀਤੀ।

ਮੀਟਿੰਗ ਦੌਰਾਨ ਸੁਸਾਇਟੀ ਦੇ ਸਾਲਾਨਾ ਵਿੱਤੀ ਆਡਿਟ, ਫਸਟ ਏਡ ਸਿਖਲਾਈ ਦੇ ਵਿਸਥਾਰ, ਟ੍ਰੇਨਿੰਗ ਸੁਪਰਵਾਈਜ਼ਰ ਦੀ ਨਿਯੁਕਤੀ, ਆਮਦਨ ਦੇ ਨਵੇਂ ਸਰੋਤ ਵਿਕਸਤ ਕਰਨ, ਦਫ਼ਤਰੀ ਵਾਹਨ ਅਤੇ ਡਰਾਈਵਰ ਦੀ ਵਿਵਸਥਾ ਸਮੇਤ ਹਸਪਤਾਲ ਵੈੱਲਫੇਅਰ ਸੈਕਸ਼ਨ ਦੀ ਸਥਾਪਨਾ ਅਤੇ ਚੇਅਰਪਰਸਨ ਦੀ ਨਿਯੁਕਤੀ ਸਬੰਧੀ ਤਜਵੀਜ਼ਾਂ ’ਤੇ ਸੰਖੇਪ ਵਿਚਾਰ-ਚਰਚਾ ਕੀਤੀ ਗਈ।

ਚੇਅਰਮੈਨ-ਕਮ-ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਨੂੰ ਲੋਕ ਭਲਾਈ ਦੀ ਇੱਕ ਹੋਰ ਸਰਗਰਮ ਅਤੇ ਸਮਰੱਥ ਸੰਸਥਾ ਵਜੋਂ ਵਿਕਸਤ ਕਰਨ ਲਈ ਸਾਂਝੇ ਯਤਨਾਂ ਦੀ ਲੋੜ ਹੈ।

ਉਨ੍ਹਾਂ ਕਿਹਾ ਕਿ ਸੁਸਾਇਟੀ ਦੇ ਵਸੀਲੇ ਮਜ਼ਬੂਤ ਹੋਣ ਨਾਲ ਲੋੜਵੰਦ ਪਰਿਵਾਰਾਂ ਤੱਕ ਸਹਾਇਤਾ ਪਹੁੰਚਾਉਣ ਦੇ ਉਪਰਾਲਿਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇਗਾ।

ਇਸ ਮੌਕੇ ਐਸ.ਡੀ.ਐਮ. ਮਾਲੇਰਕੋਟਲਾ ਕਨੂ ਗਰਗ, ਐਸ.ਡੀ.ਐਮ. ਅਮਰਗੜ੍ਹ/ਅਹਿਮਦਗੜ੍ਹ ਰਾਜੇਸ਼ ਸ਼ਰਮਾਂ, ਅਵਨੇਤਰੀ ਸਕੱਤਰ ਕਮ ਸਹਾਇਕ ਕਮਿਸ਼ਨਰ ਮਨਦੀਪ ਕੌਰ,ਸਕੱਤਰ ਕਮ ਸੀ.ਡੀ.ਪੀ.ਓ ਪਵਨ ਕੁਮਾਰ,ਜ਼ਿਲਾ ਸਮਾਜਿਕ ਸੁਰੱਖਿਆ ਅਫਸਰ ਡਾ. ਲਵਲੀਨ ਬੜਿੰਗ, ਡੀ.ਐਫ.ਪੀ.ਓ ਡਾ. ਸੀਮਾਂ ਜੱਸਲ, ਲੇਬਰ ਇੰਸਪੈਕਟਰ ਗੁਰਪ੍ਰੀਤ ਸਿੰਘ, ਡਿਪਟੀ ਡੀ.ਈ.ਓ. (ਐਲੀਮੈਂਟਰੀ) ਨਰੇਸ਼ ਕੁਮਾਰ, ਡਿਪਟੀ ਡੀ.ਈ.ਓ. (ਸੈਕੰਡਰੀ) ਕਮਲੇਸ਼, ਕੇ.ਐਸ ਗਰੁੱਪ ਤੋਂ ਐਮ.ਡੀ ਇੰਦਰਜੀਤ ਸਿੰਘ, ਮੈਨੇਜਰ (ਐਚ.ਐਰ) ਅਰਿਹੰਤ ਸਪੀਨਿੰਗ ਮਿੱਲਸ ਰਾਜ ਕੁਮਾਰ, ਦਸ਼ਮੇਸ਼ ਪ੍ਰਾਈਵੇਟ ਲਿਮੀਟਡ ਤੋਂ ਸਵਰਨਜੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਪਿੰਡ ਫਤਿਹਪੁਰ ਦੇ ਸਕੂਲ ਚ ਭ੍ਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਸਪਤਾਹ ਦਾ ਕੀਤਾ ਗਿਆ ਆਯੋਜਨ

ਪਟਿਆਲਾ, 31 ਅਕਤੂਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-



ਦੇਸ਼ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਉਣ ਨੂੰ ਲੈ ਕੇ ਸੀਨੀਅਰ ਕਪਤਾਨ ਪੁਲਿਸ ਬਿਜੀਲੈਂਸ ਬਿਊਰੋ ਪਟਿਆਲਾ ਰੇਂਜ ਦੇ ਨਿਰਦੇਸ਼ਾਂ ਹੇਠ ਪਿੰਡ ਫਤਿਹਪੁਰ ਦੇ ਬਾਬਾ ਬੰਦਾ ਸਿੰਘ ਬਹਾਦਰ ਸਿਨੀਅਰ ਸੈਕੰਡਰੀ ਸਕੂਲ ਵਿਖੇ ਭਰਿਸ਼ਟਾਚਾਰ ਵਿਰੋਧੀ ਜਾਗਰੂਕਤਾ ਸਪਤਾਹ ਤਹਿਤ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ ਜਿਸ ਵਿੱਚ ਵਿਜੀਲੈਂਸ ਦੀ ਇੰਸਪੈਕਟਰ ਸੰਦੀਪ ਕੌਰ ਸੈਂਡੀ ,ਪ੍ਰਧਾਨ ਪ੍ਰਦਮਨ ਸਿੰਘ ਬਿਰਕ ,ਪ੍ਰਿੰਸੀਪਲ ਸੁਨੀਤਾ ਰਾਣੀ ,ਜਸ਼ਨਦੀਪ ਕੌਰ ,ਸੁਖਵਿੰਦਰ ਸਿੰਘ ,ਸਾਮ ਸੁੰਦਰ ,ਗੁਰਦੀਪ ਸਿੰਘ, ਹਰਜਿੰਦਰ ਸਿੰਘ ਰਣਜੀਤ ਸਿੰਘ ਆਦਿ ਨੇ ਸੈਮੀਨਾਰ ਨੂੰ ਸੰਬੋਧਨ ਕਰਨ ਸਮੇਂ ਨੌਜਵਾਨ ਲੜਕੇ ਲੜਕੀਆਂ ਨੂੰ ਭ੍ਰਿਸ਼ਟਾਚਾਰ ਮੁਹਿੰਮ ਨੂੰ ਆਪੋ ਆਪਣੇ ਪਿੰਡਾਂ ਤੱਕ ਪਹੁੰਚਾਉਣ ਲਈ ਅਪੀਲ ਕੀਤੀ ਜਿੱਥੇ ਬੱਚਿਆਂ ਨੂੰ ਸੰਬੋਧਨ ਕਰਨ ਸਮੇਂ ਇੰਸਪੈਕਟਰ ਸੰਦੀਪ ਕੌਰ ਸੈਂਡੀ ਨੇ ਕਿਹਾ ਕਿ ਦੇਸ਼ ਅੰਦਰ ਭਰਿਸ਼ਟਾਚਾਰ ਨੂੰ ਜੜੋਂ ਖਤਮ ਕਰਨ ਲਈ ਨੌਜਵਾਨ ਪੀੜੀ ਦਾ ਸਹਿਯੋਗ ਸਮੇਂ ਦੀ ਭੁੱਖ ਲੋੜ ਹੈ ਕਿਉਂਕਿ ਭ੍ਰਿਸ਼ਟਾਚਾਰ ਖਤਮ ਹੋਣ ਨਾਲ ਆਮ ਲੋਕਾਂ ਨੂੰ ਸੁੱਖ ਦਾ ਸਾਹ ਮਿਲੇਗਾ ਲਿਹਾਜਾ ਬਹੁਤੇ ਲੋਕਾਂ ਨੂੰ ਆਪੋ ਆਪਣੇ ਦਫਤਰੀ ਕੰਮਾਂ ਨੂੰ ਕਰਵਾਉਣ ਲਈ ਮੋਟੀਆ ਰਿਸ਼ਵਤਾ ਦੇਣੀਆਂ ਪੈਂਦੀਆਂ ਹਨ ਜਿਸ ਤੋਂ ਉਹਨਾਂ ਨੂੰ ਮੁਕਤੀ ਮਿਲੇਗੀ ਉਹਨਾਂ ਕਿਹਾ ਕਿ ਵਿਜੀਲੈਂਸ ਬਿਊਰੋ ਵੱਲੋਂ ਇਹ ਸਪਤਾਹ ਪੂਰੇ ਜਿਲ੍ਹੇ ਅੰਦਰ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ ਤਾਂ ਜੋ ਹਰ ਵਿਅਕਤੀ ਭ੍ਰਿਸ਼ਟਾਚਾਰ ਕਰਨ ਤੋਂ ਆਪ ਰੁਕ ਸਕੇ ਅਤੇ ਦੂਜਿਆਂ ਨੂੰ ਨੂੰ ਵੀ ਰੋਕ ਸਕੇ ਉਹਨਾਂ ਨੇ ਕਿਹਾ ਕਿ ਇਹ ਸੈਮੀਨਾਰ ਵਿਜੀਲੈਂਸ ਬਿਊਰੋ ਪੰਜਾਬ ਦੀ ਅਗਵਾਈ ਹੇਠ ਐਸਐਸਪੀ ਰਾਜਪਾਲ ਸਿੰਘ ਹੁੰਦਲ ਦੇ ਨਿਰਦੇਸ਼ਾਂ ਅਨੁਸਾਰ ਕਾਲਜਾਂ ,ਸਕੂਲਾਂ ਵਿੱਚ ਕਰਵਾਏ ਜਾ ਰਹੇ ਹਨ ਤਾਂ ਜੋ ਪੰਜਾਬ ਦੇ ਲੋਕੀ ਭਰਿਸ਼ਟਾਚਾਰ ਤੋਂ ਮੁਕਤੀ ਹਾਸਿਲ ਕਰ ਸਕਣ

ਨਸ਼ਾ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਦੇ ਨੈੱਟਵਰਕ ਨਾਲ ਜੁੜੇ 8 ਕਾਬੂ; 11 ਪਿਸਤੌਲ ਅਤੇ 2.2 ਕਿਲੋ ਹੈਰੋਇਨ ਬਰਾਮਦ



ਚੰਡੀਗੜ੍ਹ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਵੱਡੀ ਸਫ਼ਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 11 ਪਿਸਤੌਲ ਅਤੇ 2.293 ਕਿਲੋ ਹੈਰੋਇਨ ਸਮੇਤ ਅੱਠ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਨਸ਼ਾ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਦੇ ਤਿੰਨ ਵੱਖ-ਵੱਖ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਕਰਨਦੀਪ ਸਿੰਘ ਉਰਫ਼ ਬੱਬੂ (24) ਵਾਸੀ ਭੱਲਾ ਕਲੋਨੀ ਅੰਮ੍ਰਿਤਸਰ; ਕਰਨ ਸਿੰਘ ਉਰਫ਼ ਵੰਸ਼ (19) ਅਤੇ ਕਰਨਦੀਪ ਸਿੰਘ ਉਰਫ਼ ਕਰਨ (20) ਦੋਵੇਂ ਵਾਸੀ ਪਿੰਡ ਨੌਸ਼ਹਿਰਾ ਢੱਲਾ, ਤਰਨਤਾਰਨ; ਅੰਗਰੇਜ਼ ਸਿੰਘ ਉਰਫ਼ ਸ਼ੰਕੀ (28) ਅਤੇ ਰਾਹੁਲ ਉਰਫ਼ ਸ਼ਾਨੀ (30) ਦੋਵੇਂ ਵਾਸੀ ਪਿੰਡ ਘਣੂਪੁਰ ਕਾਲੇ, ਅੰਮ੍ਰਿਤਸਰ; ਮਨਪ੍ਰੀਤ ਸਿੰਘ ਉਰਫ਼ ਕਰਨ (22) ਵਾਸੀ ਪਿੰਡ ਅਟਾਰੀ, ਅੰਮ੍ਰਿਤਸਰ; ਕਪਿਲ ਉਰਫ਼ ਪਾਪਲ (31) ਵਾਸੀ ਗੋਵਾਲ ਮੰਡੀ, ਅੰਮ੍ਰਿਤਸਰ ਅਤੇ ਨਿਖਿਲ ਗਿੱਲ ਉਰਫ਼ ਸੱਪ (27) ਵਾਸੀ ਸਦਰ ਬਾਜ਼ਾਰ ਕੈਂਟ, ਅੰਮ੍ਰਿਤਸਰ ਵਜੋਂ ਹੋਈ ਹੈ। ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਅੰਗਰੇਜ਼ ਸਿੰਘ, ਕਪਿਲ ਉਰਫ਼ ਪਾਪਲ ਅਤੇ ਨਿਖਿਲ ਗਿੱਲ ਦਾ ਪੁਰਾਣਾ ਅਪਰਾਧਿਕ ਪਿਛੋਕੜ ਹੈ ਅਤੇ ਇਨ੍ਹਾਂ ਵਿਰੁੱਧ ਐਨ.ਡੀ.ਪੀ.ਐਸ. ਐਕਟ ਅਤੇ ਅਸਲਾ ਐਕਟ ਤਹਿਤ ਮਾਮਲੇ ਦਰਜ ਹਨ।

ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਤਿੰਨ 9ਐਮਐਮ ਗਲੋਕ, ਦੋ .30 ਬੋਰ ਸਟਾਰ, ਇੱਕ .30 ਬੋਰ ਬੇਰੇਟਾ, ਇੱਕ .30 ਬੋਰ ਪੀਐਕਸ-5, ਤਿੰਨ .30 ਬੋਰ, ਇੱਕ ਦੇਸੀ .32 ਬੋਰ ਪਿਸਤੌਲ ਅਤੇ ਚਾਰ ਜ਼ਿੰਦਾ ਕਾਰਤੂਸ ਸ਼ਾਮਲ ਹਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਤਫਤੀਸ਼ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਵਿਦੇਸ਼ ਬੈਠੇ ਹੈਂਡਲਰਾਂ ਦੇ ਸੰਪਰਕ ਵਿੱਚ ਸਨ, ਜੋ ਅਪਰਾਧਿਕ ਅਨਸਰਾਂ ਵਿੱਚ ਅੱਗੇ ਵੰਡਣ ਲਈ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਵਿੱਚ ਮਦਦ ਕਰਦੇ ਸਨ। ਉਨ੍ਹਾਂ ਦੱਸਿਆ ਕਿ ਇਸ ਨੈੱਟਵਰਕ ਵਿੱਚ ਸ਼ਾਮਲ ਹੋਰ ਵਿਅਕਤੀਆਂ ਦੀ ਪਛਾਣ ਕਰਨ ਲਈ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

ਪਹਿਲੇ ਆਪ੍ਰੇਸ਼ਨ ਦੀ ਜਾਣਕਾਰੀ ਸਾਂਝੀ ਕਰਦਿਆਂ ਕਮਿਸ਼ਨਰ ਆਫ਼ ਪੁਲਿਸ (ਸੀਪੀ) ਅੰਮ੍ਰਿਤਸਰ ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਪੁਖ਼ਤਾ ਇਤਲਾਹ ’ਤੇ ਕਾਰਵਾਈ ਕਰਦਿਆਂ ਥਾਣਾ ਛੇਹਰਟਾ ’ਚੋਂ ਦੋ ਪਿਸਤੌਲਾਂ ਸਮੇਤ ਕਰਨਦੀਪ ਸਿੰਘ ਉਰਫ਼ ਬੱਬੂ ਨੂੰ ਗ੍ਰਿਫ਼ਤਾਰ ਕੀਤਾ ਹੈ।

ਦੂਜੇ ਆਪ੍ਰੇਸ਼ਨ ਵਿੱਚ ਉਨ੍ਹਾਂ ਦੱਸਿਆ ਕਿ ਭਰੋਸੇਯੋਗ ਇਤਲਾਹ ’ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਸੱਤ ਪਿਸਤੌਲਾਂ ਸਮੇਤ ਛੇ ਮੁਲਜ਼ਮਾਂ ਕਰਨ ਸਿੰਘ ਉਰਫ਼ ਵੰਸ਼, ਅੰਗਰੇਜ਼ ਸਿੰਘ ਉਰਫ਼ ਸ਼ੰਕੀ, ਮਨਪ੍ਰੀਤ ਸਿੰਘ ਉਰਫ਼ ਕਰਨ, ਰਾਹੁਲ ਉਰਫ਼ ਸ਼ਾਨੀ, ਕਪਿਲ ਉਰਫ਼ ਪਾਪਲ ਅਤੇ ਨਿਖਿਲ ਗਿੱਲ ਉਰਫ਼ ਸਾਪ ਨੂੰ ਗ੍ਰਿਫ਼ਤਾਰ ਕੀਤਾ ਹੈ।

ਇੱਕ ਹੋਰ ਆਪ੍ਰੇਸ਼ਨ ਵਿੱਚ ਸੀਪੀ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਕਿਸੇ ਹੋਰ ਸੁਰਾਗ ’ਤੇ ਕਾਰਵਾਈ ਕਰਦਿਆਂ ਥਾਣਾ ਛੇਹਰਟਾ ਦੇ ਖੇਤਰ ’ਚੋਂ ਦੋ ਪਿਸਤੌਲਾਂ ਅਤੇ 2.293 ਕਿਲੋ ਹੈਰੋਇਨ ਸਮੇਤ ਕਰਨਦੀਪ ਸਿੰਘ ਉਰਫ਼ ਕਰਨ ਨੂੰ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

ਇਸ ਸਬੰਧੀ ਤਿੰਨ ਵੱਖ-ਵੱਖ ਮਾਮਲੇ ਦਰਜ ਕੀਤੇ ਗਏ ਹਨ, ਪਹਿਲਾਂ ਕੇਸ ਥਾਣਾ ਛੇਹਰਟਾ ਵਿਖੇ ਅਸਲਾ ਐਕਟ ਦੀ ਧਾਰਾ 25 ਤਹਿਤ ਐਫ.ਆਈ.ਆਰ. ਨੰ. 251 ਮਿਤੀ 17.10.2026; ਦੂਜਾ ਕੇਸ ਥਾਣਾ ਏ-ਡਿਵੀਜ਼ਨ ਵਿਖੇ ਅਸਲਾ ਐਕਟ ਦੀ ਧਾਰਾ 25(6), 25(7) ਅਤੇ 25(8) ਤਹਿਤ ਐਫ.ਆਈ.ਆਰ. ਨੰ. 155 ਮਿਤੀ 24.10.2026 ਅਤੇ ਥਾਣਾ ਛੇਹਰਟਾ ਵਿਖੇ ਅਸਲਾ ਐਕਟ ਦੀ ਧਾਰਾ 25(6), 25(7), 25(8) ਅਤੇ ਐਨ.ਡੀ.ਪੀ.ਐਸ. ਐਕਟ ਦੀ ਧਾਰਾ 21-ਸੀ ਤਹਿਤ ਐਫ.ਆਈ.ਆਰ. ਨੰ. 268 ਮਿਤੀ 28.10.2026 ਨੂੰ ਦਰਜ ਕੀਤੇ ਗਏ ਹਨ।

ਕਰਵਾਚੌਥ ਮੌਕੇ ਸਮਾਜ ਸੇਵਿਕਾ ਪਰਮਜੀਤ ਕੌਰ ਬਾਜਵਾ ਨੇ ਸੁਹਾਗਣਾਂ ਨੂੰ ਵੰਡੇ ਸੂਟ

ਨਾਭਾ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸਮਾਜ ਸੇਵਿਕਾ ਪਰਮਜੀਤ ਕੌਰ ਬਾਜਵਾ ਵੱਲੋਂ ਕਰਵਾਚੌਥ ਦੇ ਪਵਿੱਤਰ ਤਿਉਹਾਰ ਮੌਕੇ ਵੱਖ-ਵੱਖ ਥਾਵਾਂ ’ਤੇ ਸੁਹਾਗਣਾਂ ਨੂੰ ਤਿਉਹਾਰ ਦੀਆਂ ਵਧਾਈਆਂ ਦੇਣ ਦੇ ਨਾਲ-ਨਾਲ ਸੂਟ ਵੀ ਵੰਡੇ ਗਏ।

ਉਨ੍ਹਾਂ ਨੇ ਬੌੜਾ ਗੇਟ ਵਿਖੇ ਮਹਿਲਾਵਾਂ ਨਾਲ ਖੁਸ਼ੀਆਂ ਸਾਂਝੀਆਂ ਕੀਤੀਆਂ ਅਤੇ ਸੁਹਾਗਣਾਂ ਦੀ ਲੰਬੀ ਉਮਰ ਦੀ ਕਾਮਨਾ ਕੀਤੀ।

ਇਸ ਉਪਰੰਤ ਉਨ੍ਹਾਂ ਵੱਲੋਂ ਪਿੰਡ ਥੂਹੀ ਵਿਖੇ ਵੀ ਸੁਹਾਗਣਾਂ ਨੂੰ ਸੂਟ ਵੰਡੇ ਗਏ।

ਇਸ ਮੌਕੇ ਬੀਬੀ ਬਾਜਵਾ ਨੇ ਕਿਹਾ ਕਿ ਸਾਡੇ ਰੀਤੀ-ਰਿਵਾਜ ਅਤੇ ਤਿਉਹਾਰ ਆਪਸੀ ਪਿਆਰ ਅਤੇ ਭਾਈਚਾਰਕ ਸਾਂਝ ਨੂੰ ਵਧਾਉਂਦੇ ਹਨ।




ਹਰਿਆਣਾ ਖ਼ਬਰਨਾਮਾ





ਸਰਦਾਰ ਪਟੇਲ ਨੇ ਦੇਸ਼ ਨੂੰ ਇੱਕ ਧਾਗੇ ਵਿੱਚ ਪਰੋਇਆ, ਹੁਣ 2047 ਤੱਕ ਭਾਰਤ ਨੂੰ ਵਿਕਸਿਤ ਰਾਸ਼ਟਰ ਬਣਾਉਣਾ ਸਾਡੀ ਜ਼ਿੰਮੇਵਾਰੀ: ਮੁੱਖ ਮੰਤਰੀ ਨਾਇਬ ਸਿੰਘ ਸੈਣੀ

ਚੰਡੀਗੜ੍ਹ 31 ਅਕਤੂਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਰਦਾਰ ਵੱਲਭਭਾਈ ਪਟੇਲ ਨੇ ਦੇਸ਼ ਦੀਆਂ ਸੈਂਕੜੇ ਰਿਆਸਤਾਂ ਨੂੰ ਇੱਕ ਧਾਗੇ ਵਿੱਚ ਪਰੋ ਕੇ ਅਖੰਡ ਭਾਰਤ ਦੇ ਨਿਰਮਾਣ ਵਿੱਚ ਇਤਿਹਾਸਕ ਭੂਮਿਕਾ ਨਿਭਾਈ ਸੀ। ਉਨ੍ਹਾਂ ਨੇ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਜੋ ਸੰਕਲਪ ਲਿਆ ਸੀ, ਉਹ ਅੱਜ ਵੀ ਸਾਡੇ ਸਾਰਿਆਂ ਲਈ ਪ੍ਰੇਰਨਾ ਸਰੋਤ ਹੈ। ਸਰਦਾਰ ਪਟੇਲ ਨੇ ਭਾਰਤ ਨੂੰ ਜੋੜਿਆ ਸੀ ਅਤੇ ਹੁਣ ਸਾਡੀ ਜ਼ਿੰਮੇਵਾਰੀ ਹੈ ਕਿ ਸਾਲ 2047 ਤੱਕ ਭਾਰਤ ਨੂੰ ਵਿਕਸਿਤ ਰਾਸ਼ਟਰ ਬਣਾਉਣ ਦੇ ਸੰਕਲਪ ਨੂੰ ਸਾਕਾਰ ਕਰੀਏ।

ਮੁੱਖ ਮੰਤਰੀ ਸ਼ਨੀਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ ਕੰਪਲੈਕਸ ਵਿੱਚ ਸਰਦਾਰ ਵੱਲਭਭਾਈ ਪਟੇਲ ਦੀ ਜਯੰਤੀ ਦੇ ਮੌਕੇ 'ਤੇ ਆਯੋਜਿਤ ਰਾਸ਼ਟਰੀ ਏਕਤਾ ਦਿਵਸ ਸਹੁੰ ਚੁੱਕ ਸਮਾਗਮ ਵਿੱਚ ਬੋਲ ਰਹੇ ਸਨ। ਉਨ੍ਹਾਂ ਨੇ ਸਰਦਾਰ ਪਟੇਲ ਨੂੰ ਫੁੱਲ ਅਰਪਿਤ ਕਰਕੇ ਨਮਨ ਕੀਤਾ ਅਤੇ ਸੂਬਾ ਵਾਸੀਆਂ ਨੂੰ ਉਨ੍ਹਾਂ ਦੀ ਜਯੰਤੀ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਹਾਜ਼ਰ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਰਾਸ਼ਟਰੀ ਏਕਤਾ ਦੀ ਸਹੁੰ ਚੁਕਾਈ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਾਲ 1947 ਵਿੱਚ ਦੇਸ਼ ਆਜ਼ਾਦ ਤਾਂ ਹੋਇਆ, ਪਰ ਉਸ ਸਮੇਂ ਭਾਰਤ ਸੈਂਕੜੇ ਰਿਆਸਤਾਂ ਵਿੱਚ ਵੰਡਿਆ ਹੋਇਆ ਸੀ। ਵੱਖ-ਵੱਖ ਰਿਆਸਤਾਂ ਦੇ ਆਪਣੇ ਝੰਡੇ ਅਤੇ ਵਿਵਸਥਾਵਾਂ ਸਨ। ਦੁਨੀਆ ਵਿੱਚ ਚਰਚਾ ਸੀ ਕਿ ਭਾਰਤ ਇੱਕਜੁੱਟ ਨਹੀਂ ਰਹਿ ਸਕੇਗਾ, ਪਰ ਸਰਦਾਰ ਵੱਲਭਭਾਈ ਪਟੇਲ ਨੇ ਆਪਣੇ ਦ੍ਰਿੜ ਸੰਕਲਪ ਅਤੇ ਦੂਰਅੰਦੇਸ਼ੀ ਨਾਲ ਰਿਆਸਤਾਂ ਦਾ ਭਾਰਤ ਵਿੱਚ ਵਿਲਯ ਕਰਵਾ ਕੇ ਦੇਸ਼ ਨੂੰ ਏਕਤਾ ਦੇ ਸੂਤਰ ਵਿੱਚ ਬੰਨ੍ਹਿਆ। ਜੂਨਾਗੜ੍ਹ ਅਤੇ ਹੈਦਰਾਬਾਦ ਵਰਗੀਆਂ ਰਿਆਸਤਾਂ ਦੇ ਮਾਮਲੇ ਵਿੱਚ ਵੀ ਉਨ੍ਹਾਂ ਨੇ ਸਪੱਸ਼ਟ ਕਰ ਦਿੱਤਾ ਸੀ ਕਿ ਭਾਰਤ ਦੀ ਏਕਤਾ ਨਾਲ ਕੋਈ ਸਮਝੌਤਾ ਨਹੀਂ ਹੋਵੇਗਾ। ਉਨ੍ਹਾਂ ਕਿਹਾ ਕਿ ਸਰਦਾਰ ਪਟੇਲ ਦਾ ਖ਼ਿਤਾਬ ਉਨ੍ਹਾਂ ਨੂੰ ਅੰਗਰੇਜ਼ਾਂ ਨੇ ਨਹੀਂ ਦਿੱਤਾ ਸੀ। ਸਰਦਾਰ ਪਟੇਲ ਨੂੰ ਕਿਸਾਨਾਂ ਨੇ ਉਨ੍ਹਾਂ ਦੇ ਹੱਕਾਂ ਲਈ ਸੰਘਰਸ਼ ਕਰਨ 'ਤੇ 'ਸਰਦਾਰ' ਦਾ ਖ਼ਿਤਾਬ ਦਿੱਤਾ ਸੀ। ਉਨ੍ਹਾਂ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਰਾਸ਼ਟਰ ਦੀ ਏਕਤਾ ਲਈ ਦ੍ਰਿੜ ਇੱਛਾ ਸ਼ਕਤੀ ਅਤੇ ਜਨਸੇਵਾ ਦੀ ਭਾਵਨਾ ਕਿੰਨੀ ਜ਼ਰੂਰੀ ਹੈ।



ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਦਾਰ ਪਟੇਲ ਨੇ ਆਲ ਇੰਡੀਆ ਸਰਵਿਸਿਜ਼ (ਅਖਿਲ ਭਾਰਤੀ ਸੇਵਾਵਾਂ) ਦੀ ਨੀਂਹ ਰੱਖੀ, ਜਿਨ੍ਹਾਂ ਨੂੰ ਦੇਸ਼ ਦਾ 'ਸਟੀਲ ਫ੍ਰੇਮ' ਕਿਹਾ ਜਾਂਦਾ ਹੈ। ਉਨ੍ਹਾਂ ਨੇ 21 ਅਪ੍ਰੈਲ, 1947 ਨੂੰ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਸੇਵਾ, ਨਿਰਪੱਖਤਾ ਅਤੇ ਇਮਾਨਦਾਰੀ ਨੂੰ ਪ੍ਰਸ਼ਾਸਨ ਦੀ ਆਤਮਾ ਦੱਸਿਆ ਸੀ। ਉਨ੍ਹਾਂ ਦਾ ਮੰਨਣਾ ਸੀ ਕਿ ਆਲ ਇੰਡੀਆ ਸਰਵਿਸਿਜ਼ ਤੋਂ ਬਿਨਾਂ ਅਖੰਡ ਭਾਰਤ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਏਕਤਾ ਕੇਵਲ ਨਕਸ਼ੇ 'ਤੇ ਖਿੱਚੀਆਂ ਲਕੀਰਾਂ ਨਾਲ ਨਹੀਂ ਬਣਦੀ, ਬਲਕਿ ਫਾਈਲਾਂ 'ਤੇ ਲਏ ਗਏ ਨਿਰਪੱਖ ਫੈਸਲਿਆਂ ਅਤੇ ਜਨਤਾ ਦੇ ਵਿਸ਼ਵਾਸ ਨਾਲ ਮਜ਼ਬੂਤ ਹੁੰਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹਰ ਨਾਗਰਿਕ ਨੂੰ ਇਹ ਮਹਿਸੂਸ ਹੋਣਾ ਚਾਹੀਦਾ ਹੈ ਕਿ ਸਰਕਾਰ ਉਸ ਦੀ ਆਪਣੀ ਸਰਕਾਰ ਹੈ। ਹਰਿਆਣਾ ਸਰਕਾਰ ਵੀ ਇਸੇ ਭਾਵਨਾ ਨਾਲ ਸੁਸ਼ਾਸਨ ਅਤੇ ਜਨਸੇਵਾ ਦੇ ਸੰਕਲਪ ਨੂੰ ਧਰਾਤਲ 'ਤੇ ਉਤਾਰ ਰਹੀ ਹੈ। ਸੂਬੇ ਵਿੱਚ ਪਿਛਲੇ ਸਮੇਂ ਵਿੱਚ ਦੋ ਲੱਖ ਤੋਂ ਵੱਧ ਨੌਜਵਾਨਾਂ ਨੂੰ ਬਿਨਾਂ ਪਰਚੀ-ਬਿਨਾਂ ਖਰਚੀ ਦੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਸਿਫ਼ਾਰਸ਼ ਦੀ ਸੰਸਕ੍ਰਿਤੀ ਨੂੰ ਖ਼ਤਮ ਕੀਤਾ ਗਿਆ ਹੈ। ਇਹੋ ਸਰਦਾਰ ਪਟੇਲ ਦੇ ਸੁਸ਼ਾਸਨ ਦੇ ਸੁਪਨੇ ਦੀ ਭਾਵਨਾ ਹੈ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਸਾਲ 2014 ਤੋਂ ਸਰਦਾਰ ਵੱਲਭਭਾਈ ਪਟੇਲ ਦੀ ਜਯੰਤੀ ਨੂੰ ਰਾਸ਼ਟਰੀ ਏਕਤਾ ਦਿਵਸ ਵਜੋਂ ਮਨਾਉਣ ਦੀ ਪਰੰਪਰਾ ਸ਼ੁਰੂ ਕੀਤੀ। ਨਾਲ ਹੀ, ਵਿਸ਼ਵ ਦੀ ਸਭ ਤੋਂ ਉੱਚੀ ਪ੍ਰਤੀਮਾ 'ਸਟੈਚੂ ਆਫ਼ ਯੂਨਿਟੀ' ਦਾ ਨਿਰਮਾਣ ਕਰਵਾ ਕੇ ਸਰਦਾਰ ਪਟੇਲ ਨੂੰ ਸ਼ਰਧਾਂਜਲੀ ਅਰਪਿਤ ਕੀਤੀ। ਅੱਜ ਇਹ ਪ੍ਰਤੀਮਾ ਪੂਰੀ ਦੁਨੀਆ ਨੂੰ ਭਾਰਤ ਦੀ ਏਕਤਾ ਅਤੇ ਅਖੰਡਤਾ ਦਾ ਸੰਦੇਸ਼ ਦੇ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਏਕਤਾ ਨੂੰ ਤੋੜਨ ਵਾਲੀਆਂ ਤਾਕਤਾਂ ਕਦੇ ਖੇਤਰਵਾਦ, ਕਦੇ ਭਾਸ਼ਾਵਾਦ ਅਤੇ ਕਦੇ ਅਫ਼ਵਾਹਾਂ ਰਾਹੀਂ ਸਮਾਜ ਨੂੰ ਵੰਡਣ ਦਾ ਯਤਨ ਕਰਦੀਆਂ ਹਨ। ਇਹਨਾਂ ਦਾ ਜਵਾਬ ਸਾਡੀ ਏਕਤਾ ਹੈ। ਸਾਡਾ ਸੰਕਲਪ 'ਹਰਿਆਣਾ ਇੱਕ-ਹਰਿਆਣਵੀ ਇੱਕ' ਦਾ ਹੈ। ਸਾਨੂੰ ਮਿਲ ਕੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਵਿਕਸਿਤ ਭਾਰਤ ਦੇ ਸੰਕਲਪ ਨੂੰ ਅੱਗੇ ਵਧਾਉਣਾ ਹੈ। ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਸੂਬਾ ਵਾਸੀਆਂ ਨੂੰ ਸੱਦਾ ਦਿੱਤਾ ਕਿ ਸਰਦਾਰ ਵੱਲਭਭਾਈ ਪਟੇਲ ਦੀ ਜਯੰਤੀ 'ਤੇ ਅਸੀਂ ਸਾਰੇ ਰਾਸ਼ਟਰ ਦੀ ਏਕਤਾ, ਅਖੰਡਤਾ ਅਤੇ ਵਿਕਾਸ ਪ੍ਰਤੀ ਆਪਣੇ ਫ਼ਰਜ਼ਾਂ ਨੂੰ ਨਿਭਾਉਣ ਦਾ ਸੰਕਲਪ ਲਈਏ। ਸਰਦਾਰ ਪਟੇਲ ਨੇ ਦੇਸ਼ ਨੂੰ ਇੱਕਜੁੱਟ ਕੀਤਾ ਸੀ ਅਤੇ ਹੁਣ ਸਾਲ 2047 ਤੱਕ ਭਾਰਤ ਨੂੰ ਵਿਕਸਿਤ ਰਾਸ਼ਟਰ ਬਣਾਉਣ ਵਿੱਚ ਹਰਿਆਣਾ ਨੂੰ ਵੀ ਮੁੱਖ ਭੂਮਿਕਾ ਨਿਭਾਉਣੀ ਹੈ।

ਇਸ ਮੌਕੇ ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਨੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦਾ ਪ੍ਰੋਗਰਾਮ ਵਿੱਚ ਸ਼ਿਰਕਤ ਕਰਨ ਲਈ ਧੰਨਵਾਦ ਪ੍ਰਗਟਾਇਆ। ਉਨ੍ਹਾਂ ਕਿਹਾ ਕਿ ਸਰਦਾਰ ਵੱਲਭਭਾਈ ਪਟੇਲ ਦੇ ਯੋਗਦਾਨ ਤੋਂ ਸਾਰੇ ਜਾਣੂ ਹਨ।

ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਵੱਲੋਂ ਡਰੱਗ ਹੌਟਸਪੌਟ ਇਲਾਕਿਆਂ ਵਿੱਚ ਵੱਡੇ ਪੱਧਰ 'ਤੇ ਵਿਸ਼ੇਸ਼ CASO ਆਪ੍ਰੇਸ਼ਨ

ਅੰਮ੍ਰਿਤਸਰ, 31 ਅਕਤੂਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪੁਲਿਸ ਕਮਿਸ਼ਨਰ ਅੰਮ੍ਰਿਤਸਰ, ਸ੍ਰੀ ਹਰਮਨਬੀਰ ਸਿੰਘ ਗਿੱਲ, ਆਈ.ਪੀ.ਐੱਸ. ਦੀਆਂ ਹਦਾਇਤਾਂ ਅਨੁਸਾਰ ਕਮਿਸ਼ਨਰੇਟ ਪੁਲਿਸ ਵੱਲੋਂ ਸ਼ਹਿਰ ਦੇ ਵੱਖ-ਵੱਖ ਡਰੱਗ ਹੌਟਸਪੌਟ ਅਤੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਵੱਡੇ ਪੱਧਰ 'ਤੇ ਵਿਸ਼ੇਸ਼ CASO (ਕੋਰਡਨ ਐਂਡ ਸਰਚ ਆਪ੍ਰੇਸ਼ਨ) ਚਲਾਇਆ ਗਿਆ। ਇਸ ਆਪ੍ਰੇਸ਼ਨ ਦੌਰਾਨ ਕਮਿਸ਼ਨਰੇਟ ਪੁਲਿਸ ਦੇ ਸਮੂਹ *05 ਡੀ.ਸੀ.ਪੀਜ਼ ਨੇ ਖੁਦ ਵੱਖ-ਵੱਖ ਹੌਟਸਪੌਟ ਇਲਾਕਿਆਂ ਵਿੱਚ ਪਹੁੰਚ ਕੇ ਸਰਚ ਆਪ੍ਰੇਸ਼ਨਾਂ ਅਤੇ ਚੈਕਿੰਗ ਦੀ ਨਿਗਰਾਨੀ ਕੀਤੀ। ਇਸ ਮੁਹਿੰਮ ਵਿੱਚ 08 ਏ.ਡੀ.ਸੀ.ਪੀਜ਼, 10 ਏ.ਸੀ.ਪੀਜ਼, ਐੱਸ.ਐੱਚ.ਓਜ਼, ਪੁਲਿਸ ਚੌਂਕੀ ਇੰਚਾਰਜਾਂ, ਵੱਖ-ਵੱਖ ਯੂਨਿਟਾਂ ਅਤੇ 430 ਭਾਰੀ ਪੁਲਿਸ ਫੋਰਸ* ਵੱਲੋਂ ਸ਼ਮੂਲੀਅਤ ਕੀਤੀ ਗਈ।

ਇਸ ਦਾ ਮੁੱਖ ਉਦੇਸ਼ ਨਸ਼ਾ ਤਸਕਰੀ ਅਤੇ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਦੇ ਨਾਲ-ਨਾਲ ਹੌਟਸਪੌਟ ਇਲਾਕਿਆਂ ਵਿੱਚ ਸੁਰੱਖਿਅਤ ਮਾਹੌਲ ਯਕੀਨੀ ਬਣਾਉਣਾ ਹੈ। ਹੌਟ-ਸਪੌਟ ਇਲਾਕਿਆਂ ਵਿੱਚ ਸੁਰੱਖਿਆ ਅਤੇ ਨਿਗਰਾਨੀ ਪ੍ਰਬੰਧ ਮਜ਼ਬੂਤ ਕਰਨ ਲਈ ਵਿਸ਼ੇਸ਼ ਉਪਰਾਲੇ ਆਪ੍ਰੇਸ਼ਨ ਦੌਰਾਨ ਪੁਲਿਸ ਵੱਲੋਂ ਨਸ਼ੀਲੇ ਪਦਾਰਥਾਂ ਦੀ ਖਪਤ ਵਾਲੇ ਸੰਭਾਵਿਤ ਸਥਾਨਾਂ ਦੀ ਪਛਾਣ ਕਰਕੇ ਉਨ੍ਹਾਂ ਵਿੱਚ ਸੁਧਾਰ ਲਿਆਉਣ ਲਈ ਲੋੜੀਂਦੇ ਕਦਮ ਚੁੱਕੇ ਗਏ।

1857 ਵਿੱਚ ਆਜ਼ਾਦੀ ਦੀ ਪਹਿਲੀ ਲੜਾਈ ਨੂੰ ਲੈ ਕੇ ਊਰਜਾ ਮੰਤਰੀ ਸ੍ਰੀ ਅਨਿਲ ਵਿਜ ਨੇ ਕੀਤੇ ਕਈ ਖੁਲਾਸੇ, ਭਾਰਤੀ ਸੈਨਿਕਾਂ ਅਤੇ ਵੀਰਾਂ ਦੀ ਕੁਰਬਾਨੀ ਦੀਆਂ ਕਈ ਅਣਸੁਣੀਆਂ ਕਹਾਣੀਆਂ ਆਈਆਂ ਸਾਹਮਣੇ

ਚੰਡੀਗੜ੍ਹ, 31 ਅਕਤੂਬਰ
-ਸੰਜੀਵ ਸ਼ਰਮਾ-

ਹਰਿਆਣਾ ਦੇ ਊਰਜਾ, ਟਰਾਂਸਪੋਰਟ ਅਤੇ ਕਿਰਤ ਮੰਤਰੀ ਸ੍ਰੀ ਅਨਿਲ ਵਿਜ ਨੇ 1857 ਦੀ ਕ੍ਰਾਂਤੀ ਅਤੇ ਆਜ਼ਾਦੀ ਦੀ ਪਹਿਲੀ ਲੜਾਈ ਨਾਲ ਜੁੜੇ ਕਈ ਮਹੱਤਵਪੂਰਨ ਅਤੇ ਇਤਿਹਾਸਕ ਤੱਥਾਂ ਦਾ ਖੁਲਾਸਾ ਕਰਦਿਆਂ ਕਿਹਾ ਕਿ ਇਸ ਕ੍ਰਾਂਤੀ ਵਿੱਚ ਭਾਰਤੀ ਸੈਨਿਕਾਂ ਅਤੇ ਆਜ਼ਾਦੀ ਲਈ ਲੜਨ ਵਾਲੇ ਵੀਰਾਂ ਨੇ ਅਦੁੱਤੀ ਹੌਸਲੇ ਅਤੇ ਬਹਾਦਰੀ ਦਾ ਪ੍ਰਦਰਸ਼ਨ ਕਰਦਿਆਂ ਆਪਣੇ ਪ੍ਰਾਣਾਂ ਦੀ ਆਹੂਤੀ ਦਿੱਤੀ ਸੀ। ਉਨ੍ਹਾਂ ਦੱਸਿਆ ਕਿ ਅੰਬਾਲਾ ਛਾਉਣੀ ਵਿੱਚ ਸਤੰਬਰ, 1857 ਦੌਰਾਨ 5ਵੀਂ ਅਤੇ 60ਵੀਂ ਨੇਟਿਵ ਇਨਫੈਂਟਰੀ ਦੇ ਸੈਨਿਕਾਂ ਨਾਲ ਕੀਤੀ ਗਈ ਕਾਰਵਾਈ ਵਿੱਚ ਪਰੇਡ ਗਰਾਊਂਡ 'ਤੇ ਮਹਿਜ਼ 10 ਮਿੰਟਾਂ ਦੇ ਅੰਦਰ 135 ਭਾਰਤੀ ਸੈਨਿਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਸੀ। ਇਸ ਤੋਂ ਇਲਾਵਾ, ਅੰਗਰੇਜ਼ਾਂ ਨੇ 1857 ਦੀ ਕ੍ਰਾਂਤੀ ਦੌਰਾਨ 74 ਫੌਜੀ ਕੰਪਨੀਆਂ ਨੂੰ ਭੰਗ (ਡਿਸਬੈਂਡ) ਕਰ ਦਿੱਤਾ ਸੀ। ਸ੍ਰੀ ਵਿਜ ਨੇ ਕਿਹਾ ਕਿ 'ਆਜ਼ਾਦੀ ਦੀ ਪਹਿਲੀ ਲੜਾਈ ਸ਼ਹੀਦ ਸਮਾਰਕ-1857' ਦੇ ਨਿਰਮਾਣ ਨਾਲ ਜੁੜੀ ਖੋਜ ਦੌਰਾਨ ਕਈ ਸਰਕਾਰੀ ਦਸਤਾਵੇਜ਼ ਸਾਹਮਣੇ ਆਏ ਹਨ, ਜਿਨ੍ਹਾਂ ਵਿੱਚ ਭਾਰਤੀ ਸੈਨਿਕਾਂ ਅਤੇ ਕ੍ਰਾਂਤੀਕਾਰੀਆਂ ਦੀਆਂ ਅਦੁੱਤੀ ਕੁਰਬਾਨੀਆਂ ਅਤੇ ਸੰਘਰਸ਼ ਦੀਆਂ ਅਜਿਹੀਆਂ ਅਣਸੁਣੀਆਂ ਕਹਾਣੀਆਂ ਦਰਜ ਹਨ, ਜਿਨ੍ਹਾਂ ਨੂੰ ਹੁਣ ਤੱਕ ਇਤਿਹਾਸ ਦੇ ਪੰਨਿਆਂ ਵਿੱਚ ਉਚਿਤ ਸਥਾਨ ਨਹੀਂ ਮਿਲ ਸਕਿਆ ਸੀ।ਊਰਜਾ ਮੰਤਰੀ ਨੇ ਕਿਹਾ ਕਿ ਅੰਬਾਲਾ ਵਿੱਚ ਬਣਨ ਵਾਲਾ 'ਆਜ਼ਾਦੀ ਦੀ ਪਹਿਲੀ ਲੜਾਈ ਦੇ ਸ਼ਹੀਦ ਸਮਾਰਕ-1857' ਦੇਸ਼ ਦੇ ਉਨ੍ਹਾਂ ਗੁਮਨਾਮ ਕ੍ਰਾਂਤੀਕਾਰੀਆਂ ਅਤੇ ਸ਼ਹੀਦਾਂ ਨੂੰ ਸਮਰਪਿਤ ਹੈ, ਜਿਨ੍ਹਾਂ ਨੇ ਭਾਰਤ ਦੀ ਆਜ਼ਾਦੀ ਲਈ ਆਪਣਾ ਸਭ ਕੁਝ ਕੁਰਬਾਨ ਕਰ ਦਿੱਤਾ। ਉਨ੍ਹਾਂ ਭਾਵੁਕ ਸ਼ਬਦਾਂ ਵਿੱਚ ਕਿਹਾ ਕਿ ਆਜ਼ਾਦੀ ਦੀ ਲੜਾਈ ਵਿੱਚ ਜਿਸ ਨੇ ਵੀ ਇੱਕ ਕਦਮ ਅੱਗੇ ਵਧਾਇਆ, ਮੈਂ ਉਸ ਦੇ ਚਰਨ ਸਪਰਸ਼ ਕਰਦਾ ਹਾਂ। ਉਨ੍ਹਾਂ ਕਿਹਾ ਕਿ ਸਮਾਰਕ ਰਾਹੀਂ ਅਜਿਹੇ ਸਾਰੇ ਵੀਰਾਂ ਦੀਆਂ ਕੁਰਬਾਨੀਆਂ ਨੂੰ ਸਨਮਾਨ ਮਿਲੇਗਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇਸ਼ ਦੀ ਆਜ਼ਾਦੀ ਦੇ ਅਸਲ ਇਤਿਹਾਸ ਅਤੇ ਆਜ਼ਾਦੀ ਘੁਲਾਟੀਆਂ ਦੇ ਸੰਘਰਸ਼ ਤੋਂ ਜਾਣੂ ਹੋ ਸਕਣਗੀਆਂ।

ਸ੍ਰੀ ਵਿਜ ਨੇ ਦੱਸਿਆ ਕਿ ਆਉਣ ਵਾਲੀ 5 ਨਵੰਬਰ ਨੂੰ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਅੰਬਾਲਾ ਵਿੱਚ 'ਆਜ਼ਾਦੀ ਦੀ ਪਹਿਲੀ ਲੜਾਈ ਦੇ ਸ਼ਹੀਦ ਸਮਾਰਕ-1857' ਦਾ ਉਦਘਾਟਨ ਕਰਨਗੇ। ਇਸ ਮੌਕੇ ਉਨ੍ਹਾਂ ਦੇ ਆਗਮਨ 'ਤੇ ਅੰਬਾਲਾ ਛਾਉਣੀ ਦੇ ਗਾਂਧੀ ਗਰਾਊਂਡ ਵਿੱਚ ਇੱਕ ਵਿਸ਼ਾਲ ਜਨਸਭਾ ਦਾ ਆਯੋਜਨ ਵੀ ਕੀਤਾ ਜਾਵੇਗਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਹੋਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਹਰਿਆਣਾ ਸਰਕਾਰ ਨੇ ਸੂਬੇ ਦੇ ਵਿੱਦਿਅਕ ਅਦਾਰਿਆਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਸਰਕਾਰੀ ਖਰਚੇ 'ਤੇ ਸ਼ਹੀਦ ਸਮਾਰਕ ਦਾ ਦੌਰਾ ਕਰਵਾਉਣ ਦਾ ਫੈਸਲਾ ਕੀਤਾ ਹੈ, ਤਾਂ ਜੋ ਨੌਜਵਾਨ ਪੀੜ੍ਹੀ 1857 ਦੀ ਕ੍ਰਾਂਤੀ ਦੇ ਸ਼ਾਨਦਾਰ ਇਤਿਹਾਸ, ਬਹਾਦਰ ਸੈਨਿਕਾਂ ਦੀਆਂ ਕੁਰਬਾਨੀਆਂ ਅਤੇ ਦੇਸ਼ ਦੀ ਆਜ਼ਾਦੀ ਲਈ ਕੀਤੇ ਗਏ ਸੰਘਰਸ਼ ਨੂੰ ਨੇੜਿਓਂ ਜਾਣ ਸਕੇ।

ਉਨ੍ਹਾਂ ਕਿਹਾ ਕਿ 'ਆਜ਼ਾਦੀ ਦੀ ਪਹਿਲੀ ਲੜਾਈ ਦੇ ਸ਼ਹੀਦ ਸਮਾਰਕ-1857' ਇਤਿਹਾਸਕ ਸਮਾਰਕ ਸਬੰਧੀ ਕੁਝ ਮਹੱਤਵਪੂਰਨ ਤੱਥ ਸਾਂਝੇ ਕਰਨੇ ਜ਼ਰੂਰੀ ਹਨ। ਖਾਸ ਤੌਰ 'ਤੇ ਦੋ ਸਵਾਲਾਂ ਦੇ ਜਵਾਬ ਜਾਣਨਾ ਜ਼ਰੂਰੀ ਹੈ ਕਿ ਇਹ ਸਮਾਰਕ ਅੰਬਾਲਾ ਛਾਉਣੀ ਵਿੱਚ ਹੀ ਕਿਉਂ ਬਣਾਇਆ ਗਿਆ ਹੈ ਅਤੇ 1857 ਦੀ ਕ੍ਰਾਂਤੀ ਨੂੰ ਆਜ਼ਾਦੀ ਦੀ ਪਹਿਲੀ ਲੜਾਈ ਕਿਉਂ ਕਿਹਾ ਜਾਂਦਾ ਹੈ। ਸ੍ਰੀ ਵਿਜ ਨੇ ਕਿਹਾ ਕਿ ਅੰਬਾਲਾ ਛਾਉਣੀ ਵਿੱਚ ਸ਼ਹੀਦ ਸਮਾਰਕ ਬਣਾਉਣ ਦਾ ਮੁੱਖ ਆਧਾਰ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਇਤਿਹਾਸ ਵਿਭਾਗ ਦੇ ਸਾਬਕਾ ਮੁਖੀ ਡਾ. ਕੇ. ਸੀ. ਯਾਦਵ ਵੱਲੋਂ ਆਪਣੀ ਖੋਜ ਅਤੇ ਪੁਸਤਕ ਵਿੱਚ ਪੇਸ਼ ਕੀਤੇ ਗਏ ਤੱਥ ਹਨ। ਉਨ੍ਹਾਂ ਦੀ ਖੋਜ ਅਨੁਸਾਰ, 1857 ਦੀ ਕ੍ਰਾਂਤੀ, ਜਿਸ ਨੂੰ ਅੰਗਰੇਜ਼ਾਂ ਨੇ 'ਮਿਊਟਿਨੀ' ਯਾਨੀ ਸੈਨਿਕ ਬਗਾਵਤ ਕਿਹਾ ਸੀ, ਮੇਰਠ ਤੋਂ ਲਗਭਗ ਨੌਂ ਘੰਟੇ ਪਹਿਲਾਂ ਅੰਬਾਲਾ ਛਾਉਣੀ ਵਿੱਚ ਸ਼ੁਰੂ ਹੋ ਗਈ ਸੀ। ਉਨ੍ਹਾਂ ਕਿਹਾ ਕਿ ਇਸ ਵਿਸ਼ੇ 'ਤੇ ਉਨ੍ਹਾਂ ਨੇ ਖੁਦ ਵੀ ਡੂੰਘਾਈ ਨਾਲ ਖੋਜ ਕੀਤੀ ਹੈ ਅਤੇ ਕਈ ਮਹੱਤਵਪੂਰਨ ਦਸਤਾਵੇਜ਼ ਇਕੱਠੇ ਕੀਤੇ ਹਨ। ਉਨ੍ਹਾਂ ਅਨੁਸਾਰ, 10 ਮਈ, 1857 ਨੂੰ ਅੰਬਾਲਾ ਛਾਉਣੀ ਦੀ 5ਵੀਂ ਅਤੇ 60ਵੀਂ ਨੇਟਿਵ ਇਨਫੈਂਟਰੀ ਦੇ ਸੈਨਿਕ ਮੇਰਠ ਤੋਂ ਲਗਭਗ ਨੌਂ ਘੰਟੇ ਪਹਿਲਾਂ ਸਵੇਰੇ ਹਥਿਆਰ ਲੈ ਕੇ ਆਪਣੀਆਂ ਬੈਰਕਾਂ ਤੋਂ ਬਾਹਰ ਆ ਗਏ ਸਨ। ਇਹ ਤੱਥ ਇਸ ਗੱਲ ਵੱਲ ਸੰਕੇਤ ਕਰਦੇ ਹਨ ਕਿ 1857 ਦੇ ਵਿਦਰੋਹ ਦੇ ਇਤਿਹਾਸ ਵਿੱਚ ਅੰਬਾਲਾ ਛਾਉਣੀ ਦੀ ਭੂਮਿਕਾ ਬਹੁਤ ਮਹੱਤਵਪੂਰਨ ਰਹੀ ਹੈ।

ਊਰਜਾ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਨੂੰ ਰਾਸ਼ਟਰੀ ਅਭਿਲੇਖਾਗਾਰ ਤੋਂ ਇੱਕ ਮਹੱਤਵਪੂਰਨ ਇਤਿਹਾਸਕ ਦਸਤਾਵੇਜ਼ ਮਿਲਿਆ ਹੈ, ਜਿਸ ਦੀ ਕਾਪੀ ਵੀ ਉਪਲਬਧ ਕਰਵਾਈ ਜਾਵੇਗੀ। ਇਸ ਦਸਤਾਵੇਜ਼ ਅਨੁਸਾਰ, ਸਤੰਬਰ 1857 ਦੌਰਾਨ ਅੰਬਾਲਾ ਛਾਉਣੀ ਵਿੱਚ 5ਵੀਂ ਅਤੇ 60ਵੀਂ ਨੇਟਿਵ ਇਨਫੈਂਟਰੀ ਦੇ ਸੈਨਿਕਾਂ ਨੂੰ ਪਰੇਡ ਗਰਾਊਂਡ ਵਿੱਚ ਬੁਲਾਇਆ ਗਿਆ ਸੀ। ਇਸੇ ਦੌਰਾਨ ਕਥਿਤ ਤੌਰ 'ਤੇ ਕਿਸੇ ਸੈਨਿਕ ਨੇ 'ਫਲਾਈ' ਯਾਨੀ ਭੱਜਣ ਦਾ ਨਾਅਰਾ ਲਗਾਇਆ, ਜਿਸ ਤੋਂ ਬਾਅਦ ਯੂਰਪੀ ਸੈਨਿਕਾਂ ਨੇ ਉਨ੍ਹਾਂ 'ਤੇ ਗੋਲੀਆਂ ਚਲਾ ਦਿੱਤੀਆਂ। ਸ੍ਰੀ ਵਿਜ ਨੇ ਦਾਅਵਾ ਕੀਤਾ ਕਿ ਇਸ ਘਟਨਾ ਵਿੱਚ ਮਹਿਜ਼ 10 ਮਿੰਟਾਂ ਦੇ ਅੰਦਰ 135 ਸੈਨਿਕ ਮਾਰੇ ਗਏ, 33 ਨੂੰ ਬੰਦੀ ਬਣਾ ਲਿਆ ਗਿਆ ਅਤੇ ਲਗਭਗ 40 ਸੈਨਿਕ ਭੱਜਣ ਵਿੱਚ ਕਾਮਯਾਬ ਰਹੇ। ਉਨ੍ਹਾਂ ਕਿਹਾ ਕਿ ਦਸਤਾਵੇਜ਼ ਵਿੱਚ ਦਰਜ ਇਸ ਘਟਨਾ ਦਾ ਵੇਰਵਾ ਅੱਜ ਤੱਕ ਵਿਆਪਕ ਤੌਰ 'ਤੇ ਲੋਕਾਂ ਦੇ ਸਾਹਮਣੇ ਨਹੀਂ ਆਇਆ। ਉਨ੍ਹਾਂ ਅਨੁਸਾਰ, ਇਹ ਘਟਨਾ 1857 ਦੇ ਆਜ਼ਾਦੀ ਸੰਗਰਾਮ ਦੇ ਇਤਿਹਾਸ ਦਾ ਇੱਕ ਮਹੱਤਵਪੂਰਨ ਅਤੇ ਅਣਗੌਲਿਆ ਅਧਿਆਇ ਹੈ। ਉਨ੍ਹਾਂ ਦੱਸਿਆ ਕਿ ਇੰਨੀ ਵੱਡੀ ਘਟਨਾ ਅੱਜ ਤੱਕ ਦੁਨੀਆ ਦੇ ਸਾਹਮਣੇ ਨਹੀਂ ਆਈ।

ਸ੍ਰੀ ਵਿਜ ਨੇ ਕਿਹਾ ਕਿ 1857 ਦੀ ਕ੍ਰਾਂਤੀ ਨੂੰ ਆਜ਼ਾਦੀ ਦੀ ਪਹਿਲੀ ਲੜਾਈ ਕਹਿਣ ਦਾ ਇੱਕ ਮਹੱਤਵਪੂਰਨ ਆਧਾਰ ਇਹ ਵੀ ਹੈ ਕਿ ਇਸ ਤੋਂ ਬਾਅਦ ਅੰਗਰੇਜ਼ਾਂ ਨੇ ਆਪਣੀ ਬੰਗਾਲ ਆਰਮੀ ਦੀਆਂ ਜ਼ਿਆਦਾਤਰ ਭਾਰਤੀ ਰੈਜੀਮੈਂਟਾਂ ਨੂੰ ਭੰਗ ਕਰ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿੱਚ ਵੀ ਇਤਿਹਾਸਕ ਦਸਤਾਵੇਜ਼ ਉਪਲਬਧ ਹਨ। ਉਨ੍ਹਾਂ ਅੰਗਰੇਜ਼ੀ ਦਸਤਾਵੇਜ਼ ਦਾ ਹਵਾਲਾ ਦਿੰਦਿਆਂ ਕਿਹਾ ਕਿ 1857 ਦੇ ਵਿਦਰੋਹ ਤੋਂ ਬਾਅਦ ਬੰਗਾਲ ਆਰਮੀ ਦੀਆਂ 74 ਨਿਯਮਤ ਨੇਟਿਵ ਇਨਫੈਂਟਰੀ ਰੈਜੀਮੈਂਟਾਂ ਵਿੱਚੋਂ 54 ਨੂੰ ਭੰਗ ਕਰ ਦਿੱਤਾ ਗਿਆ ਸੀ। ਵਿਜ ਅਨੁਸਾਰ, 15 ਰੈਜੀਮੈਂਟਾਂ ਨੂੰ ਹਥਿਆਰਾਂ ਤੋਂ ਵਾਂਝਾ ਕਰ ਦਿੱਤਾ ਗਿਆ ਅਤੇ ਇਨ੍ਹਾਂ ਰੈਜੀਮੈਂਟਾਂ ਵਿੱਚੋਂ ਸਿਰਫ਼ ਤਿੰਨ ਨੂੰ ਵਫ਼ਾਦਾਰ ਮੰਨਿਆ ਗਿਆ, ਜਦਕਿ ਸਾਰੀਆਂ 10 ਰੈਗੂਲਰ ਲਾਈਟ ਕੈਵਲਰੀ ਰੈਜੀਮੈਂਟਾਂ ਨੂੰ ਭੰਗ ਕਰ ਦਿੱਤਾ ਗਿਆ ਸੀ। ਇਸ ਦਾ ਮਤਲਬ ਸੀ ਕਿ ਇਨ੍ਹਾਂ ਰੈਜੀਮੈਂਟਾਂ ਨੇ ਅੰਗਰੇਜ਼ਾਂ ਵਿਰੁੱਧ ਹਥਿਆਰ ਚੁੱਕ ਲਏ ਸਨ, ਜਦਕਿ ਵੱਡੀ ਗਿਣਤੀ ਵਿੱਚ ਭਾਰਤੀ ਸੈਨਿਕਾਂ ਨੇ ਅੰਗਰੇਜ਼ਾਂ ਵਿਰੁੱਧ ਵਿਦਰੋਹ ਕੀਤਾ ਸੀ।

ਉਨ੍ਹਾਂ ਕਿਹਾ ਕਿ ਅੰਬਾਲਾ ਛਾਉਣੀ ਵਿੱਚ ਤਾਇਨਾਤ 5ਵੀਂ ਅਤੇ 60ਵੀਂ ਨੇਟਿਵ ਇਨਫੈਂਟਰੀ ਅਤੇ ਚੌਥੀ ਕੈਵਲਰੀ ਨੂੰ ਵੀ ਬਾਅਦ ਵਿੱਚ ਭੰਗ ਕਰ ਦਿੱਤਾ ਗਿਆ ਸੀ। ਵਿਜ ਨੇ ਦਾਅਵਾ ਕੀਤਾ ਕਿ ਸਬੰਧਤ ਸਰਕਾਰੀ ਦਸਤਾਵੇਜ਼ਾਂ ਵਿੱਚ ਇਨ੍ਹਾਂ ਫੌਜੀ ਇਕਾਈਆਂ ਦੇ ਅੱਗੇ 'ਮਿਊਟਿਨਸ' ਯਾਨੀ ਵਿਦਰੋਹੀ ਹੋਣ ਦਾ ਜ਼ਿਕਰ ਮਿਲਦਾ ਹੈ। ਉਨ੍ਹਾਂ 1923-24 ਦੇ ਸਰਕਾਰੀ ਗਜ਼ਟੀਅਰ ਦਾ ਵੀ ਹਵਾਲਾ ਦਿੱਤਾ ਅਤੇ ਕਿਹਾ ਕਿ ਇਨ੍ਹਾਂ ਦਸਤਾਵੇਜ਼ਾਂ ਤੋਂ ਅੰਬਾਲਾ ਛਾਉਣੀ ਵਿੱਚ ਹੋਏ ਵਿਦਰੋਹ ਦੀ ਇਤਿਹਾਸਕ ਭੂਮਿਕਾ ਨੂੰ ਸਮਝਣ ਵਿੱਚ ਮਦਦ ਮਿਲਦੀ ਹੈ।

ਸ੍ਰੀ ਵਿਜ ਨੇ ਦੱਸਿਆ ਕਿ ਲਗਭਗ 22 ਏਕੜ ਵਿੱਚ ਫੈਲਿਆ ਇਹ ਸਮਾਰਕ ਏਸ਼ੀਆ ਦਾ ਸਭ ਤੋਂ ਵੱਡਾ ਸ਼ਹੀਦ ਸਮਾਰਕ ਹੈ ਅਤੇ 1857 ਦੀ ਕ੍ਰਾਂਤੀ ਨੂੰ ਸਮਰਪਿਤ ਦੇਸ਼ ਦਾ ਪਹਿਲਾ ਸਮਾਰਕ ਹੈ। ਉਨ੍ਹਾਂ ਕਿਹਾ ਕਿ ਸਮਾਰਕ ਦੇ ਅੰਦਰ ਅੰਬਾਲਾ ਛਾਉਣੀ ਤੋਂ ਸ਼ੁਰੂ ਹੋ ਕੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਲੜੀਆਂ ਗਈਆਂ ਲੜਾਈਆਂ ਦੇ ਪ੍ਰਮੁੱਖ ਘਟਨਾਕ੍ਰਮਾਂ ਨੂੰ ਮੁੜ ਸਿਰਜ ਕੇ ਪ੍ਰਦਰਸ਼ਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਸੰਘਰਸ਼ ਨੂੰ ਨਵੀਂ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਲਈ ਆਧੁਨਿਕ ਤਕਨੀਕ ਅਤੇ ਵੱਖ-ਵੱਖ ਦ੍ਰਿਸ਼ ਮਾਧਿਅਮਾਂ ਦੀ ਵਰਤੋਂ ਕੀਤੀ ਗਈ ਹੈ। ਸਮਾਰਕ ਵਿੱਚ ਕੁੱਲ 22 ਗੈਲਰੀਆਂ ਬਣਾਈਆਂ ਗਈਆਂ ਹਨ, ਜਿਨ੍ਹਾਂ ਵਿੱਚ 1857 ਦੀ ਕ੍ਰਾਂਤੀ, ਕ੍ਰਾਂਤੀਕਾਰੀਆਂ ਦੇ ਸੰਘਰਸ਼ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਨਾਲ ਜੁੜੇ ਵੱਖ-ਵੱਖ ਪਹਿਲੂਆਂ ਨੂੰ ਪ੍ਰਦਰਸ਼ਿਤ ਕੀਤਾ ਜਾਵੇਗਾ।

ਊਰਜਾ ਮੰਤਰੀ ਨੇ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇੱਕ ਵੱਡੀ ਵਿਡੰਬਨਾ ਇਹ ਰਹੀ ਹੈ ਕਿ ਆਜ਼ਾਦੀ ਸੰਗਰਾਮ ਦੇ ਕਈ ਕ੍ਰਾਂਤੀਕਾਰੀਆਂ ਅਤੇ ਸ਼ਹੀਦਾਂ ਨੂੰ ਉਹ ਪਛਾਣ ਨਹੀਂ ਮਿਲੀ, ਜਿਸ ਦੇ ਉਹ ਹੱਕਦਾਰ ਸਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਬਚਪਨ ਵਿੱਚ ਵੀ ਮੁੱਖ ਤੌਰ 'ਤੇ ਇਹੀ ਪੜ੍ਹਿਆ ਸੀ ਕਿ



ਆਜ਼ਾਦੀ ਦੀ ਲੜਾਈ ਕਾਂਗਰਸ ਨੇ ਲੜੀ, ਜਦਕਿ ਕਾਂਗਰਸ ਦੀ ਸਥਾਪਨਾ 1885 ਵਿੱਚ ਹੋਈ ਸੀ ਅਤੇ ਏ. ਓ. ਹਿਊਮ ਨੇ ਇਸ ਜਥੇਬੰਦੀ ਦਾ ਗਠਨ ਕੀਤਾ ਸੀ ਅਤੇ ਉਸ ਤੋਂ 28 ਸਾਲ ਪਹਿਲਾਂ 1857 ਵਿੱਚ ਦੇਸ਼ ਪੱਧਰ 'ਤੇ ਹਥਿਆਰਬੰਦ ਵਿਦਰੋਹ ਹੋਇਆ ਸੀ। ਸ੍ਰੀ ਵਿਜ ਨੇ ਕਿਹਾ ਕਿ 1857 ਦੀ ਕ੍ਰਾਂਤੀ ਵਿੱਚ ਅੰਗਰੇਜ਼ਾਂ ਵਿਰੁੱਧ ਹਥਿਆਰ ਚੁੱਕਣ ਵਾਲੇ ਕਈ ਵੀਰਾਂ ਨੂੰ ਫਾਂਸੀ ਦਿੱਤੀ ਗਈ ਅਤੇ ਕਈ ਕ੍ਰਾਂਤੀਕਾਰੀਆਂ ਨੂੰ ਦਰੱਖਤਾਂ ਨਾਲ ਬੰਨ੍ਹ ਕੇ ਗੋਲੀਆਂ ਮਾਰੀਆਂ ਗਈਆਂ। ਅੰਬਾਲਾ ਵਿੱਚ ਵੀ ਕਾਲੀ ਪਲਟਨ ਦੇ ਨੇੜੇ ਇੱਕ ਅਜਿਹੇ ਸਥਾਨ ਦਾ ਜ਼ਿਕਰ ਮਿਲਦਾ ਹੈ, ਜਿੱਥੇ ਕ੍ਰਾਂਤੀਕਾਰੀਆਂ ਨੂੰ ਦਰੱਖਤਾਂ ਨਾਲ ਬੰਨ੍ਹ ਕੇ ਗੋਲੀ ਮਾਰਨ ਦੀ ਘਟਨਾ ਨਾਲ ਸਬੰਧਤ ਜਾਣਕਾਰੀ ਸਾਹਮਣੇ ਆਉਂਦੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵੀਰਾਂ ਦੀਆਂ ਕੁਰਬਾਨੀਆਂ ਨੂੰ ਲੰਬੇ ਸਮੇਂ ਤੱਕ ਉਹ ਸਨਮਾਨ ਨਹੀਂ ਮਿਲਿਆ, ਜਿਸ ਦੇ ਉਹ ਹੱਕਦਾਰ ਸਨ। ਇਸੇ ਕਮੀ ਨੂੰ ਦੂਰ ਕਰਨ ਲਈ ਸਮਾਰਕ ਵਿੱਚ ਇੱਕ ਵਿਸ਼ੇਸ਼ ਗੈਲਰੀ ਬਣਾਈ ਗਈ ਹੈ, ਜੋ ਉਨ੍ਹਾਂ 'ਅਨਸੰਗ ਹੀਰੋਜ਼' ਯਾਨੀ ਗੁਮਨਾਮ ਨਾਇਕਾਂ ਨੂੰ ਸਮਰਪਿਤ ਹੋਵੇਗੀ, ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੇ ਪ੍ਰਾਣ ਨਿਛਾਵਰ ਕਰ ਦਿੱਤੇ।ਉਨ੍ਹਾਂ ਦੱਸਿਆ ਕਿ ਇਨ੍ਹਾਂ ਗੈਲਰੀਆਂ ਰਾਹੀਂ ਅੰਬਾਲਾ ਛਾਉਣੀ, ਥਾਨੇਸਰ, ਰੋਹਤਕ, ਰੇਵਾੜੀ, ਮੇਰਠ, ਦਿੱਲੀ, ਝਾਂਸੀ ਅਤੇ ਦੇਸ਼ ਭਰ ਦੇ ਹੋਰ ਸਥਾਨਾਂ 'ਤੇ ਹੋਈ 1857 ਦੀ ਕ੍ਰਾਂਤੀ ਨੂੰ ਦਰਸਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਹਰਿਆਣਾ ਦੇ ਰਾਓ ਤੁਲਾ ਰਾਮ ਨੇ ਕ੍ਰਾਂਤੀ ਵਿੱਚ ਹਿੱਸਾ ਲਿਆ। ਇਸੇ ਤਰ੍ਹਾਂ ਝਾਂਸੀ ਦੀ ਰਾਣੀ ਨੇ ਆਜ਼ਾਦੀ ਦੀ ਪਹਿਲੀ ਲੜਾਈ ਲੜੀ ਅਤੇ ਤਾਤਿਆ ਟੋਪੇ ਨੇ ਆਜ਼ਾਦੀ ਲਈ ਸੰਘਰਸ਼ ਕੀਤਾ। ਇਹ ਰਾਸ਼ਟਰੀ ਪੱਧਰ ਦਾ ਸਮਾਰਕ ਅੰਬਾਲਾ ਛਾਉਣੀ ਵਿੱਚ ਬਣਾਇਆ ਗਿਆ ਹੈ।ਸ੍ਰੀ ਵਿਜ ਨੇ ਦੱਸਿਆ ਕਿ ਦੇਸ਼ ਦੇ ਪ੍ਰਮੁੱਖ ਇਤਿਹਾਸਕਾਰਾਂ ਦੀ ਇੱਕ ਕਮੇਟੀ ਗਠਿਤ ਕੀਤੀ ਗਈ ਸੀ ਅਤੇ ਉਨ੍ਹਾਂ ਦੇ ਸਹਿਯੋਗ ਨਾਲ ਵਿਆਪਕ ਖੋਜ ਕੀਤੀ ਗਈ। ਇਸ ਪ੍ਰਕਿਰਿਆ ਵਿੱਚ ਲਗਭਗ 700 ਸ਼ਹੀਦਾਂ ਦੇ ਨਾਮ ਇਕੱਠੇ ਕੀਤੇ ਗਏ ਹਨ, ਜਿਨ੍ਹਾਂ ਨੂੰ ਸਮਾਰਕ ਵਿੱਚ ਸੁਨਹਿਰੀ ਅੱਖਰਾਂ ਵਿੱਚ ਉੱਕਰਿਆ ਜਾਵੇਗਾ। ਹਰੇਕ ਕ੍ਰਾਂਤੀਕਾਰੀ ਦਾ ਨਾਮ, ਪਿਤਾ ਦਾ ਨਾਮ ਅਤੇ ਪਿੰਡ ਦਾ ਨਾਮ ਵੀ ਦਰਜ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਮਾਰਕ ਦੇ ਉਦਘਾਟਨ ਤੋਂ ਬਾਅਦ ਜੇਕਰ ਖੋਜ ਜਾਂ ਸਮਾਜਿਕ ਪੱਧਰ 'ਤੇ ਸਬੂਤਾਂ ਦੇ ਆਧਾਰ 'ਤੇ ਹੋਰ ਸ਼ਹੀਦਾਂ ਦੇ ਨਾਮ ਸਾਹਮਣੇ ਆਉਂਦੇ ਹਨ, ਤਾਂ ਉਨ੍ਹਾਂ ਨੂੰ ਵੀ ਇਸ ਵਿੱਚ ਸ਼ਾਮਲ ਕੀਤਾ ਜਾਵੇਗਾ।

ਸ੍ਰੀ ਵਿਜ ਨੇ ਦੱਸਿਆ ਕਿ ਸਮਾਰਕ ਵਿੱਚ ਗੁਮਨਾਮ ਕ੍ਰਾਂਤੀਕਾਰੀਆਂ ਨੂੰ ਸ਼ਰਧਾਂਜਲੀ ਦੇਣ ਲਈ ਇੱਕ ਵਿਸ਼ੇਸ਼ ਗੈਲਰੀ ਬਣਾਈ ਗਈ ਹੈ। ਇਸ ਵਿੱਚ ਇੱਕ ਸਮੇਂ ਲਗਭਗ 40 ਲੋਕ ਇਕੱਠੇ ਖੜ੍ਹੇ ਹੋ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇ ਸਕਣਗੇ। ਉਨ੍ਹਾਂ ਕਿਹਾ ਕਿ ਸ਼ਰਧਾਂਜਲੀ ਦੇਣ ਦੀ ਇਸ ਪ੍ਰਕਿਰਿਆ ਨੂੰ ਵਿਸ਼ੇਸ਼ ਤਕਨੀਕ ਨਾਲ ਜੋੜਿਆ ਗਿਆ ਹੈ, ਜਿਸ ਦੇ ਤਹਿਤ ਸ਼ਰਧਾਂਜਲੀ ਭੇਟ ਕਰਨ 'ਤੇ ਇੱਕ ਜੋਤ ਪ੍ਰਜਵਲਿਤ ਹੋਵੇਗੀ, ਜੋ ਆਕਾਸ਼ ਵੱਲ ਉੱਠਦੀ ਦਿਖਾਈ ਦੇਵੇਗੀ। ਇਸ ਦੇ ਨਾਲ ਹੀ ਸ਼ਰਧਾਂਜਲੀ ਦੇਣ ਵਾਲੇ ਵਿਅਕਤੀ ਦਾ ਨਾਮ ਵੀ ਰਿਕਾਰਡ ਵਿੱਚ ਦਰਜ ਕੀਤਾ ਜਾਵੇਗਾ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਇਹ ਜਾਣ ਸਕਣ ਕਿ ਉਨ੍ਹਾਂ ਦੇ ਪੁਰਖਿਆਂ ਯਾਨੀ ਦਾਦਾ-ਨਾਨਾ ਆਦਿ ਨੇ ਵੀ ਇਨ੍ਹਾਂ ਗੁਮਨਾਮ ਸ਼ਹੀਦਾਂ ਨੂੰ ਸਨਮਾਨ ਅਤੇ ਸ਼ਰਧਾਂਜਲੀ ਭੇਟ ਕੀਤੀ ਸੀ। ਊਰਜਾ ਮੰਤਰੀ ਨੇ ਕਿਹਾ ਕਿ ਇਹ ਸਮਾਰਕ ਉਨ੍ਹਾਂ ਇਤਿਹਾਸਕ ਗਲਤੀਆਂ ਨੂੰ ਸੁਧਾਰਨ ਦਾ ਯਤਨ ਹੈ, ਜਿਨ੍ਹਾਂ ਕਾਰਨ ਦੇਸ਼ ਦੇ ਕਈ ਕੁਰਬਾਨੀ ਕਰਨ ਵਾਲਿਆਂ ਨੂੰ ਉਚਿਤ ਸਨਮਾਨ ਨਹੀਂ ਮਿਲ ਸਕਿਆ। ਉਨ੍ਹਾਂ ਕਿਹਾ ਕਿ 1857 ਦੀ ਕ੍ਰਾਂਤੀ ਦੇ ਇਨ੍ਹਾਂ ਅਣਸੁਣੇ ਨਾਇਕਾਂ ਨੂੰ ਇਤਿਹਾਸ ਵਿੱਚ ਉਨ੍ਹਾਂ ਦਾ ਉਚਿਤ ਸਥਾਨ ਦਿਵਾਉਣਾ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਹੀ ਇਸ ਸ਼ਹੀਦ ਸਮਾਰਕ ਦਾ ਮੁੱਖ ਉਦੇਸ਼ ਹੈ।ਮੰਤਰੀ ਅਨਿਲ ਵਿਜ ਨੇ ਕਿਹਾ ਕਿ 1857 ਦੀ ਕ੍ਰਾਂਤੀ ਦੇ ਇਤਿਹਾਸ ਨੂੰ ਸਮਝਣ ਲਈ ਇਹ ਜਾਣਨਾ ਬਹੁਤ ਜ਼ਰੂਰੀ ਹੈ ਕਿ 10 ਮਈ ਨੂੰ ਐਤਵਾਰ ਸੀ। ਉਸ ਸਮੇਂ ਅੰਗਰੇਜ਼ ਅਧਿਕਾਰੀ ਐਤਵਾਰ ਨੂੰ ਚਰਚ ਜਾਇਆ ਕਰਦੇ ਸਨ। ਕ੍ਰਾਂਤੀਕਾਰੀਆਂ ਨੇ ਇਸੇ ਸਥਿਤੀ ਦਾ ਲਾਭ ਉਠਾ ਕੇ ਅੰਗਰੇਜ਼ਾਂ ਵਿਰੁੱਧ ਨਿਰਣਾਇਕ ਕਾਰਵਾਈ ਦੀ ਯੋਜਨਾ ਬਣਾਈ ਸੀ। ਇਸ ਤੋਂ ਪਹਿਲਾਂ, 26 ਮਾਰਚ ਤੋਂ ਹੀ ਉਨ੍ਹਾਂ ਸਰਕਾਰੀ ਬੰਗਲਿਆਂ ਅਤੇ ਕੋਠੀਆਂ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਸ਼ੁਰੂ ਹੋ ਗਈਆਂ ਸਨ, ਜਿਨ੍ਹਾਂ ਨੂੰ ਕ੍ਰਾਂਤੀਕਾਰੀ ਆਪਣੀ ਯੋਜਨਾ ਵਿੱਚ ਰੁਕਾਵਟ ਮੰਨਦੇ ਸਨ। ਉਨ੍ਹਾਂ ਕਿਹਾ ਕਿ ਅੰਬਾਲਾ ਛਾਉਣੀ ਵਿੱਚ ਅੱਗ ਲਗਾਈਆਂ ਗਈਆਂ ਕੋਠੀਆਂ ਦਾ ਪੂਰਾ ਵੇਰਵਾ, ਤਰੀਕਾਂ ਅਤੇ ਪਤਿਆਂ ਸਮੇਤ, ਸਰਕਾਰੀ ਰਿਕਾਰਡ ਅਤੇ ਗਜ਼ਟ ਵਿੱਚ ਦਰਜ ਹੈ ਅਤੇ ਇਸ ਦੇ ਦਸਤਾਵੇਜ਼ ਵੀ ਉਪਲਬਧ ਹਨ।

ਸ੍ਰੀ ਵਿਜ ਨੇ ਕਿਹਾ ਕਿ ਸ਼ਹੀਦ ਸਮਾਰਕ ਵਿੱਚ 63 ਮੀਟਰ ਉੱਚਾ ਕਮਲ ਦਾ ਫੁੱਲ ਬਣਾਇਆ ਗਿਆ ਹੈ, ਜਿਸ ਵਿੱਚ ਦੋ ਹਾਈ-ਸਪੀਡ ਲਿਫਟਾਂ ਲਗਾਈਆਂ ਗਈਆਂ ਹਨ। ਇੱਥੇ ਸਕਾਈ ਕੈਫੇ, ਫੂਡ ਕੋਰਟ ਅਤੇ ਸਾਫਟਵੇਅਰ ਨਾਲ ਸਬੰਧਤ ਦੁਕਾਨਾਂ ਖੋਲ੍ਹਣ ਦੀ ਵੀ ਯੋਜਨਾ ਹੈ। ਸਮਾਰਕ ਕੰਪਲੈਕਸ ਵਿੱਚ ਹੈਲੀਪੈਡ ਵੀ ਬਣਾਇਆ ਗਿਆ ਹੈ, ਤਾਂ ਜੋ ਵਿਦੇਸ਼ਾਂ ਤੋਂ ਆਉਣ ਵਾਲੇ ਵਿਸ਼ੇਸ਼ ਮਹਿਮਾਨਾਂ ਅਤੇ ਵੀ.ਵੀ.ਆਈ.ਪੀਜ਼ ਨੂੰ ਇੱਥੇ ਲਿਆਂਦਾ ਜਾ ਸਕੇ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਵਿਦੇਸ਼ੀ ਮਹਿਮਾਨਾਂ ਨੂੰ ਦੇਸ਼ ਦੇ ਹੋਰ ਇਤਿਹਾਸਕ ਸਥਾਨਾਂ ਦਾ ਦੌਰਾ ਕਰਵਾਇਆ ਜਾਂਦਾ ਹੈ, ਉਸੇ ਤਰ੍ਹਾਂ ਅੰਬਾਲਾ ਦੇ ਇਸ ਸ਼ਹੀਦ ਸਮਾਰਕ ਨੂੰ ਵੀ ਦਿਖਾਇਆ ਜਾ ਸਕੇਗਾ।

ਕਮਲ ਦੇ ਫੁੱਲ ਨੂੰ ਲੈ ਕੇ ਉਠਾਏ ਜਾਣ ਵਾਲੇ ਸਵਾਲਾਂ 'ਤੇ ਸ੍ਰੀ ਵਿਜ ਨੇ ਕਿਹਾ ਕਿ 1857 ਦੀ ਕ੍ਰਾਂਤੀ ਵਿੱਚ ਕਮਲ ਦਾ ਫੁੱਲ ਅਤੇ ਰੋਟੀ ਦੋਵੇਂ ਮਹੱਤਵਪੂਰਨ ਸੰਦੇਸ਼ਵਾਹਕ ਸਨ। ਕ੍ਰਾਂਤੀਕਾਰੀ ਇੱਕ ਫੌਜੀ ਟੁਕੜੀ ਤੋਂ ਦੂਜੀ ਟੁਕੜੀ ਤੱਕ ਕਮਲ ਦਾ ਫੁੱਲ ਅਤੇ ਰੋਟੀ ਭੇਜ ਕੇ ਆਪਸੀ ਸੰਪਰਕ ਸਥਾਪਤ ਕਰਦੇ ਸਨ। ਜਿਸ ਟੁਕੜੀ ਤੱਕ ਇਹ ਪ੍ਰਤੀਕ ਪਹੁੰਚਦੇ ਸਨ, ਉਸ ਨੂੰ ਕ੍ਰਾਂਤੀ ਵਿੱਚ ਸ਼ਾਮਲ ਹੋਣ ਦੀ ਸਹਿਮਤੀ ਵਜੋਂ ਦੇਖਿਆ ਜਾਂਦਾ ਸੀ। ਉਨ੍ਹਾਂ ਕਿਹਾ ਕਿ ਇਹ ਪੂਰੀ ਪ੍ਰਕਿਰਿਆ ਬਹੁਤ ਹੀ ਗੁਪਤ ਤਰੀਕੇ ਨਾਲ ਚਲਾਈ ਜਾਂਦੀ ਸੀ, ਤਾਂ ਜੋ ਅੰਗਰੇਜ਼ਾਂ ਨੂੰ ਕ੍ਰਾਂਤੀਕਾਰੀਆਂ ਦੀਆਂ ਯੋਜਨਾਵਾਂ ਦੀ ਭਿਣਕ ਤੱਕ ਨਾ ਲੱਗੇ।

ਸ੍ਰੀ ਵਿਜ ਨੇ ਕਿਹਾ ਕਿ ਇੱਕ ਵਾਰ ਕਿਸੇ ਵਿਅਕਤੀ ਨੇ ਸਵਾਲ ਉਠਾਇਆ ਸੀ ਕਿ ਉਨ੍ਹਾਂ ਨੇ ਸ਼ਹੀਦ ਸਮਾਰਕ ਵਿੱਚ ਕਮਲ ਦਾ ਫੁੱਲ ਕਿਉਂ ਬਣਵਾਇਆ, ਜਦਕਿ ਇਹ ਉਨ੍ਹਾਂ ਦੀ ਪਾਰਟੀ ਦਾ ਚੋਣ ਨਿਸ਼ਾਨ ਵੀ ਹੈ। ਇਸ 'ਤੇ ਉਨ੍ਹਾਂ ਜਵਾਬ ਦਿੱਤਾ ਸੀ ਕਿ ਪਹਿਲਾਂ ਇਤਿਹਾਸ ਪੜ੍ਹਨਾ ਚਾਹੀਦਾ ਹੈ। ਇਤਿਹਾਸ ਵਿੱਚ ਕਮਲ ਦੇ ਫੁੱਲ ਅਤੇ ਰੋਟੀ ਰਾਹੀਂ ਕ੍ਰਾਂਤੀਕਾਰੀਆਂ ਵਿਚਕਾਰ ਸੰਦੇਸ਼ ਪਹੁੰਚਾਉਣ ਦਾ ਜ਼ਿਕਰ ਮਿਲਦਾ ਹੈ। ਇਸ ਲਈ ਸਮਾਰਕ ਵਿੱਚ ਕਮਲ ਦੇ ਫੁੱਲ ਦਾ ਨਿਰਮਾਣ ਸਿਰਫ਼ ਇੱਕ ਪ੍ਰਤੀਕਾਤਮਕ ਢਾਂਚਾ ਨਹੀਂ, ਸਗੋਂ 1857 ਦੀ ਕ੍ਰਾਂਤੀ ਨਾਲ ਜੁੜੀ ਇਤਿਹਾਸਕ ਪਰੰਪਰਾ ਨੂੰ ਦਰਸਾਉਣ ਦਾ ਯਤਨ ਹੈ।

ਊਰਜਾ ਮੰਤਰੀ ਸ੍ਰੀ ਅਨਿਲ ਵਿਜ ਨੇ ਦੱਸਿਆ ਕਿ ਹਰਿਆਣਾ ਸਰਕਾਰ ਨੇ ਸੂਬੇ ਦੇ ਸਾਰੇ ਵਿਦਿਆਰਥੀਆਂ ਨੂੰ ਸ਼ਹੀਦ ਸਮਾਰਕ ਦਾ ਦੌਰਾ ਕਰਵਾਉਣ ਦਾ ਫੈਸਲਾ ਕੀਤਾ ਹੈ ਅਤੇ ਇਸ ਸਬੰਧ ਵਿੱਚ ਹੁਕਮ ਵੀ ਜਾਰੀ ਕੀਤੇ ਜਾ ਚੁੱਕੇ ਹਨ। ਇਸ ਦੇ ਤਹਿਤ ਕਾਲਜਾਂ, ਪੌਲੀਟੈਕਨਿਕ ਸੰਸਥਾਵਾਂ, ਇੰਜੀਨੀਅਰਿੰਗ ਕਾਲਜਾਂ ਅਤੇ ਮੈਡੀਕਲ ਕਾਲਜਾਂ ਸਮੇਤ ਹੋਰ ਵਿੱਦਿਅਕ ਅਦਾਰਿਆਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਨੂੰ ਸਰਕਾਰੀ ਖਰਚੇ 'ਤੇ ਸਮਾਰਕ ਦਿਖਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਰੋਜ਼ਾਨਾ ਲਗਭਗ 50 ਬੱਸਾਂ ਇੱਥੇ ਲਿਆਉਣ ਦੀ ਯੋਜਨਾ ਹੈ। ਇਸ ਤੋਂ ਇਲਾਵਾ, ਸਕੂਲਾਂ ਦੇ ਬੱਚਿਆਂ ਨੂੰ ਵੀ ਸਮਾਰਕ ਦਾ ਦੌਰਾ ਕਰਵਾਇਆ ਜਾਵੇਗਾ, ਤਾਂ ਜੋ ਨਵੀਂ ਪੀੜ੍ਹੀ ਦੇਸ਼ ਦੇ ਆਜ਼ਾਦੀ ਸੰਗਰਾਮ ਦੇ ਇਤਿਹਾਸ ਨੂੰ ਸਹੀ ਢੰਗ ਨਾਲ ਸਮਝ ਸਕੇ।

ਸ੍ਰੀ ਵਿਜ ਨੇ ਕਿਹਾ ਕਿ ਸ਼ਹੀਦ ਸਮਾਰਕ ਦਾ ਨਿਰਮਾਣ ਉਨ੍ਹਾਂ ਸਾਰੇ ਆਜ਼ਾਦੀ ਘੁਲਾਟੀਆਂ ਅਤੇ ਕ੍ਰਾਂਤੀਕਾਰੀਆਂ ਨੂੰ ਸ਼ਰਧਾਂਜਲੀ ਦੇਣ ਦੇ ਉਦੇਸ਼ ਨਾਲ ਕੀਤਾ ਗਿਆ ਹੈ, ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣਾ ਯੋਗਦਾਨ ਪਾਇਆ। ਉਨ੍ਹਾਂ ਕਿਹਾ, ਆਜ਼ਾਦੀ ਦੀ ਲੜਾਈ ਵਿੱਚ ਜਿਸ ਨੇ ਵੀ ਇੱਕ ਕਦਮ ਅੱਗੇ ਵਧਾਇਆ, ਮੈਂ ਉਸ ਦੇ ਚਰਨ ਸਪਰਸ਼ ਕਰਦਾ ਹਾਂ। ਸਾਡਾ ਉਦੇਸ਼ ਉਨ੍ਹਾਂ ਸਾਰੇ ਵੀਰਾਂ ਨੂੰ ਸਨਮਾਨ ਦੇਣਾ ਹੈ, ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਕੀਤਾ ਅਤੇ ਜਿਨ੍ਹਾਂ ਦੇ ਯੋਗਦਾਨ ਨੂੰ ਉਚਿਤ ਪਛਾਣ ਨਹੀਂ ਮਿਲ ਸਕੀ।

ਉਨ੍ਹਾਂ ਕਿਹਾ ਕਿ 1857 ਦੀ ਕ੍ਰਾਂਤੀ ਵਿੱਚ ਸੈਨਿਕਾਂ ਨੇ ਆਪਣੇ ਪ੍ਰਾਣਾਂ ਅਤੇ ਖ਼ੂਨ ਦੀ ਕੁਰਬਾਨੀ ਦੇ ਕੇ ਆਜ਼ਾਦੀ ਦੀ ਜੋ ਲਾਟ ਜਗਾਈ ਸੀ, ਉਹੀ ਅੱਗੇ ਚੱਲ ਕੇ ਦੇਸ਼ ਦੀ ਆਜ਼ਾਦੀ ਦੀ ਲਹਿਰ ਲਈ ਪ੍ਰੇਰਨਾ ਬਣੀ।



